ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

https://youtu.be/LQwolgxDu7I

awazeqaumtvpunjab@gmail.com

ਮੰਗਲਵਾਰ, 17 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨ ਅੱਸੂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਸਿੱਖ ਫੈਡਰੇਸ਼ਨ ਯੂ. ਕੇ. ਦੀ

# 40ਵੀਂ ਵਰ੍ਹੇਗੰਢ ਤੇ ਲਏ ਗਏ ਅਹਿਮ ਫੈਸਲੇ

**ਸਿੱਖ ਕੌਮ ਦੇ ਮਹਾਨ ਸ਼ਹੀਦਾਂ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਅਤੇ ਉਨ੍ਹਾਂ ਦੇ ਸਾਥੀ ਸ਼ਹੀਦ ਭਾਈ ਅਮਰੀਕ ਸਿੰਘ ਜੀ,ਸ਼ਹੀਦ ਜਰਨਲ ਸੁਬੇਗ ਸਿੰਘ ਜੀ,ਬਾਬਾ ਠਾਰਾ ਸਿੰਘ ਜੀ ਸਮੇਤ ਗੁਰਧਾਮਾਂ ਦੀ ਰਾਖੀ ਕਰਨ ਲਈ ਜੂਝ ਕੇ ਸ਼ਹੀਦ ਹੋਏ ਸਮੂਹ ਮਾਈ ਭਾਈ ਨੂੰ ਸ਼ਰਧਾਪੂਰਵਕ ਸ਼ਰਧਾਂਜਲੀ ਭੇਂਟ ਕੀਤੀ ਗਈ**





ਮੁਕੰਮਲ ਰਿਪੋਰਟ ਪੰਨਾ 11, 12 ਅਤੇ 13 'ਤੇ ਪੜ੍ਹੋ




## ਅਪਰਾਧੀਆਂ ਖ਼ਿਲਾਫ਼ ਵੱਡੀ ਕਾਰਵਾਈ, 6500 ਸੋਸ਼ਲ ਮੀਡੀਆ ਖਾਤੇ ਬਲੌਕ, 400 ਕਰੋੜ ਦੀ ਜਾਇਦਾਦ ਕੁਰਕ

**ਚੰਡੀਗੜ੍ਹ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ਨੇ ਨਸ਼ਾ ਤਸਕਰਾਂ, ਗੈਂਗਸਟਰਾਂ ਤੇ ਅੱਤਵਾਦੀਆਂ ਦੇ ਨੈੱਟਵਰਕ ਨੂੰ ਤੋੜਨ ਲਈ ਵੱਡੀ ਕਾਰਵਾਈ ਕੀਤੀ ਹੈ। ਪੁਲਿਸ ਦੇ ਅੰਦਰੂਨੀ ਸੁਰੱਖਿਆ ਵਿੰਗ ਨੇ ਢਾਈ ਸਾਲਾਂ ਵਿੱਚ 1673 ਅਜਿਹੇ ਮੋਬਾਈਲਾਂ ਦੀ ਸ਼ਨਾਖਤ ਕੀਤੀ ਸੀ, ਜਿਨ੍ਹਾਂ ਦੀ ਵਰਤੋਂ ਅਪਰਾਧੀਆਂ ਵੱਲੋਂ ਕੀਤੀ ਜਾ ਰਹੀ ਸੀ। ਅਜਿਹੇ ਵਿੱਚ ਇਨ੍ਹਾਂ ਸਾਰੇ ਮੋਬਾਈਲਾਂ ਦੇ ਆਈਐਮਈਆਈ ਨੰਬਰ ਅਤੇ 475 ਮੋਬਾਈਲ ਨੰਬਰ ਬਲਾਕ ਕਰ ਦਿੱਤੇ ਗਏ ਹਨ। ਇਸ ਤੋਂ ਇਲਾਵਾ ਕਰੀਬ 6500 ਸੋਸ਼ਲ ਮੀਡੀਆ ਖਾਤਿਆਂ 'ਤੇ ਕਾਰਵਾਈ ਕੀਤੀ ਗਈ ਹੈ ਤਾਂ ਜੋ ਦੋਸ਼ੀ ਇਨ੍ਹਾਂ ਦੀ ਵਰਤੋਂ ਨਾ ਕਰ ਸਕਣ। ਪੰਜਾਬ ਪੁਲਿਸ ਦੇ ਆਈਜੀ ਹੈੱਡਕੁਆਰਟਰ ਸੁਖਚੈਨ ਸਿੰਘ ਨੇ ਸੋਮਵਾਰ ਨੂੰ ਇਹ ਜਾਣਕਾਰੀ ਦਿੱਤੀ। ਆਈ. ਜੀ. ਨੇ ਕਿਹਾ ਕਿ ਪੁਲਿਸ ਤਸਕਰਾਂ 'ਤੇ ਤਿੱਖੀ ਨਜ਼ਰ ਰੱਖ ਰਹੀ ਹੈ। ਬੀ. ਐਸ. ਐਫ. ਤੇ ਪੰਜਾਬ ਪੁਲਿਸ ਸਰਹੱਦ 'ਤੇ ਹਰ ਹਰਕਤ 'ਤੇ ਨਜ਼ਰ ਰੱਖਦੀ ਹੈ। ਢਾਈ ਸਾਲਾਂ 'ਚ 939 ਡਰੋਨ ਦੇਖੇ ਗਏ ਹਨ, ਜਿਨ੍ਹਾਂ 'ਚ 290 ਡਰੋਨ ਡੇਗੇ ਗਏ ਹਨ। ਕਰੋੜਾਂ ਰੁਪਏ ਦੀਆਂ ਨਸ਼ੀਲੀਆਂ ਦਵਾਈਆਂ ਵੀ ਬਰਾਮਦ ਕੀਤੀਆਂ ਗਈਆਂ ਹਨ। ਇਸ ਸਮੇਂ ਦੌਰਾਨ ਸਰਕਾਰ ਨੇ 29152 ਐਫ.ਆਈ.ਆਰ. ਦਰਜ ਕੀਤੀਆਂ ਹਨ ਜਿਸ ਵਿੱਚ 39840 ਮੁਲਜ਼ਮ ਫੜੇ ਗਏ। ਇਸ ਦੌਰਾਨ 3581 ਵਪਾਰਕ ਸ਼੍ਰੇਣੀ ਦੇ ਕੇਸ ਦਰਜ ਕੀਤੇ ਗਏ ਅਤੇ 5856 ਵੱਡੇ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਗਿਆ। ਵਪਾਰਕ ਸ਼੍ਰੇਣੀ ਵਿੱਚ ਸਭ ਤੋਂ ਵੱਧ ਐਫਆਈਆਰ ਐਸਟੀਐਫ ਥਾਣੇ ਵਿੱਚ ਦਰਜ ਕੀਤੀਆਂ ਗਈਆਂ ਹਨ। ਜਦਕਿ ਦੂਜੇ ਸਥਾਨ 'ਤੇ ਅੰਮ੍ਰਿਤਸਰ ਦਿਹਾਤੀ ਅਤੇ ਤੀਜੇ ਸਥਾਨ 'ਤੇ ਹੁਸ਼ਿਆਰਪੁਰ ਦਰਜ ਕੀਤਾ ਗਿਆ ਹੈ।

## 'ਕਤਲ ਦੀ ਕੋਸ਼ਿਸ਼', ਇਕ ਗ੍ਰਿਫ਼ਤਾਰ : ਐਫ. ਬੀ. ਆਈ.

# ਡੋਨਾਲਡ ਟਰੰਪ 'ਤੇ ਫਿਰ ਚੱਲੀ ਗੋਲੀ

**ਵਾਸ਼ਿੰਗਟਨ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅਮਰੀਕੀ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ ਡੋਨਾਲਡ ਟਰੰਪ 'ਤੇ ਇਕ ਵਾਰ ਫਿਰ ਹਮਲਾ ਹੋਇਆ ਹੈ। ਐਤਵਾਰ ਨੂੰ ਜਦੋਂ ਉਹ ਫਲੋਰੀਡਾ ਦੇ ਵੈਸਟ ਪਾਮ ਬੀਚ ਸਥਿਤ ਆਪਣੇ ਗੋਲਫ ਕੋਰਸ 'ਚ ਗੋਲਫ ਖੇਡ ਰਹੇ ਸਨ, ਤਾਂ ਉੱਥੇ ਗੋਲਾਬਾਰੀ ਹੋਈ। ਐਫਬੀਆਈ ਨੇ ਇਸ ਘਟਨਾ ਨੂੰ



ਲੈ ਕੇ ਇੱਕ ਬਿਆਨ ਜਾਰੀ ਕੀਤਾ ਹੈ। ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਖੁਦ ਇਸ ਗੱਲ ਦੀ ਜਾਣਕਾਰੀ ਦਿੱਤੀ ਹੈ ਕਿ ਉਹ ਸੁਰੱਖਿਅਤ ਅਤੇ ਸਿਹਤਮੰਦ ਹਨ। ਇਸ ਦੇ ਨਾਲ ਹੀ ਸੀਕਰੇਟ ਸਰਵਿਸ ਨੇ ਵੀ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਇਸ ਘਟਨਾ ਤੋਂ ਬਾਅਦ ਡੋਨਾਲਡ ਟਰੰਪ ਨੇ ਆਪਣੇ ਸਮਰਥਕਾਂ ਨੂੰ ਸੰਦੇਸ਼ ਜਾਰੀ ਕਰਦੇ ਹੋਏ ਕਿਹਾ, "ਮੈਂ ਸੁਰੱਖਿਅਤ ਹਾਂ। ਮੈਂ ਆਪਣੇ ਆਲੇ-ਦੁਆਲੇ ਗੋਲੀਆਂ ਚੱਲਣ ਦੀਆਂ ਆਵਾਜ਼ਾਂ ਸੁਣੀਆਂ ਸਨ, ਪਰ ਇਸ ਤੋਂ ਪਹਿਲਾਂ ਕਿ ਇਸ ਘਟਨਾ ਨੂੰ ਲੈ ਕੇ ਕੋਈ ਅਫਵਾਹ ਫੈਲੇ, ਮੈਂ ਇਹ ਸਪੱਸ਼ਟ ਕਰ ਦੇਣਾ ਚਾਹੁੰਦਾ ਹਾਂ ਕਿ ਮੈਂ ਠੀਕ ਹਾਂ ਅਤੇ ਮੈਂ ਸੁਰੱਖਿਅਤ ਹਾਂ। " ਉਨ੍ਹਾਂ ਅੱਗੇ ਕਿਹਾ, "ਕੋਈ ਵੀ ਮੈਨੂੰ ਚੋਣ ਪ੍ਰਚਾਰ ਕਰਨ ਤੋਂ ਪਿੱਛੇ ਨਹੀਂ ਹਟਾ ਸਕੇਗਾ। ਮੈਂ ਕਦੇ ਵੀ ਆਤਮ ਸਮਰਪਣ ਨਹੀਂ ਕਰਾਂਗਾ।" ਤੁਹਾਨੂੰ ਦੱਸ ਦੇਈਏ ਕਿ ਗੋਲਫ ਕੋਰਸ 'ਤੇ ਗੋਲੀਬਾਰੀ ਤੋਂ ਬਾਅਦ ਟਰੰਪ ਆਪਣੇ ਮਾਰ-ਏ-ਲਾਗੋ ਰਿਜ਼ੋਰਟ 'ਚ ਪਰਤ ਆਏ ਹਨ। ਐਤਵਾਰ (15 ਸਤੰਬਰ) ਨੂੰ ਸਥਾਨਕ ਸਮੇਂ ਮੁਤਾਬਕ ਦੁਪਹਿਰ ਕਰੀਬ 2 ਵਜੇ ਫਲੋਰੀਡਾ ਦੇ ਵੈਸਟ ਪਾਮ ਬੀਚ 'ਚ ਟਰੰਪ ਇੰਟਰਨੈਸ਼ਨਲ ਗੋਲਫ ਕੋਰਸ ਨੇੜੇ ਕਈ ਗੋਲੀਆਂ ਚਲਾਈਆਂ ਗਈਆਂ। ਅਮਰੀਕੀ ਸੀਕਰੇਟ ਸਰਵਿਸ ਏਜੰਟਾਂ ਨੇ ਕਲੱਬ ਦੇ ਨੇੜੇ ਬੰਦੂਕ ਨਾਲ ਇੱਕ ਵਿਅਕਤੀ ਨੂੰ ਦੇਖ ਕੇ ਗੋਲੀਬਾਰੀ ਕੀਤੀ। ਇਸ ਦੌਰਾਨ ਐਫਬੀਆਈ ਨੇ ਕਿਹਾ ਕਿ ਉਹ ਕਤਲ ਦੀ ਕੋਸ਼ਿਸ਼ ਦੀ ਜਾਂਚ ਕਰ ਰਹੇ ਹਨ। ਇਸ ਘਟਨਾ ਨੂੰ ਲੈਕੇ ਪਾਮ ਬੀਚ ਕਾਉਂਟੀ ਦੇ ਸ਼ੇਰਿਫ ਰਿਕ ਬ੍ਰੈਡਸ਼ੌ ਨੇ ਕਿਹਾ, "ਯੂ.ਐਸ. ਸੀਕਰੇਟ ਸਰਵਿਸ ਦੇ ਏਜੰਟਾਂ ਨੇ ਇੱਕ ਵਿਅਕਤੀ 'ਤੇ ਗੋਲੀਬਾਰੀ ਕੀਤੀ, ਜਿਸ ਨੇ ਇੱਕ ਕਲੱਬ ਵਿੱਚ ਇੱਕ ਰਾਈਫਲ ਤਾਣ ਕੇ ਰੱਖੀ ਸੀ, ਜਦ ਕਿ ਉਸ ਵੇਲੇ ਟਰੰਪ ਗੋਲਫ ਕੋਰਸ 'ਤੇ ਸਨ।" ਬ੍ਰੈਡਸ਼ੌ ਦਾ ਕਹਿਣਾ ਹੈ ਕਿ ਬੰਦੂਕਧਾਰੀ ਟਰੰਪ ਤੋਂ ਲਗਭਗ 400 ਤੋਂ 500 ਗਜ਼ ਦੀ ਦੂਰੀ 'ਤੇ ਸੀ ਅਤੇ ਝਾੜੀਆਂ ਵਿਚ ਲੁਕਿਆ ਹੋਇਆ ਸੀ। ਬੰਦੂਕਧਾਰੀ ਨੂੰ ਬਾਅਦ ਵਿਚ ਨੇੜਲੇ ਕਾਉਂਟੀ ਵਿਚ ਗ੍ਰਿਫਤਾਰ ਕਰ ਲਿਆ ਗਿਆ ਹੈ।

## ਸ੍ਰੀ ਹਰਿਮੰਦਰ ਸਾਹਿਬ ਆਉਣ ਵਾਲੀ ਸੰਗਤ ਲਈ ਅਹਿਮ ਖ਼ਬਰ, ਨਿਹੰਗ ਸਿੰਘਾਂ ਨੇ ਦਿੱਤੀ ਸਖ਼ਤ ਚਿਤਾਵਨੀ

**ਅੰਮ੍ਰਿਤਸਰ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਹਰਿਮੰਦਰ ਸਾਹਿਬ ਦੇ ਆਲੇ-ਦੁਆਲੇ ਅਤੇ ਹੈਰੀਟੇਜ ਸਟਰੀਟ 'ਤੇ ਫੋਟੋਆਂ ਖਿੱਚ ਰਹੇ ਕੁਝ ਫੋਟੋਗ੍ਰਾਫਰਾਂ ਦੇ ਕੈਮਰੇ ਨਿਹੰਗ ਸਿੰਘਾਂ ਨੇ ਖੋਹ ਲਏ। ਇਸ ਤੋਂ ਬਾਅਦ ਉਨ੍ਹਾਂ ਨੂੰ ਸਖ਼ਤ ਤਾੜਨਾ ਕੀਤੀ ਕਿ ਜੇਕਰ ਫੋਟੋ ਖਿੱਚਣੀ ਹੈ ਤਾਂ ਇਸ ਜਗ੍ਹਾ ਤੋਂ ਦੂਰ ਕਿਤੇ ਹੋਰ ਸਥਾਨ 'ਤੇ ਫੋਟੋ ਖਿੱਚੋ। ਨਿਹੰਗ ਸਿੰਘਾਂ ਨੇ ਦੱਸਿਆ ਕਿ ਇੱਥੇ ਲੋਕ ਅਤੇ ਕੁਝ ਜੋੜੇ ਕਈ ਤਰ੍ਹਾਂ ਮਾੜੇ ਐਕਸ਼ਨ ਅਤੇ ਪੋਜ਼ ਦੇ ਕੇ ਆਪਣੀਆਂ ਫੋਟੋਆਂ ਖਿਚਵਾਉਂਦੇ ਹਨ, ਜਿਸ ਨਾਲ ਇਸ ਧਾਰਮਿਕ ਰਸਤੇ ਦੀ ਮਰਿਆਦਾ ਦੀ ਉਲੰਘਣਾ ਕਰਦੇ ਹਨ। ਸ੍ਰੀ ਦਰਬਾਰ ਸਾਹਿਬ ਮੱਥਾ ਟੇਕ ਕੇ ਵਾਪਸ ਆ ਰਹੀ ਸੰਗਤ ਦੀ ਗੱਡੀ ਹਾਦਸਾਗ੍ਰਸਤ, ਇਕ ਸ਼ਰਧਾਲੂ ਦੀ ਮੌਤਜੇਕਰ ਅਜਿਹੇ ਲੋਕਾਂ ਨੇ ਫੋਟੋ ਖਿਚਵਾਉਣੀ ਹੈ ਤਾਂ ਹੈਰੀਟੇਜ ਸਟਰੀਟ ਤੋਂ ਦੂਰ ਚਲੇ ਜਾਣ ਕਿਉਂਕਿ ਹੈਰੀਟੇਜ ਸਟਰੀਟ ਇਕ ਧਾਰਮਿਕ ਮਾਰਗ ਹੈ ਅਤੇ ਇਸ ਦੀ ਮਰਿਆਦਾ ਨੂੰ ਬਰਕਰਾਰ ਰੱਖਣਾ ਚਾਹੀਦਾ ਹੈ। ਜ਼ਿਕਰਯੋਗ ਹੈ ਕਿ ਕੁਝ ਸਮਾਂ ਪਹਿਲਾਂ ਹੈਰੀਟੇਜ ਸਟਰੀਟ 'ਤੇ ਇਕ ਪ੍ਰੀ-ਵੈਡਿੰਗ ਫੋਟੋਸ਼ੂਟ ਵੀ ਕਿਸੇ ਨੇ ਕਰਵਾਇਆ ਸੀ, ਜੋ ਸੋਸ਼ਲ ਮੀਡੀਆ 'ਤੇ ਕਾਫੀ ਵਾਇਰਲ ਹੋਇਆ ਸੀ। ਇਸ ਤੋਂ ਬਾਅਦ ਹੀ ਐੱਸ. ਜੀ. ਪੀ. ਸੀ. ਹਰਕਤ ਵਿਚ ਆਈ ਅਤੇ ਇੱਥੇ ਕਿਸੇ ਵੀ ਤਰ੍ਹਾਂ ਦੇ ਫੋਟੋਸ਼ੂਟ 'ਤੇ ਪੂਰੀ ਤਰ੍ਹਾਂ ਪਾਬੰਦੀ ਲਗਾ ਦਿੱਤੀ ਗਈ। ਨਿਹੰਗ ਸਿੰਘਾਂ ਨੇ ਫੋਟੋਗ੍ਰਾਫ਼ਰਾਂ ਨੂੰ ਸਖ਼ਤ ਚਿਤਾਵਨੀ ਵੀ ਦਿੱਤੀ ਕਿ ਜੇਕਰ ਉਨ੍ਹਾਂ ਨੇ ਭਵਿੱਖ ਵਿੱਚ ਅਜਿਹਾ ਕਰ ਕੇ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਈ ਤਾਂ ਉਹ ਆਪਣੇ ਪੱਧਰ 'ਤੇ ਕਾਰਵਾਈ ਕਰਨਗੇ ਅਤੇ ਇਸ ਦੀ ਸਾਰੀ ਜ਼ਿੰਮੇਵਾਰੀ ਉਨ੍ਹਾਂ ਦੀ ਆਪਣੀ ਹੋਵੇਗੀ। ਵਰਨਣਯੋਗ ਹੈ ਕਿ ਸ੍ਰੀ ਹਰਿਮੰਦਰ ਸਾਹਿਬ ਨੂੰ ਜਾਣ ਵਾਲੀਆਂ ਸੜਕਾਂ ਤੋਂ ਇਲਾਵਾ ਹੈਰੀਟੇਜ ਸਟਰੀਟ 'ਤੇ ਵੱਡੀ ਗਿਣਤੀ 'ਚ ਫੋਟੋਗ੍ਰਾਫਰ ਹਨ, ਜੋ ਕਿ ਲੋਕਾਂ ਨੂੰ ਆਵਾਜ਼ਾਂ ਮਾਰ ਕੇ ਫੋਟੋ ਖਿਚਾਉਣ ਲਈ ਕਹਿੰਦੇ ਹਨ। ਵਰਨਨਯੋਗ ਹੈ ਕਿ ਕੁਝ ਸਮਾਂ ਪਹਿਲੇ ਪਾਰਟੀਸ਼ਨ ਮਿਊਜ਼ੀਅਮ ਦੇ ਨਾਲ ਫੂਡ ਸਟਰੀਟ ਅਤੇ ਕੁਝ ਹੋਰ ਚੀਜ਼ਾਂ ਖੁੱਲ੍ਹੀਆਂ ਹਨ, ਉਦੋਂ ਤੋਂ ਹੀ ਇਸ ਸਥਾਨਾਂ ਤੇ ਫੋਟੋ ਸ਼ੂਟ ਹੋਣ ਲੱਗੇ ਹਨ। ਕੁਝ ਨੌਜਵਾਨ ਕੈਮਰੇ ਚੁੱਕ ਕੇ ਯੁਵਾ ਯੁਵਤੀਆਂ ਦੇ ਉਹਨਾਂ ਦੇ ਅੱਗੇ ਪੋਜ ਦੇ ਕੇ ਫੋਟੋ ਖਿਚਾਉਂਦੇ ਹਨ ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**


## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |

ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਇ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com
ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ Naam Japo
ਕਿਰਤ ਕਰੋ Kirat Karo
ਵੰਡ ਛਕੋ Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243





ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**


## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ-ਧੰਨ
ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਸੰਤ ਜਰਨੈਲ ਸਿੰਘ ਜੀ
ਖਾਲਸਾ
ਭਿੰਡਰਾਂ ਵਾਲੇ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ
ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ
ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ
ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating
Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant
APPROVED INSTALLER
WORCESTER
Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ
ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ
ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ
ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ
ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ
ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ
ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ
ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ
ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715-128621

### ਤਖਤ ਹਜ਼ੂਰ ਸਾਹਿਬ ਜੀ ਦੇ ਮੀਤ ਜੱਥੇਦਾਰ ਸਿੰਘ ਸਾਹਿਬ ਗਿਆਨੀ ਜਯੋਤਿੰਦਰ ਸਿੰਘ ਜੀ ਨੇ

# ਸਿੱਖ ਐਜੂਕੇਸ਼ਨ ਰੋਡਮੈਪ 2030 ਦੇ ਵਿਚਾਰ-ਵਟਾਂਦਰੇ ਦੀ ਮੀਟਿੰਗ ਵਿਚ ਭਰੀ ਹਾਜ਼ਰੀ, ਪ੍ਰੋਜੈਕਟ ਦੀ ਕੀਤੀ ਸ਼ਲਾਘਾ



**ਨਵੀਂ ਦਿੱਲੀ, 16 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਸਿੱਖ ਕੌਮ ਦੇ ਵਿਦਿਅਕ ਭਵਿੱਖ ਦੇ ਵਿਕਾਸ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਹਾਸਲ ਕੀਤਾ ਗਿਆ ਕਿਉਂਕਿ ਸਿੱਖ ਕੌਮ ਦੇ ਐਜੂਕੇਸ਼ਨ ਰੋਡਮੈਪ 2030 ਬਾਰੇ ਵਿਚਾਰ ਵਟਾਂਦਰਾ ਕਰਨ ਲਈ ਮੈਂਬਰ ਇਕੱਠੇ ਹੋਏ। ਇਸ ਮੀਟਿੰਗ ਵਿਚ ਉਚੇਚੇ ਤੌਰ ਤੇ ਸਿੰਘ ਸਾਹਿਬ ਗਿਆਨੀ ਜਯੋਤਿੰਦਰ ਸਿੰਘ ਜੀ, ਮੀਤ ਜਥੇਦਾਰ ਤਖਤ ਸੱਚਖੰਡ ਸ਼੍ਰੀ ਹਜ਼ੂਰ ਸਾਹਿਬ ਨਾਂਦੇੜ ਨੇ ਵੀ ਮੰਚ ਤੇ ਹਾਜ਼ਿਰੀ ਭਰ ਕੇ ਪ੍ਰਬੰਧਕਾਂ ਨੂੰ ਆਸ਼ੀਰਵਾਦ ਦਿੱਤਾ ਅਤੇ ਇਸ ਕੰਮ ਦੀ ਸ਼ਲਾਘਾ ਕੀਤੀ। ਅਨੁਵਰਤਾ ਭਵਨ, ਆਈ.ਟੀ.ਓ., ਨਵੀਂ ਦਿੱਲੀ ਵਿਖੇ ਹੋਏ ਇਸ ਸਮਾਗਮ ਵਿੱਚ ਸਿੱਖ ਬੁੱਧੀਜੀਵੀਆਂ ਨੂੰ ਇਕੱਠਾ ਕੀਤਾ ਗਿਆ। ਸਿੱਖਿਅਕ, ਅਤੇ ਕਮਿਊਨਿਟੀ ਥਿੰਕ ਟੈਂਕ, ਸਾਰੇ ਭਵਿੱਖ ਦੀਆਂ ਪੀੜ੍ਹੀਆਂ ਲਈ ਇੱਕ ਮਜ਼ਬੂਤ ਵਿਦਿਅਕ ਬੁਨਿਆਦ ਬਣਾਉਣ ਲਈ ਆਪਣੀ ਵਚਨਬੱਧਤਾ ਵਿੱਚ ਇੱਕਜੁੱਟ ਹਨ। ਕੇਂਦਰੀ ਚਰਚਾ ਸਿੱਖ ਸਿੱਖਿਆ ਲਈ ਇੱਕ ਢਾਂਚਾਗਤ ਅਤੇ ਸਮਾਵੇਸ਼ੀ ਪਹੁੰਚ ਦੀ ਲੋੜ ਦੇ ਆਲੇ-ਦੁਆਲੇ ਘੁੰਮਦੀ ਸੀ, ਜਿਸ ਵਿੱਚ ਸਿੱਖ ਸਿੱਖਿਆ ਬੋਰਡ ਸ਼ੁਰੂ ਕਰਨ ਦੇ ਪ੍ਰਸਤਾਵ 'ਤੇ ਵਿਆਪਕ ਸਹਿਮਤੀ ਬਣੀ ਸੀ। ਇਹ ਬੋਰਡ ਸਿੱਖ ਸਿੱਖਿਆ ਵਿੱਚ ਨੀਤੀ ਨਿਰਧਾਰਨ, ਪਾਠਕ੍ਰਮ ਵਿਕਾਸ ਅਤੇ ਰਣਨੀਤਕ ਦਿਸ਼ਾ ਲਈ ਗਵਰਨਿੰਗ ਬਾਡੀ ਵਜੋਂ ਕੰਮ ਕਰੇਗਾ। ਸਮਾਗਮ ਦੀ ਅਗਵਾਈ ਹਰਜੋਤ ਸ਼ਾਹ ਸਿੰਘ ਅਤੇ ਅਮਰਦੀਪ ਸਿੰਘ ਨੇ ਕੀਤੀ, ਜਿਨ੍ਹਾਂ ਨੇ ਇਸ ਸਾਂਝੀ ਦ੍ਰਿਸ਼ਟੀ ਨੂੰ ਸਮਰਪਿਤ ਹੋਣ ਲਈ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ। ਉਨ੍ਹਾਂ ਸਮੂਹਿਕ ਕਾਰਵਾਈ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਅਤੇ ਸਿੱਖ ਭਾਈਚਾਰੇ ਦੇ ਵਿਦਿਅਕ ਭਵਿੱਖ ਲਈ ਅਗਾਂਹਵਧੂ ਅਤੇ ਅਗਾਂਹਵਧੂ ਸੋਚ ਵਾਲੇ ਰੋਡਮੈਪ ਨੂੰ ਰੂਪ ਦੇਣ ਦੇ ਇਸ ਸਾਂਝੇ ਏਜੰਡੇ ਵਿੱਚ ਯੋਗਦਾਨ ਪਾਉਣ ਲਈ ਸਾਰਿਆਂ ਦਾ ਧੰਨਵਾਦ ਕੀਤਾ। ਇਹ ਮੀਟਿੰਗ ਇੱਕ ਮਹੱਤਵਪੂਰਨ ਕਦਮ ਦੀ ਨਿਸ਼ਾਨਦੇਹੀ ਕਰਦੀ ਹੈ ਕਿਉਂਕਿ ਸਿੱਖ ਭਾਈਚਾਰਾ ਇੱਕ ਰੋਡਮੈਪ ਬਣਾਉਣ ਲਈ ਸਹਿਯੋਗੀ ਤੌਰ 'ਤੇ ਕੰਮ ਕਰਦਾ ਹੈ ਜੋ ਨਾ ਸਿਰਫ਼ ਸੱਭਿਆਚਾਰਕ ਅਤੇ ਧਾਰਮਿਕ ਕਦਰਾਂ-ਕੀਮਤਾਂ ਨੂੰ ਸੁਰੱਖਿਅਤ ਰੱਖਦਾ ਹੈ ਸਗੋਂ ਭਵਿੱਖ ਦੀਆਂ ਪੀੜ੍ਹੀਆਂ ਨੂੰ ਗਲੋਬਲ ਲੈਂਡਸਕੇਪ ਵਿੱਚ ਲੋੜੀਂਦੇ ਹੁਨਰ ਅਤੇ ਗਿਆਨ ਨਾਲ ਲੈਸ ਕਰਨ ਲਈ ਆਧੁਨਿਕ ਵਿਦਿਅਕ ਅਭਿਆਸਾਂ ਨੂੰ ਵੀ ਜੋੜਦਾ ਹੈ। ਸਿੱਖ ਐਜੂਕੇਸ਼ਨ ਬੋਰਡ ਦੇ ਗਠਨ ਅਤੇ ਸ਼ੁਰੂਆਤ ਬਾਰੇ ਹੋਰ ਵੇਰਵੇ ਆਉਣ ਵਾਲੇ ਮਹੀਨਿਆਂ ਵਿੱਚ ਸਾਂਝੇ ਕੀਤੇ ਜਾਣਗੇ ਕਿਉਂਕਿ ਰੋਡਮੈਪ ਵਿਕਸਤ ਹੋ ਜਾਵੇਗਾ ਅਤੇ ਰਸਮੀ ਪ੍ਰਸਤਾਵ ਲਾਗੂ ਕੀਤੇ ਜਾਣਗੇ। ਇਸ ਮੀਟਿੰਗ ਅੰਦਰ ਹਰਜੋਤ ਸ਼ਾਹ ਸਿੰਘ, ਅਮਰਦੀਪ ਸਿੰਘ, ਪਰਮਜੀਤ ਸਿੰਘ ਵੀਰ ਜੀ, ਲਵਲੀ ਕੋਹਲ਼ੀ, ਪਰਮੀਤ ਸਿੰਘ ਚੱਢਾ ਅਤੇ ਹੋਰ ਪਤਵੰਤੇ ਸੱਜਣਾ ਦੇ ਨਾਲ ਸਿੰਘ ਸਾਹਿਬ ਗਿਆਨੀ ਜਯੋਤਿੰਦਰ ਸਿੰਘ ਜੀ, ਮੀਤ ਜਥੇਦਾਰ ਤਖਤ ਸੱਚਖੰਡ ਸ਼੍ਰੀ ਹਜ਼ੂਰ ਸਾਹਿਬ ਨਾਂਦੇੜ ਵੀ ਹਾਜਿਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਨਸ਼ਿਆਂ ਅਤੇ ਗੁੰਡਾਗਰਦੀ ਦੀਆਂ ਘਟਨਾਵਾਂ ਰੋਕਣ 'ਚ

# ਪੂਰੀ ਤਰ੍ਹਾਂ ਅਸਫਲ ਰਹੀ 'ਆਪ' ਸਰਕਾਰ : ਗੁਰਬਾਜ਼ ਸਿੰਘ ਸਿੱਧੂ




**ਤਲਵੰਡੀ ਸਾਬੋ, 16 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਵਿੱਚ ਜਿੱਥੇ ਗੁੰਡਾਗਰਦੀ ਦੀਆਂ ਘਟਨਾਵਾਂ ਸਿਖਰ 'ਤੇ ਪੁੱਜੀਆਂ ਹੋਈਆਂ ਹਨ ਉੱਥੇ ਨੌਜਵਾਨਾਂ ਦੇ ਨਸ਼ਿਆਂ ਦੀ ਭੇਟ ਚੜਨ ਦਾ ਸਿਲਸਿਲਾ ਵੀ ਰੁਕਣ ਦਾ ਨਾਂ ਨਹੀ ਲੈ ਰਿਹਾ ਜਿਸ ਤੋਂ ਸਾਬਿਤ ਹੁੰਦਾ ਹੈ ਕਿ ਵੱਡੇ-ਵੱਡੇ ਸੁਪਨੇ ਦਿਖਾ ਕੇ ਸੱਤਾ 'ਚ ਆਈ ਆਮ ਆਦਮੀ ਪਾਰਟੀ ਸਰਕਾਰ ਨਸ਼ਿਆਂ ਅਤੇ ਗੁੰਡਾਗਰਦੀ ਨੂੰ ਰੋਕਣ 'ਚ ਪੂਰੀ ਤਰ੍ਹਾਂ ਅਸਫਲ ਰਹੀ ਹੈ। ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕੇ ਦੇ ਸਾਬਕਾ ਵਿਧਾਇਕ ਜੀਤਮਹਿੰਦਰ ਸਿੰਘ ਸਿੱਧੂ ਦੇ ਸਪੁੱਤਰ ਗੁਰਬਾਜ਼ ਸਿੰਘ ਸਿੱਧੂ ਨੇ ਪਿੰਡਾਂ ਦੇ ਦੌਰੇ ਉਪਰੰਤ ਗੱਲਬਾਤ ਕਰਦਿਆਂ ਕੀਤਾ। ਗੁਰਬਾਜ਼ ਸਿੰਘ ਸਿੱਧੂ ਜੋ ਪਿਛਲੇ ਦਿਨੀਂ ਦੋਹਰੇ ਕਤਲ ਕਾਂਡ 'ਚ ਪਿੰਡ ਜੀਵਨ ਸਿੰਘ ਵਾਲਾ 'ਚ ਮਾਰੇ ਗਏ ਪਿਉ-ਪੁੱਤਰ ਮੰਦਰ ਸਿੰਘ ਅਤੇ ਅਮਰੀਕ ਸਿੰਘ ਦੇ ਘਰ ਅਫਸੋਸ ਪ੍ਰਗਟ ਕਰਨ ਪੁੱਜੇ ਹੋਏ ਸਨ ਨੇ ਨਸੀਬਪੁਰਾ, ਤਲਵੰਡੀ ਸਾਬੋ, ਲਾਲੇਆਣਾ, ਸ਼ੇਖਪੁਰਾ ਅਤੇ ਨਥੇਹਾ ਆਦਿ ਪਿੰਡਾਂ 'ਚ ਵੀ ਆਪਣੇ ਨਜ਼ਦੀਕੀਆਂ ਦੇ ਨਿੱਜੀ ਪ੍ਰੋਗਰਾਮਾਂ 'ਚ ਸ਼ਮੂਲੀਅਤ ਕੀਤੀ। ਦੌਰੇ ਉਪਰੰਤ ਗੱਲਬਾਤ ਦੌਰਾਨ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਕਿਹਾ ਕਿ ਸੂਬੇ 'ਚ ਗੁੰਡਾ ਅਨਸਰਾਂ ਦੇ ਹੌਂਸਲੇ ਪੂਰੇ ਬੁਲੰਦ ਦਿਖਾਈ ਦੇ ਰਹੇ ਹਨ ਅਤੇ ਆਮ ਲੋਕਾਂ ਦੇ ਹਾਲਾਤ ਇਹ ਬਣਦੇ ਜਾ ਰਹੇ ਹਨ ਕਿ ਉਹ ਆਪਣੇ ਨਾਲ ਕੋਈ ਵਾਰਦਾਤ ਹੋ ਜਾਣ ਤੋਂ ਬਾਅਦ ਵੀ ਪੁਲਿਸ ਸ਼ਿਕਾਇਤ ਦਰਜ਼ ਕਰਵਾਉਣ ਤੋਂ ਕੰਨੀ ਕਤਰਾਉਣ ਲੱਗ ਪਏ ਹਨ। ਸਿੱਧੂ ਨੇ ਕਿਹਾ ਕਿ ਨਸ਼ਿਆਂ ਨੂੰ ਰੋਕਣ ਲਈ ਸਰਕਾਰ ਵੱਲੋਂ ਖੁਦ ਨਿਰਧਾਰਿਤ ਕੀਤੀਆਂ ਸਾਰੀਆਂ ਤਾਰੀਕਾਂ ਲੰਘ ਗਈਆਂ ਹਨ ਪਰ ਅਜੇ ਤੱਕ ਨਸ਼ੇ ਤੇ ਕੰਟਰੋਲ ਹੁੰਦਾ ਕਿਧਰੇ ਨਜ਼ਰ ਨਹੀ ਆ ਰਿਹਾ ਸਗੋਂ ਅਜੇ ਵੀ ਨੌਜਵਾਨਾਂ ਦੇ 'ਚਿੱਟੇ' ਦੀ ਭੇਟ ਚੜ ਜਾਣ ਦੀਆਂ ਖਬਰਾਂ ਸਾਹਮਣੇ ਆਉਦੀਆਂ ਰਹਿੰਦੀਆਂ ਹਨ। ਸਿੱਧੂ ਨਾਲ ਸੀ.ਕਾਂਗਰਸੀ ਆਗੂ ਸੁਖਬੀਰ ਸਿੰਘ ਚੱਠਾ, ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਤਰਸੇਮ ਲਾਲੇਆਣਾ, ਸੀ.ਆਗੂ ਤੇਜ਼ ਰਾਮ ਸ਼ਰਮਾਂ ਅਤੇ ਗੁਰਪਾਲ ਨੰਬਰਦਾਰ ਲਾਲੇਆਣਾ,ਮਨਪ੍ਰੀਤ ਸਿੰਘ ਸ਼ੇਖਪੁਰਾ, ਗੋਰਾ ਵਕੀਲ ਲਾਲੇਆਣਾ, ਗੁਰਮੇਲ ਲਾਲੇਆਣਾ, ਗੁਲਾਬ ਕੈਲੇਵਾਂਦਰ, ਜਸਕਰਨ ਸਿੰਘ ਜੀਵਨ ਸਿੰਘ ਵਾਲਾ, ਬਿੰਦਰ ਸਿੰਘ ਨਥੇਹਾ ਆਦਿ ਆਗੂ ਮੌਜੂਦ ਸਨ।

## ਹਿਮਾਚਲ ਵਿਚ ਬਹੁਗਿਣਤੀ ਵੱਲੋਂ 'ਮਸਜਿਦ' ਦੇ ਮੁੱਦੇ ਉਤੇ ਭੜਕਾਊ ਕਾਰਵਾਈ ਕਰਨ ਵਾਲਿਆ ਨਾਲ ਸਖ਼ਤੀ ਨਾਲ ਨਿਪਟਣਾ ਜ਼ਰੂਰੀ : ਮਾਨ



**ਨਵੀਂ ਦਿੱਲੀ, 16 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- "ਜਮਹੂਰੀਅਤ ਪਸ਼ੰਦ ਮੁਲਕਾਂ ਵਿਚ ਕਿਸੇ ਵੀ ਜਨਤਕ ਮੁੱਦੇ ਉਤੇ ਰੋਸ ਮਾਰਚ ਜਾਂ ਰੋਸ ਧਰਨਾ ਕਰਦੇ ਹੋਏ ਹਿੰਸਾ ਦੀ ਵਰਤੋ ਕਰਨਾ ਗੈਰ ਕਾਨੂੰਨੀ ਦੇ ਨਾਲ-ਨਾਲ ਗੈਰ ਇਨਸਾਨੀਅਤ ਵੀ ਹੈ। ਜੋ ਸ਼ਿਮਲਾ ਦੀ ਇਕ ਮਸਜਿਦ ਦੇ ਮੁੱਦੇ ਨੂੰ ਲੈਕੇ ਵਿਸਵ ਹਿੰਦੂ ਪ੍ਰੀਸਦ ਅਤੇ ਹੋਰ ਹਿੰਦੂਤਵ ਸੰਗਠਨਾਂ ਵੱਲੋ ਨਫਰਤ ਭਰੇ ਨਾਅਰੇ ਲਗਾਏ ਗਏ ਅਤੇ ਇੱਟਾਂ ਰੋੜਿਆ ਨਾਲ ਹਮਲੇ ਕੀਤੇ ਗਏ, ਇਹ ਜਮਹੂਰੀਅਤ ਕਦਰਾਂ ਕੀਮਤਾਂ ਦਾ ਜਨਾਜ਼ਾਂ ਕੱਢਣ ਦੇ ਨਾਲ-ਨਾਲ ਇਥੋ ਦੀ ਧਰਮ ਨਿਰਪੱਖਤਾ ਨੂੰ ਕਾਇਮ ਰੱਖਣ ਉਤੇ ਵੀ ਡੂੰਘਾਂ ਪ੍ਰਸ਼ਨ ਹੈ। ਜਿਸ ਦੀ ਪ੍ਰਸਾਸਨ ਤੇ ਸਰਕਾਰ ਨੂੰ ਸਖ਼ਤ ਕਾਰਵਾਈ ਕਰਦੇ ਹੋਏ ਅਜਿਹੇ ਮਾਹੋਲ ਖਰਾਬ ਕਰਨ ਵਾਲੇ ਜਨੂੰਨੀਆ ਵਿਰੁੱਧ ਕਾਨੂੰਨੀ ਅਮਲ ਕਰਨੇ ਬਣਦੇ ਹਨ ਤਾਂ ਕਿ ਦੇਵ ਭੂਮੀ ਹਿਮਾਚਲ ਅਤੇ ਸਮੁੱਚੇ ਮੁਲਕ ਦੇ ਅਮਨਮਈ ਮਾਹੌਲ ਨੂੰ ਕੋਈ ਫਿਰਕੂ ਤਾਕਤ ਗੰਧਲਾ ਨਾ ਕਰ ਸਕੇ ਅਤੇ ਘੱਟ ਗਿਣਤੀ ਕੌਮਾਂ ਦੇ ਧਾਰਮਿਕ ਸਥਾਨਾਂ ਨੂੰ ਨਿਸ਼ਾਨਾਂ ਬਣਾਕੇ ਨਫਰਤ ਪੈਦਾ ਕਰਨ ਦੀ ਗੁਸਤਾਖੀ ਨਾ ਕਰ ਸਕੇ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਹਿਮਾਚਲ ਦੇ ਸਿਮਲਾ ਵਿਖੇ ਬਹੁਗਿਣਤੀ ਕੌਮ ਨਾਲ ਸੰਬੰਧਤ ਕੁਝ ਫਿਰਕੂ ਸੋਚ ਵਾਲੇ ਸੰਗਠਨਾਂ ਤੇ ਲੋਕਾਂ ਵੱਲੋ ਮੁਸਲਿਮ ਕੌਮ ਦੀ ਇਕ ਮਸਜਿਦ ਦੇ ਵਿਰੁੱਧ ਭੜਕਾਊ ਕਾਰਵਾਈ ਕਰਨ ਅਤੇ ਇੱਟਾਂ ਰੋੜਿਆ ਦੀ ਵਰਤੋ ਕਰਕੇ ਸਮਾਜ ਨੂੰ ਗਲਤ ਸੰਦੇਸ ਦੇਣ ਦੀ ਕਾਰਵਾਈ ਦੀ ਨਿੰਦਾ ਕਰਦੇ ਹੋਏ ਹਿਮਾਚਲ ਸਰਕਾਰ ਨੂੰ ਕਾਨੂੰਨ ਤੋੜਨ ਵਾਲੇ ਅਨਸਰਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੀ ਮੰਗ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਜਦੋ ਘੱਟ ਗਿਣਤੀ ਕੌਮਾਂ ਆਪਣੇ ਨਾਲ ਹੋ ਰਹੇ ਧਾਰਮਿਕ, ਸਮਾਜਿਕ ਵਿਤਕਰੇ ਜ਼ਬਰ ਜੁਲਮ ਅਤੇ ਬੇਇਨਸਾਫ਼ੀਆਂ ਨੂੰ ਲੈਕੇ ਰੋਸ ਧਰਨੇ ਜਾਂ ਰੈਲੀਆ ਕਰਦੀਆਂ ਹਨ ਤਾਂ ਅਕਸਰ ਹੀ ਬਹੁਗਿਣਤੀ ਹੁਕਮਰਾਨਾਂ ਅਤੇ ਫਿਰਕੂ ਸੰਗਠਨਾਂ ਵੱਲੋ ਉਨ੍ਹਾਂ ਦੀ ਆਵਾਜ ਨੂੰ ਕੁੱਚਲਣ ਲਈ ਭੜਕਾਊ ਕਾਰਵਾਈਆ ਵੀ ਕੀਤੀਆ ਜਾਂਦੀਆ ਹਨ ਅਤੇ ਕਾਨੂੰਨੀ ਪ੍ਰਕਿਰਿਆ ਨੂੰ ਨਜਰ ਅੰਦਾਜ ਕਰਕੇ ਇਥੋ ਦੇ ਅਮਨ ਚੈਨ ਨੂੰ ਵੀ ਸੱਟ ਮਾਰੀ ਜਾਂਦੀ ਹੈ। ਪਰ ਇਸਦੇ ਬਾਵਜੂਦ ਵੀ ਬਹੁਗਿਣਤੀ ਨਾਲ ਸੰਬੰਧਤ ਅਜਿਹੇ ਸੰਗਠਨਾਂ ਜਾਂ ਫਿਰਕੂਆਂ ਵਿਰੁੱਧ ਕੋਈ ਕਾਨੂੰਨੀ ਅਮਲ ਨਾ ਹੋਣਾ 'ਸਰਕਾਰੀ ਦਹਿਸਤਗਰਦੀ' ਦੀ ਸਰਪ੍ਰਸਤੀ ਕਰਨ ਵਾਲੇ ਦੁੱਖਦਾਇਕ ਅਮਲ ਹਨ। ਦੂਸਰੇ ਪਾਸੇ ਅਮਨਮਈ ਤੇ ਜਮਹੂਰੀਅਤ ਢੰਗ ਨਾਲ ਅਜਿਹੇ ਰੋਸ ਦਿਖਾਵੇ ਕਰਨ ਵਾਲੀਆ ਅਜਿਹੀਆ ਘੱਟ ਗਿਣਤੀ ਕੌਮਾਂ ਉਤੇ ਮੰਦਭਾਵਨਾ ਅਧੀਨ ਹੁਕਮਰਾਨ ਤੇ ਪ੍ਰਸ਼ਾਸਨ ਝੱਟ ਝੂਠੇ ਕੇਸ ਬਣਾਕੇ ਜਾਂ ਜਬਰੀ ਲਾਠੀਚਾਰਜ ਕਰਕੇ ਦਹਿਸਤ ਪਾ ਕੇ ਮਾਹੌਲ ਨੂੰ ਖਰਾਬ ਕਰਕੇ ਵੀ ਉਨ੍ਹਾਂ ਸਿਰ ਹੀ ਮੜ ਦਿੰਦੇ ਹਨ। ਬਹੁਗਿਣਤੀ ਫਿਰਕੂ ਸੋਚ ਵਾਲੇ ਲੋਕਾਂ ਦੇ ਅਜਿਹੇ ਅਮਲਾਂ ਸਮੇ ਪ੍ਰਸਾਸਨ ਤੇ ਸਰਕਾਰ ਐਕਸਨ ਕਿਉ ਨਹੀ ਕਰਦੀ ? ਜਿਸ ਤੋ ਸਪੱਸਟ ਹੈ ਕਿ ਇਥੋ ਦੇ ਕਾਨੂੰਨ, ਅਦਾਲਤਾਂ, ਜੱਜਾਂ ਵੱਲੋ ਘੱਟ ਗਿਣਤੀ ਕੌਮਾਂ ਨੂੰ ਇਨਸਾਫ ਦਿੰਦੇ ਹੋਏ ਦੋਹਰੇ ਮਾਪਦੰਡ ਅਪਣਾਏ ਜਾਂਦੇ ਹਨ। ਜੋ ਘੱਟ ਗਿਣਤੀ ਕੌਮਾਂ ਵਿਚ ਰੋਸ ਨੂੰ ਸਿਖਰਾ ਤੇ ਪਹੁੰਚਾਉਣ ਦਾ ਕੰਮ ਕਰਦੇ ਹਨ। ਅਜਿਹੇ ਵਿਤਕਰੇ ਵਾਲੇ ਅਮਲ ਬੰਦ ਹੋਣੇ ਚਾਹੀਦੇ ਹਨ ਅਤੇ ਜਿਥੇ ਕਿਤੇ ਵੀ ਨਫਰਤ ਭਰੀਆ ਜਾਂ ਧਰਮ ਵਿਰੋਧੀ ਅਮਲ ਹੋਣ ਉਥੇ ਸਰਕਾਰਾਂ ਤੇ ਪ੍ਰਸਾਸਨ ਫੌਰੀ ਕਾਨੂੰਨੀ ਅਮਲ ਕਰਨ।

## ਕੇਜਰੀਵਾਲ ਅਸਤੀਫਾ ਦੇਣ ਦਾ ਕਰ ਰਹੇ ਨੇ ਡਰਾਮਾ : ਸਰਪੰਚ ਹਰਦੀਪ ਸਿੰਘ ਦੌਲਤਪੁਰ



ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਸੁਪਰੀਮੋ ਅਤੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਵਲੋਂ ਅਸਤੀਫਾ ਦੇਣ ਦੇ ਐਲਾਨ ਤੇ ਟਿੱਪਣੀ ਕਰਦੇ ਹੋਏ ਵਿਧਾਨ ਸਭਾ ਹਲਕਾ ਧੂਰੀ ਤੋਂ ਹਲਕਾ ਇੰਚਾਰਜ ਦੇ ਪ੍ਰਮੁੱਖ ਦਾਅਵੇਦਾਰ ਅਤੇ ਪੰਜਾਬ ਕਾਗਰਸ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਹਰਦੀਪ ਸਿੰਘ ਦੌਲਤਪੁਰ ਨੇ ਇਸ ਨੂੰ ਇਕ ਸਿਆਸੀ ਡਰਾਮਾ ਕਰਾਰ ਦਿੰਦੇ ਹੋਏ ਕਿਹਾ ਕਿ ਦਿੱਲੀ ਦੇ ਲੋਕ ਚੰਗੀ ਤਰਾਂ ਜਾਣਦੇ ਹਨ ਕਿ ਸੱਤਾ ਪ੍ਰਾਪਤ ਕਰਨ ਉਪਰੰਤ ਆਪ ਆਗੂ ਕਿਵੇਂ ਖਾਸ ਬਣ ਗਏ ਅਤੇ ਚੋਣਾਂ ਤੋਂ ਪਹਿਲਾਂ ਕੀਤੇ ਹੋਏ ਵਾਅਦੇ ਕਿਵੇਂ ਹਵਾ ਹੋ ਗਏ। ਅਸਤੀਫੇ ਦਾ ਡਰਾਮਾ ਹੁਣ ਇਨ੍ਹਾਂ ਕੋਈ ਫਾਇਦਾ ਨਹੀਂ ਪੁਹੰਚਾ ਸਕੇਗਾ ਅਤੇ ਲੋਕਾਂ ਨਾਲ ਕੀਤੇ ਗਏ ਝੂਠੇ ਵਾਅਦੇ ਇਨ੍ਹਾਂ ਦੇ ਪਤਨ ਦਾ ਕਾਰਨ ਬਣਨਗੇ। ਉਨ੍ਹਾਂ ਕਿਹਾ ਕਿ ਜੇ ਅਸਤੀਫਾ ਦੇਣਾ ਸੀ ਤਾਂ ਜਦੋਂ ਜੇਲ ਗਏ ਸੀ ਉਦੋਂ ਦੇਣਾ ਚਾਹੀਦਾ ਸੀ, ਉਸ ਵੇਲੇ ਤਾ ਮੁੱਖ ਮੰਤਰੀ ਦੀ ਕੁਰਸੀ ਨੂੰ ਮਾਰਿਆ ਗਿਆ ਜੱਫਾ ਛੱਡਣ ਨੂੰ ਦਿਲ ਨਹੀ ਕੀਤਾ ਅਤੇ ਹੁਣ ਜਦੋ ਮਾਨਯੋਗ ਸੁਪਰੀਮ ਕੋਰਟ ਨੇ ਪਾਬੰਦੀਆਂ ਲਾ ਕੇ ਕੰਮ ਕਰਨ ਜੋਗਾ ਨਹੀਂ ਛੱਡਿਆ ਤਾਂ ਅਸਤੀਫਾ ਦੇ ਦਿੱਤਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦਾ ਅੰਤ ਸਮਾਂ ਹੁਣ ਨਜਦੀਕ ਆ ਗਿਆ ਹੈ, ਇਹ ਸਭ ਜਾਣਦੇ ਹੋਏ ਪੰਜਾਬ ਵਿੱਚ ਵੀ ਨਗਰ ਨਿਗਮ ਦੀਆਂ ਚੋਣਾ ਕਰਵਾਉਣ ਤੋਂ ਮਾਨ ਸਰਕਾਰ ਭੱਜ ਰਹੀ ਹੈ।

## ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਸਿੱਖਿਆ ਵਿੱਚ ਨਵੀਂ ਕ੍ਰਾਂਤੀ ਲਿਆਂਦੀ: ਆਪ ਆਗੂ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਸਿੱਖਿਆ ਦੇ ਪ੍ਰਸਾਰ ਲਈ ਨਵੀਆਂ ਤਕਨੀਕਾਂ ਤੇ ਕੰਮ ਕਰ ਰਹੀ ਹੈ, ਜਿਸਦੇ ਸਾਰਥਿਕ ਨਤੀਜੇ ਸਾਹਮਣੇ ਆਉਣੇ ਸ਼ੁਰੂ ਹੋ ਗਏ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾਂ ਬਲਾਕ ਪ੍ਰਧਾਨ ਤੀਰਥ ਸਿੰਘ ਗਿੱਲ ਭੱਦਲਵੜ, ਸਰਪੰਚ ਗੁਰਦੀਪ ਸਿੰਘ ਸੁਲਤਾਨਪੁਰ, ਆਪ ਆਗੂ ਰਣਜੀਤ ਸਿੰਘ ਧੰਦੀਵਾਲ ਪ੍ਰਮੁੱਖ ਉਮੀਦਵਾਰ ਬਲਾਕ ਸੰਮਤੀ ਜੋਨ ਧੰਦੀਵਾਲ, ਆਪ ਆਗੂ ਸੁਖਵਿੰਦਰ ਸਿੰਘ ਫਰਵਾਹੀ ਅਤੇ ਆਪ ਆਗੂ ਭੁਲਿੰਦਰ ਸਿੰਘ ਕਲੇਰਾਂ ਨੇ ਕੀਤਾ। ਆਗੂਆਂ ਨੇ ਕਿਹਾ ਮੁੱਖ ਮੰਤਰੀ ਭਗਵੰਤ ਮਾਨ ਵੱਲੋ ਜਿੱਥੇ ਪੂਰੇ ਪੰਜਾਬ ਵਿੱਚ ਸਕੂਲ ਆਫ਼ ਐਮੀਨੈਂਸ ਖੋਲ ਕੇ ਨਵੀਆਂ ਪੁਲਾਘਾਂ ਪੁੱਟੀਆਂ ਗਈਆਂ ਹਨ, ਉਥੇ ਸਕੂਲਾਂ ਦੇ ਨਵੀਨੀਕਰਨ ਲਈ ਕਰੋੜਾਂ ਰੁਪੈ ਦੀਆਂ ਗਰਾਟਾਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾ ਕਿਹਾ ਕਿ ਧੂਰੀ ਦੇ ਵਿਕਾਸ ਲਈ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਦਿਲ ਖੋਲਕੇ ਗਰਾਟਾਂ ਦਿੱਤੀਆਂ ਜਾ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ੍ਰੀ ਗੋਇੰਦਵਾਲ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ ਮੌਕੇ

# ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਅਤੇ ਭਾਈ ਗੁਰ ਇਕਬਾਲ ਸਿੰਘ ਵੱਲੋਂ ਵਿਸ਼ਾਲ ਲੰਗਰ ਸੇਵਾ ਆਰੰਭ





**ਗੋਇੰਦਵਾਲ ਸਾਹਿਬ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**- ਸ੍ਰੀ ਗੋਇੰਦਵਾਲ ਸਾਹਿਬ ਵਿਖੇ ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਦਿਵਸ ਅਤੇ ਗੁਰੂ ਰਾਮਦਾਸ ਜੀ ਦੇ 450 ਸਾਲਾ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਸ਼ਤਾਬਦੀ ਸਮਾਗਮਾਂ ਮੌਕੇ ਸ਼ਹੀਦੀ ਅਸਥਾਨ ਗੁਰਦੁਆਰਾ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਗੁਰਦੁਆਰਾ ਸ੍ਰੀ ਟਾਹਲਾ ਸਾਹਿਬ, ਚੱਬਾ ਦੇ ਮੁੱਖ ਸੇਵਾਦਾਰ ਸੰਤ ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਅਤੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਟਰੱਸਟ, ਅੰਮ੍ਰਿਤਸਰ ਦੇ ਮੁਖੀ ਭਾਈ ਗੁਰ ਇਕਬਾਲ ਸਿੰਘ ਵੱਲੋਂ ਸਾਂਝੇ ਤੌਰ 'ਤੇ ਤਰਨ ਤਾਰਨ ਰੋਡ ਗੋਇੰਦਵਾਲ ਸਾਹਿਬ ਵਿਖੇ ਇਕ ਵਿਸ਼ਾਲ ਪੰਡਾਲ ਦੇ ਹੇਠਾਂ ਇਕ ਵਿਸ਼ਾਲ ਲੰਗਰ ਦਾ ਆਯੋਜਿਤ ਕੀਤਾ ਗਿਆ। ਇਸ ਲੰਗਰ ਦੇ ਆਰੰਭਤਾ ਦੀ ਅਰਦਾਸ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ, ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਕੀਤੀ। ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਵੀ ਸ਼ਮੂਲੀਅਤ ਕੀਤੀ। ਸੰਤ ਬਾਬਾ ਦਰਸ਼ਨ ਸਿੰਘ ਨੇ ਵਿਸ਼ੇਸ਼ ਸ਼ਖ਼ਸੀਅਤਾਂ ਦਾ ਸਿਰੋਪਾਉ ਭੇਟ ਕਰਕੇ ਸਤਿਕਾਰ ਕੀਤਾ ਅਤੇ ਕਿਹਾ ਕਿ ਗੁਰੂ ਕੇ ਲੰਗਰ 'ਚ ਰਵਾਇਤੀ ਦਾਲ ਰੋਟੀ ਤੋਂ ਇਲਾਵਾ ਵੱਖ ਵੱਖ ਪਕਵਾਨਾਂ ਅਤੇ ਵੱਖ-ਵੱਖ ਵੰਨਗੀਆਂ ਦੀਆਂ ਮਠਿਆਈਆਂ ਵਰਤਾਈਆਂ ਜਾ ਰਹੀਆਂ ਹਨ। ਇਹ ਲੰਗਰ 18 ਸਤੰਬਰ ਤਕ ਨਿਰੰਤਰ ਚੱਲੇਗਾ। ਠੰਢੇ ਮਿੱਠੇ ਜਲ ਦੀ ਛਬੀਲ ਦੀਆਂ ਸੇਵਾਵਾਂ ਵੀ ਚੱਲਣਗੀਆਂ। ਉਹਨਾਂ ਸਮੂਹ ਸੰਗਤਾਂ ਨੂੰ ਸ਼ਤਾਬਦੀ ਸਮਾਗਮਾਂ ਵਿਚ ਵੱਧ ਚੜ੍ਹ ਕੇ ਸ਼ਮੂਲੀਅਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਅਨੰਦਪੁਰ ਸਾਹਿਬ, ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਨੇ ਸੰਗਤਾਂ ਨੂੰ ਸ਼ਤਾਬਦੀ ਸਮਾਗਮਾਂ 'ਚ ਹੁੰਮ੍ਹ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ। ਉਨ੍ਹਾਂ ਸੰਗਤਾਂ ਨੂੰ ਅੰਮ੍ਰਿਤਧਾਰੀ ਤੇ ਨਿੱਤਨੇਮੀ ਹੋਣ, ਬਾਣੀ ਅਤੇ ਬਾਣੇ ਦਾ ਸਤਿਕਾਰ ਕਰਨ ਅਤੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਸਰਬੱਤ ਦੇ ਭਲੇ ਵਾਲੇ ਮਾਰਗ 'ਤੇ ਚਲਣ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਸੰਤ ਬਾਬਾ ਦਰਸ਼ਨ ਸਿੰਘ ਤੇ ਭਾਈ ਗੁਰਇਕਬਾਲ ਸਿੰਘ ਵੱਲੋਂ ਨਿਭਾਈਆਂ ਜਾ ਰਹੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ।

**☛ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਨੇ ਕੀਤੀ ਅਰੰਭਤਾ ਦੀ ਅਰਦਾਸ। ☛ ਬਾਬਾ ਦਰਸ਼ਨ ਸਿੰਘ ਟਾਹਲਾ ਸਾਹਿਬ ਅਤੇ ਭਾਈ ਗੁਰ ਇਕਬਾਲ ਸਿੰਘ ਦੀਆਂ ਸੇਵਾਵਾਂ ਸ਼ਲਾਘਾਯੋਗ -ਜਥੇਦਾਰ ਸੁਲਤਾਨ ਸਿੰਘ**

ਇਸ ਮੌਕੇ ਗਿਆਨੀ ਵਿਸ਼ਾਲ ਸਿੰਘ ਸ੍ਰੀ ਦਰਬਾਰ ਸਾਹਿਬ ਦੇ ਮੁੱਖ ਅਰਦਾਸੀਆ ਭਾਈ ਪ੍ਰੇਮ ਸਿੰਘ ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਗੁਰਦੁਆਰਾ ਟਾਹਲਾ ਸਾਹਿਬ ਟਰੱਸਟ ਦੇ ਪ੍ਰਧਾਨ ਭਾਈ ਕਸ਼ਮੀਰ ਸਿੰਘ, ਬੀਬੀ ਕੌਲਾਂ ਭਲਾਈ ਕੇਂਦਰ ਅੰਮ੍ਰਿਤਸਰ ਤੋਂ ਨਿੱਕੂ ਵੀਰ ਜੀ, ਗਿਆਨੀ ਭਾਈ ਸੂਰਤਾ ਸਿੰਘ, ਪ੍ਰੋ. ਸਰਚਾਂਦ ਸਿੰਘ, ਸੁਖਵਿੰਦਰ ਸਿੰਘ ਸੁਖ ਤੇੜਾ, ਬਾਪੂ ਦੇਸਾ ਸਿੰਘ ਜੌਹਲ, ਮੈਨੇਜਰ ਰਣਦੀਪ ਸਿੰਘ ਗੁਰਵਾਲੀ, ਗਿਆਨੀ ਹੀਰਾ ਸਿੰਘ ਕਥਾਵਾਚਕ ਗੁਰਦੁਆਰਾ ਟਾਹਲਾ ਸਾਹਿਬ, ਭਾਈ ਹਰਦੇਵ ਸਿੰਘ ਮੈਨੇਜਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਮੈਨੇਜਰ ਗੁਰਪ੍ਰੀਤ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਬਲਜੀਤ ਸਿੰਘ ਵਰਪਾਲ, ਭਾਈ ਜਸਵੀਰ ਸਿੰਘ ਗੋਰਾ, ਮਾਸਟਰ ਨੰਗਲੀ, ਨਰਿੰਦਰ ਸਿੰਘ ਗਿੱਲ, ਬਾਬਾ ਮੇਵਾ ਸਿੰਘ, ਬਾਬਾ ਗੋਰਾ ਸਿੰਘ, ਭਾਈ ਸੁਖ ਸਾਗਰ ਸਿੰਘ, ਭਾਈ ਮਨਜੀਤ ਸਿੰਘ ਗੁਰਵਾਲੀ, ਭਾਈ ਦਿਲਬਾਗ ਸਿੰਘ, ਭਾਈ ਮਿੰਟੂ ਜੀਤਾ, ਭਾਈ ਹੀਰਾ ਸਿੰਘ ਮਾਨੋਚਾਹਲ, ਕੁਲਵੰਤ ਸਿੰਘ ਗੁਰਵਾਲੀ, ਭਾਈ ਗੁਰ ਸੇਵਕ ਸਿੰਘ, ਭਾਈ ਥਿੰਦ ਸਰਪੰਚ ਤੇ ਭਾਈ ਲਾਲ ਸਿੰਘ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਅਕਾਲ ਯੂਨੀਵਰਸਿਟੀ ਵਿਚ ਅੰਤਰ-ਵਿਭਾਗੀ ਪੱਧਰ 'ਤੇ ਇੰਡੋਰ ਗੇਮਸ ਦਾ ਹੋਇਆ ਆਯੋਜਨ





**ਤਲਵੰਡੀ ਸਾਬੋ, 16 ਸਤੰਬਰ (ਗੁਰਜੰਟ ਸਿੰਘ ਨਥੇਹਾ)**-ਅਕਾਲ ਯੂਨੀਵਰਸਿਟੀ ਵਿਚ ਵਿਦਿਆਰਥੀਆਂ ਦੀ ਬਹੁਪੱਖੀ ਪ੍ਰਤਿਭਾ ਨੂੰ ਨਿਖਾਰਨ ਲਈ ਕਈ ਪ੍ਰਕਾਰ ਦੀਆਂ ਗਤੀਵਿਧੀਆਂ ਦਾ ਆਯੋਜਨ ਹੁੰਦਾ ਰਹਿੰਦਾ ਹੈ। ਇਸ ਲੜੀ ਵਿਚ ਹੀ ਯੂਨੀਵਰਸਿਟੀ ਵੱਲੋਂ ਅੰਤਰ-ਵਿਭਾਗੀ ਪੱਧਰ ਉੱਤੇ ਵਾਈਸ ਚਾਂਸਲਰ ਪ੍ਰੋ. ਗੁਰਮੇਲ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਇੰਡੋਰ ਗੇਮਸ ਦਾ ਆਯੋਜਨ ਕੀਤਾ ਗਿਆ ਜਿਸ ਵਿਚ ਟੇਬਲ ਟੇਨਿਸ, ਸ਼ਤਰੰਜ, ਲੁੱਡੋ, ਸੱਪ ਸੀੜੀ, ਕੈਰਮ ਬੋਰਡ ਅਤੇ ਰੂਬਿਕਸ਼ ਕਿਊਬ ਆਦਿ ਦੇ ਮੁਕਾਬਲੇ ਕਰਵਾਏ ਗਏ। ਇਸ ਪ੍ਰੋਗਰਾਮ ਦਾ ਉਦਘਾਟਨ ਰਜਿਸਟਰਾਰ ਡਾ. ਸਵਰਨ ਸਿੰਘ ਨੇ ਕੀਤਾ। ਸ਼ੁਰੂ ਵਿਚ ਡੀਨ ਵਿਦਿਆਰਥੀ ਭਲਾਈ ਡਾ. ਸੰਦੀਪ ਸਿੰਘ ਚਹਿਲ ਨੇ ਸਭ ਦਾ ਸਵਾਗਤ ਕਰਦਿਆਂ ਖੇਡਾਂ ਦੇ ਮੁੱਖ ਨਿਯਮਾਂ ਬਾਰੇ ਜਾਣਕਾਰੀ ਦਿੱਤੀ। ਡਾ. ਚਹਿਲ ਨੇ ਖੇਡਾਂ ਦੇ ਆਯੋਜਨ ਵਿਚ ਵਿਸ਼ੇਸ਼ ਭੂਮਿਕਾ ਨਿਭਾਈ। ਪ੍ਰੋਗਰਾਮ ਤੋਂ ਕੁਝ ਦਿਨ ਪਹਿਲਾਂ ਹੀ ਇਕ ਨੋਟਿਸ ਜਾਰੀ ਕਰਕੇ ਸਮੂਚੇ ਪ੍ਰੋਗਰਾਮ ਦੀ ਰੂਪਰੇਖਾ ਅਤੇ ਨਿਯਮਾਂ ਦੀ ਸੂਚੀ ਸਾਂਝੀ ਕੀਤੀ ਗਈ। ਮੁਕਾਬਲੇ ਵਿਚ ਵੱਖ ਵੱਖ ਵਿਭਾਗਾਂ ਦੇ ਲਗਭਗ 200 ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਹਰ ਖੇਡ ਦੇ ਪਹਿਲੇ ਤਿੰਨ ਸਥਾਨਾਂ ਉੱਤੇ ਰਹੇ ਖਿਡਾਰੀਆਂ ਨੂੰ ਪ੍ਰਮਾਣ ਪੱਤਰ ਅਤੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਯੂਨੀਵਰਸਿਟੀ ਵਾਈਸ ਚਾਂਸ਼ਲਰ ਪ੍ਰੋਫ਼ੈਸਰ ਗੁਰਮੇਲ ਸਿੰਘ ਨੇ ਵਿਦਿਆਰਥੀਆਂ ਦੀ ਖੇਡ ਭਾਵਨਾ ਦੀ ਸ਼ਲਾਘਾ ਕੀਤੀ ਅਤੇ ਸਮੁੱਚੀ ਪ੍ਰਬੰਧਕੀ ਟੀਮ ਨੂੰ ਸਫਲ ਆਯੋਜਨ ਲਈ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

## ਭਗਵੰਤ ਮਾਨ ਸਰਕਾਰ ਨੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜ ਕੇ ਸਿਰਜਿਆ ਨਵਾਂ ਇਤਿਹਾਸ : ਚੇਅਰਮੈਨ ਘੁੱਲੀ

ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੀ ਮਾਨ ਸਰਕਾਰ ਵੱਲੋਂ ਨੌਜਵਾਨਾਂ ਨੂੰ ਖੇਡਣ ਦਾ ਸੁਖਾਵਾਂ ਮਾਹੌਲ ਮੁਹੱਈਆ ਕਰਵਾਇਆ ਗਿਆ ਹੈ ਅਤੇ ਖੇਡਾਂ ਵਤਨ ਪੰਜਾਬ ਦੀਆਂ ਰਾਹੀਂ ਹਰ ਵਰਗ ਦੇ ਖਿਡਾਰੀਆਂ ਨੂੰ ਵੱਡਾ ਖੇਡ ਮੰਚ ਦੇ ਕੇ ਸਰਕਾਰ ਨੇ ਇਤਿਹਾਸ ਸਿਰਜਿਆ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਰਨਲ ਸਕੱਤਰ ਸ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ। ਉਨ੍ਹਾਂ ਕਿਹਾ ਕਿ ਖੇਡਾਂ ਵਤਨ ਪੰਜਾਬ ਦੀਆਂ ਪੰਜਾਬ ਮਾਨ ਸਰਕਾਰ ਦਾ ਸ਼ਲਾਘਾਯੋਗ ਉਪਰਾਲਾ ਹੈ ਹਰ ਇਕ ਨੌਜਵਾਨ ਨੂੰ ਇਸ ਦਾ ਲਾਹਾ ਲੈਂਦਿਆਂ ਖੇਡਾਂ ਵਿਚ ਭਾਗ ਲੈਣਾ ਚਾਹੀਦਾ ਹੈ । ਉਨਾਂ ਕਿਹਾ ਕਿ ਖੇਡਾਂ ਨਾਲ ਜੁੜ ਕੇ ਨੌਜਵਾਨ ਜਿੱਥੇ ਨਸ਼ਿਆਂ ਵਰਗੀਆਂ ਬੁਰਾਈਆਂ ਤੋਂ ਦੂਰ ਰਹਿੰਦੇ ਹਨ ਓਥੇ ਹੀ ਉਹ ਸਮਾਜ ਵਿਚ ਇਕ ਚੰਗੇ ਨਾਗਰਿਕ ਦੇ ਤੌਰ 'ਤੇ ਆਪਣੀ ਪਹਿਚਾਣ ਬਣਾ ਸਕਦੇ ਹਨ। ਉਨ੍ਹਾਂ ਕਿਹਾ ਕਿ ਨਰੋਈ ਸਿਹਤ ਅਤੇ ਨਾਮਣੇ ਲਈ ਨੌਜਵਾਨਾਂ ਦਾ ਖੇਡ ਮੈਦਾਨਾਂ ਨਾਲ ਜੁੜਨਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਤੰਦਰੁਸਤ ਸਰੀਰ ਸਭ ਤੋਂ ਵੱਡੀ ਕਮਾਈ ਹੈ ਅਤੇ ਸਰੀਰਿਕ ਤੰਦਰੁਸਤੀ ਦਾ ਰਾਜ਼ ਹਨ ਖੇਡਾਂ ਵਤਨ ਪੰਜਾਬ ਦੀਆਂ ਤਹਿਤ ਖੇਡ ਮੈਦਾਨਾਂ ਵਿਚ ਆਈਆਂ ਰੌਣਕਾਂ ਰੰਗਲੇ ਪੰਜਾਬ ਦੀ ਤਰਜਮਾਨੀ ਕਰਦੀਆਂ ਹਨ।



ਆਵਾਜ਼ਿ ਕੌਮ AWAZE QAUM International Newspaper & WEB TV

### ਮੁੱਖ ਮੰਤਰੀ ਕੇਜਰੀਵਾਲ ਦੀ ਰਿਹਾਈ 'ਤੇ ਪਟਾਕੇ ਚਲਾਉਣ 'ਤੇ ਕੇਂਦਰ ਸਰਕਾਰ ਅਤੇ ਉਪ ਰਾਜਪਾਲ ਨੂੰ ਕਰਨੀ ਚਾਹੀਦੀ ਹੈ ਕਾਰਵਾਈ : ਪੰਮਾ

# ਦਿੱਲੀ ਸਰਕਾਰ ਨੇ ਜਨਵਰੀ 2025 ਤਕ ਪਟਾਕੇ ਵੇਚਣ/ਚਲਾਉਣ ਤੇ ਲਗਾਈ ਹੈ ਪਾਬੰਦੀ

**ਨਵੀਂ ਦਿੱਲੀ 16 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਦਿੱਲੀ ਅੰਦਰ ਤਿਉਹਾਰਾਂ 'ਤੇ ਪਟਾਕੇ ਨਹੀਂ ਫੂਕੇ ਜਾ ਸਕਦੇ ਪਰ ਮੁੱਖ ਮੰਤਰੀ ਦੀ ਰਿਹਾਈ 'ਤੇ ਪਟਾਕੇ ਚਲਾਏ ਜਾ ਸਕਦੇ ਹਨ । ਇੱਕ ਪਾਸੇ ਦਿੱਲੀ ਸਰਕਾਰ ਨੇ 1 ਜਨਵਰੀ 2025 ਤੱਕ ਪਟਾਕਿਆਂ 'ਤੇ ਪਾਬੰਦੀ ਦਾ ਐਲਾਨ ਕੀਤਾ ਹੈ, ਦੂਜੇ ਪਾਸੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਮਿਲ਼ੀ ਜ਼ਮਾਨਤ 'ਤੇ, ਨਿਯਮਾਂ ਨੂੰ ਤੋੜਦੇ ਹੋਏ ਵਰਕਰਾਂ ਨੇ ਜ਼ੋਰਦਾਰ ਢੰਗ ਨਾਲ ਪਟਾਕੇ ਚਲਾਏ । ਇਸ ਸਬੰਧੀ ਫੈਡਰੇਸ਼ਨ ਆਫ ਸਦਰ ਬਜ਼ਾਰ ਵਪਾਰ ਮੰਡਲ ਦੇ ਚੇਅਰਮੈਨ ਪਰਮਜੀਤ ਸਿੰਘ ਪੰਮਾ ਨੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਕਿਹਾ ਕਿ ਅਸੀਂ ਆਪਣੇ ਤਿਉਹਾਰ 'ਤੇ ਪਟਾਕੇ ਨਹੀਂ ਚਲਾ ਸਕਦੇ। ਦੀਵਾਲੀ ਹੋਵੇ ਜਾਂ ਗੁਰਪੁਰਬ, ਕੀ ਮੁੱਖ ਮੰਤਰੀ ਜ਼ਮਾਨਤ 'ਤੇ ਰਿਹਾ ਹੋਣ 'ਤੇ ਖੁੱਲ੍ਹੇਆਮ ਪਟਾਕੇ ਚਲਾਉਣ ਨਾਲ ਪ੍ਰਦੂਸ਼ਣ ਨਹੀਂ ਹੋ ਰਿਹਾ..? ਦਿੱਲੀ ਸਰਕਾਰ ਦੀ ਇਸ ਦੋਗਲੀ ਨੀਤੀ ਨੂੰ ਲੈ ਕੇ ਵਪਾਰੀਆਂ ਵਿੱਚ ਭਾਰੀ ਰੋਸ ਹੈ

ਪਰਮਜੀਤ ਸਿੰਘ ਪੰਮਾ ਨੇ ਕਿਹਾ ਕਿ ਬਹੁਤ ਦੁੱਖ ਦੀ ਗੱਲ ਹੈ ਕਿ ਜਦੋਂ ਵੀ ਤਿਉਹਾਰ ਆਉਂਦੇ ਹਨ ਤਾਂ ਪ੍ਰਦੂਸ਼ਣ ਦੇ ਨਾਂ 'ਤੇ ਜਾਂ ਤਾਂ ਅਜਿਹੇ ਨਿਯਮ ਲਿਆਂਦੇ ਜਾਂਦੇ ਹਨ ਜਾਂ ਪਟਾਕਿਆਂ 'ਤੇ ਪਾਬੰਦੀ ਲਗਾ ਦਿੱਤੀ ਜਾਂਦੀ ਹੈ। ਉਹ ਕਦੇ-ਕਦਾਈਂ ਔਡ ਅਤੇ ਈਵਨ ਸਿਸਟਮ ਸੈੱਟ ਕਰਦੇ ਹਨ, ਜਿਸ ਨਾਲ ਵਪਾਰੀਆਂ ਨੂੰ ਭਾਰੀ ਨੁਕਸਾਨ ਹੁੰਦਾ ਹੈ। ਜਦੋਂ ਕਿ ਦਿੱਲੀ ਵਿੱਚ ਬਾਹਰੋਂ ਲਿਆਂਦੇ ਪਟਾਕਿਆਂ ਦੀ ਵਰਤੋਂ ਦਿੱਲੀ ਵਿੱਚ ਹੀ ਹੁੰਦੀ ਹੈ, ਜਿਸ ਕਾਰਨ ਕਰੋੜਾਂ ਰੁਪਏ ਦਾ ਵਪਾਰ ਦੂਜੇ ਰਾਜਾਂ ਵਿੱਚ ਹੁੰਦਾ ਹੈ ਤੇ ਨੁਕਸਾਨ ਦਿੱਲੀ ਦੇ ਵਪਾਰੀਆਂ ਨੂੰ ਹੁੰਦਾ ਹੈ ।

ਪਰਮਜੀਤ ਸਿੰਘ ਪੰਮਾ ਨੇ ਕੇਂਦਰ ਸਰਕਾਰ ਅਤੇ ਦਿੱਲੀ ਦੇ ਉਪ ਰਾਜਪਾਲ ਤੋਂ ਮੁੱਖ ਮੰਤਰੀ ਨੂੰ ਜ਼ਮਾਨਤ 'ਤੇ ਰਿਹਾਅ ਹੋਣ ਉਪਰੰਤ ਉਨ੍ਹਾਂ ਦੀ ਪਾਰਟੀ ਵਰਕਰਾਂ ਵਲੋਂ ਪਟਾਕੇ ਚਲਾਉਣ ਵਿਰੁੱਧ ਕਾਰਵਾਈ ਕਰਨ ਦੀ ਮੰਗ ਕੀਤੀ ਹੈ।



### ਭਗਵੰਤ ਮਾਨ ਵਲੋਂ ਗੁਰੂ ਅਮਰ ਦਾਸ ਜੀ ਅਤੇ ਗੁਰੂ ਰਾਮਦਾਸ ਜੀ ਦੀਆਂ 450 ਸਾਲਾ ਸ਼ਤਾਬਦੀਆਂ ਮੌਕੇ ਵਿਸ਼ੇਸ਼ ਐਲਾਨ ਨਾ ਕਰਨੇ

# ਸਿੱਖਾਂ ਪ੍ਰਤੀ ਹੋਈ ਨਫਰਤ ਜ਼ਾਹਿਰ : ਸਰਨਾ

**ਨਵੀਂ ਦਿੱਲੀ 16 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਪੰਜਾਬ ਸਿੱਖਾਂ ਦਾ ਘਰ ਹੈ । ਇਹ ਸਿੱਖ ਹੋਮਲੈਂਡ ਹੈ ਤੇ ਇੱਕੋ ਇੱਕ ਸਿੱਖ ਬਹੁਗਿਣਤੀ ਸੂਬਾ ਹੈ । ਇਸਤੋਂ ਇਲਾਵਾ ਵੀ ਪੰਜਾਬ ਦਾ ਹਰ ਵਸਨੀਕ ਭਾਵੇਂ ਉਹ ਕਿਸੇ ਵੀ ਧਰਮ ਜਾਂ ਵਰਗ ਨਾਲ ਸੰਬੰਧ ਰੱਖਦਾ ਹੋਵੇ । ਉਹ ਸਿੱਖ ਗੁਰੂ ਸਾਹਿਬਾਨ ਵਿੱਚ ਆਪਣੀ ਆਸਥਾ ਵੀ ਰੱਖਦਾ ਹੈ ਦਿਲੋਂ ਸਤਿਕਾਰ ਵੀ ਕਰਦਾ ਹੈ ।ਏਸੇ ਕਾਰਨ ਜਦੋਂ ਵੀ ਸਿੱਖਾਂ ਨਾਲ ਸੰਬੰਧਿਤ ਖ਼ਾਸ ਦਿਹਾੜੇ ਆਉਂਦੇ ਹਨ ਤਾਂ ਪੰਜਾਬ ਦੀਆਂ ਮੁਢਲੀਆਂ ਸਰਕਾਰਾਂ ਤੋਂ ਇਹ ਦਸਤੂਰ ਬਣਿਆ ਕਿ ਉਹਨਾਂ ਮੌਕੇ ਸਤਿਕਾਰ ਵਜੋਂ ਸੂਬੇ ਅੰਦਰ ਗਜਟਿਡ ਛੁੱਟੀ ਕੀਤੀ ਜਾਂਦੀ ਹੈ ।



ਇਸਤੋਂ ਇਲਾਵਾ ਜਦੋਂ ਸਿੱਖ ਗੁਰੂ ਸਾਹਿਬਾਨ ਨਾਲ ਸੰਬੰਧਿਤ ਸ਼ਤਾਬਦੀ ਵਗ੍ਹਾ ਹੁੰਦਾ ਹੈ ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੇ ਹੋਰ ਸਿੱਖ ਸੰਸਥਾਵਾਂ ਦੇ ਨਾਲ – ਨਾਲ ਪੰਜਾਬ ਸਰਕਾਰ ਵੱਲੋਂ ਵੀ ਵਿਸ਼ੇਸ਼ ਰੂਪ ਵਿੱਚ ਪ੍ਰੋਗਰਾਮ ਉਲੀਕੇ ਜਾਂਦੇ ਹਨ ।ਇਸਦੇ ਨਾਲ ਹੀ ਸਮੇਂ – ਸਮੇਂ ਤੇ ਤਤਕਾਲੀ ਸਰਕਾਰਾਂ ਵੱਲੋਂ ਚਾਹੇ ਉਹ ਕਿਸੇ ਵੀ ਪਾਰਟੀ ਦੀ ਹੋਵੇ । ਇਸ ਮੌਕੇ ਵਿਸ਼ੇਸ ਐਲਾਨ ਵੀ ਕੀਤੇ ਜਾਂਦੇ ਸਨ ਤੇ ਉਹਨਾਂ ਦੀ ਪੂਰਤੀ ਵੀ ਕੀਤੀ ਜਾਂਦੀ ਸੀ ।

> **ਕੌਮ ਮਨਾ ਰਹੀ ਹੈ ਗੁਰੂ ਅਮਰ ਦਾਸ ਜੀ ਦੇ 450 ਸਾਲਾ ਜੋਤੀ ਜੋਤਿ ਸਮਾਉਣ ਦੀ ਸ਼ਤਾਬਦੀ ਤੇ ਸ੍ਰੀ ਗੁਰੂ ਰਾਮਦਾਸ ਜੀ ਦੀ 450 ਸਾਲਾ ਗੁਰਿਆਈ ਸ਼ਤਾਬਦੀ**

ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਤੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਸ. ਪਰਮਜੀਤ ਸਿੰਘ ਸਰਨਾ ਨੇ ਜਾਰੀ ਇਕ ਪ੍ਰੈੱਸ ਨੋਟ ਰਾਹੀਂ ਕਿ ਜਿਵੇਂ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੀ 500 ਸਾਲਾ ਜਨਮ ਸ਼ਤਾਬਦੀ ਮੌਕੇ ਸੰਨ 1969 ਵਿੱਚ ਪੰਜਾਬ ਸਰਕਾਰ ਵੱਲੋਂ ਉਹਨਾਂ ਤੇ ਨਾਮ ਤੇ ਅੰਮ੍ਰਿਤਸਰ ਸਾਹਿਬ ਵਿਖੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੀ ਸਥਾਪਨਾ ਕੀਤੀ ਗਈ । ਸੰਨ 1999 ਵਿੱਚ ਖ਼ਾਲਸੇ ਦੀ ਤਿੰਨ ਸੌ ਸਾਲਾ ਜਨਮ ਸ਼ਤਾਬਦੀ ਮੌਕੇ ਤਤਕਾਲੀ ਸ ਪ੍ਰਕਾਸ਼ ਸਿੰਘ ਬਾਦਲ ਦੀ ਪੰਜਾਬ ਸਰਕਾਰ ਵੱਲੋਂ ਵਿਰਾਸਤ – ਏ – ਖਾਲਸਾ ਮਿਊਜ਼ੀਅਮ ਦੀ ਸਥਾਪਨਾ ਕੀਤੀ ਗਈ । ਸ੍ਰੀ ਗੁਰੂ ਅਰਜਨ ਦੇਵ ਜੀ ਦੇ 400 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸਰਕਾਰ ਵੱਲੋਂ ਤਰਨਤਾਰਨ ਨੂੰ ਜ਼ਿਲ੍ਹਾ ਐਲਾਨਿਆ ਗਿਆ । ਇਸੇ ਤਰ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾਂ ਜਨਮ ਸ਼ਤਾਬਦੀ ਮੌਕੇ ਤਤਕਾਲੀ ਕੈਪਟਨ ਅਮਰਿੰਦਰ ਸਿੰਘ ਸਰਕਾਰ ਵੱਲੋਂ ਨਾ ਸਿਰਫ ਸੁਲਤਾਨਪੁਰ ਲੋਧੀ ਵਿਖੇ ਵਿਸ਼ੇਸ ਸਮਾਗਮ ਕੀਤੇ ਗਏ ਸਗੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਹਰੇਕ ਨਗਰੀ ਨੂੰ ਪੰਜਾਬ ਅੰਦਰ ਵਿਸ਼ੇਸ਼ ਗਰਾਂਟ ਦਿੱਤੀ ਗਈ । ਇਸੇ ਤਰ੍ਹਾਂ ਹਰ ਸ਼ਤਾਬਦੀ ਮੌਕੇ ਪੰਜਾਬ 'ਚ ਚਾਹੇ ਕੋਈ ਵੀ ਸਰਕਾਰ ਹੁੰਦੀ ਸੀ । ਉਹ ਆਪਣਾ ਫਰਜ਼ ਸਮਝਿਆਂ ਵੱਧ ਚੜਕੇ ਕਾਰਜ ਕਰਦੀ ਸੀ ।

ਪਰ ਭਗਵੰਤ ਮਾਨ ਦੀ ਅਗਵਾਈ ਵਾਲੀ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਇਸ ਕਦਰ ਸਿੱਖ ਕੌਮ ਪ੍ਰਤੀ ਨੱਕੋਂ ਨੱਕ ਨਫ਼ਰਤ ਨਾਲ ਭਰੀ ਹੋਈ ਹੈ ਕਿ ਸ੍ਰੀ ਗੁਰੂ ਅਮਰ ਦਾਸ ਜੀ ਦੇ 450 ਸਾਲਾ ਜੋਤੀ ਜੋਤਿ ਸਮਾਉਣ ਦੀ ਸ਼ਤਾਬਦੀ ਤੇ ਸ੍ਰੀ ਗੁਰੂ ਰਾਮਦਾਸ ਜੀ ਦੀ 450 ਸਾਲਾ ਗੁਰਿਆਈ ਸ਼ਤਾਬਦੀ ਮੌਕੇ ਨਾ ਤੇ ਕੋਈ ਵਿਸ਼ੇਸ਼ ਐਲਾਨ ਹੀ ਕੀਤਾ ਗਿਆ ਹੈ ਤੇ ਨਾਹੀ ਕੋਈ ਵਿਸ਼ੇਸ਼ ਸਮਾਗਮ ਜਾਂ ਪ੍ਰਬੰਧ ਕੀਤੇ ਗਏ ਹਨ । ਇੱਥੋਂ ਤੱਕ ਕਿ ਸ੍ਰੀ ਗੋਇੰਦਵਾਲ ਸਾਹਿਬ ਅੰਦਰ ਪਾਰਕਿੰਗ ਤੱਕ ਦੀ ਵਿਵਸਥਾ ਭਗਵੰਤ ਮਾਨ ਦੀ ਸਿੱਖ ਵਿਰੋਧੀ ਸਰਕਾਰ ਨੇ ਨਹੀ ਕੀਤੀ । ਜੋ ਇਸਦੀ ਸਿੱਖ ਵਿਰੋਧੀ ਮਾਨਸਿਕਤਾ ਦੀ ਪ੍ਰਤੱਖ ਮਿਸਾਲ ਹੈ । ਸਿੱਖ ਨਾਇਕਾਂ ਪ੍ਰਤੀ ਭਗਵੰਤ ਮਾਨ ਦੀ ਨਫ਼ਰਤ ਮੋਹਾਲੀ ਦੇ ਹਵਾਈ ਅੱਡੇ ਤੋਂ ਬਾਬਾ ਬੰਦਾ ਸਿੰਘ ਬਹਾਦਰ ਦਾ ਬੁੱਤ ਹਟਾਏ ਜਾਣ ਤੋਂ ਵੀ ਜ਼ਾਹਰ ਹੋ ਜਾਂਦੀ ਹੈ ।

ਭਗਵੰਤ ਮਾਨ ਨੂੰ ਦੱਸ ਦੇਣਾ ਚਾਹੁੰਦੇ ਹਾਂ ਕਿ ਰਾਜ ਭਾਗ ਸਦਾ ਨਹੀ ਰਹਿੰਦੇ। ਇਸ ਲਈ ਸੱਤਾ ਦੇ ਨਸ਼ੇ ਵਿੱਚ ਭਗਵੰਤ ਮਾਨ ਏਨਾ ਵੀ ਗ਼ੂਰ ਕਰਕੇ ਗੁਰੂ ਘਰ ਤੇ ਸਿੱਖ ਪੰਥ ਨਾਲ ਮੱਥਾ ਨਾ ਲਗਾਵੇ ਕਿਉਂਕਿ ਰਾਜ ਭਾਗ ਮਿੱਟੀ ਹੁੰਦਿਆਂ ਸਮਾਂ ਨਹੀ ਲੱਗਦਾ । ਨਾਲ ਹੀ ਇਸ ਦਾ ਕਾਰਨ ਅਸੀਂ ਖਾਲਸਾ ਪੰਥ ਦੀ ਆਪਸੀ ਫੁੱਟ ਨੂੰ ਵੀ ਮੰਨਦੇ ਹਾਂ ਕਿ ਅਸੀਂ ਸਿੱਖ ਆਪਸ ਵਿੱਚ ਵੰਡੇ ਹੋਏ ਹਾਂ ਸਿੱਖ ਕੌਮ ਦੀ ਰਾਜਸ਼ੀ ਧਿਰ ਸ਼੍ਰੋਮਣੀ ਅਕਾਲੀ ਵਿੱਚ ਵੀ ਪੂਰੀ ਇਕਸੁਰਤਾ ਅਜੇ ਨਜ਼ਰ ਨਹੀਂ ਆਉਂਦੀ ਕੁੱਝ ਲੋਕ ਆਪਣਾ ਰਾਗ ਅਲਾਪ ਰਹੇ ਹਨ। ਤਾਂ ਕਰਕੇ ਸਰਕਾਰਾਂ ਹੁਣ ਸਿੱਖਾਂ ਨੂੰ ਅਣਗੌਲਿਆਂ ਕਰ ਰਹੀਆਂ ਹਨ।

### ਪਰਾਲੀ ਨੂੰ ਸਾੜਣ ਵਾਲੇ ਹਾਟ ਸਪਾਟ ਪਿੰਡਾਂ ਦੀ ਕੀਤੀ ਜਾਵੇ ਸਖਤ ਨਿਗਰਾਨੀ-ਡਿਪਟੀ ਕਮਿਸ਼ਨਰ

# ਪਰਾਲੀ ਨੂੰ ਸਾੜਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਕੀਤੀ ਮੀਟਿੰਗ



**ਜੰਡਿਆਲਾ ਗੁਰੂ, 16 ਸਤੰਬਰ ( ਕੁਲਵੰਤ ਸਿੰਘ ਵਿਰਦੀ)**-ਆ ਰਹੇ ਝੋਨੇ ਦੀ ਸੀਜਨ ਵਿੱਚ ਕਿਸਾਨਾਂ ਵੱਲੋਂ ਪਰਾਲੀ ਨੂੰ ਅੱਗ ਲਾਉਣ ਦੀਆਂ ਘਟਨਾਵਾਂ ਨੂੰ ਰੋਕਣ ਲਈ ਜਿਲ੍ਹਾ ਪ੍ਰਸਾਸ਼ਨ ਪੂਰੀ ਤਰ੍ਹਾਂ ਤਿਆਰ ਹੈ ਅਤੇ ਹਾਟ ਸਪਾਟ ਪਿੰਡਾਂ ਦੀ ਸਖਤ ਨਿਗਰਾਨੀ ਕੀਤੀ ਜਾਵੇਗੀ। ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਮੈਡਮ ਸਾਕਸ਼ੀ ਸਾਹਨੀ ਨੇ ਅੱਜ ਸਮੂਹ ਐਸ:ਡੀ:ਐਮਜ਼, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਖੇਤੀਬਾੜੀ ਅਤੇ ਜਿਲ੍ਹਾ ਮੰਡੀ ਅਫਸਰ ਅਧਿਕਾਰੀਆਂ ਨਾਲ ਮੀਟਿੰਗ ਕਰਨ ਸਮੇਂ ਕੀਤਾ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹਾਟ ਸਪਾਟ ਪਿੰਡਾਂ ਦੀ ਸਖਤ ਨਿਗਰਾਨੀ ਲਈ ਥਾਣਾ ਮੁਖੀਆਂ ਨਾਲ ਤਾਲਮੇਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਹੁਣ ਤੱਕ 9 ਥਾਂਵਾਂ ਤੇ ਅੱਗ ਲੱਗਣ ਦੀਆਂ ਘਟਨਾਵਾਂ ਬਾਰੇ ਸੂਚਨਾ ਪ੍ਰਾਪਤ ਹੋਈ ਹੈ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਅਧਿਕਾਰੀਆਂ ਨੂੰ ਕਾਰਵਾਈ ਕਰਨ ਲਈ ਕਿਹਾ ਗਿਆ ਹੈ। ਡਿਪਟੀ ਕਮਿਸ਼ਨਰ ਨੇ ਹਦਾਇਤ ਕੀਤੀ ਕਿ ਪਿੰਡ ਦੇ ਨੰਬਰਦਾਰ ਅਤੇ ਚੌਂਕੀਦਾਰਾਂ ਨਾਲ ਰਾਬਤਾ ਕਾਇਮ ਕੀਤਾ ਜਾਵੇ ਤਾਂ ਜੋ ਪਰਾਲੀ ਸਾੜਨ ਤੇ ਕਾਬੂ ਪਾਉਣ ਲਈ ਕੰਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਸਮੇਂ ਦੀ ਮੁੱਖ ਲੋੜ ਹੈ ਕਿ ਕਿਸਾਨਾਂ ਨੂੰ ਪਰਾਲੀ ਦੀ ਲੱਗਣ ਨਾਲ ਹੋਣ ਵਾਲੀਆਂ ਘਟਨਾਵਾਂ, ਬਿਮਾਰੀਆਂ ਅਤੇ ਵਾਤਾਵਰਣ ਪ੍ਰਦੂਸ਼ਿਤ ਹੋਣ ਬਾਰੇ ਜਾਗਰੂਕ ਕੀਤਾ ਜਾ ਸਕੇ। ਡਿਪਟੀ ਕਮਿਸ਼ਨਰ ਨੇ ਹਾਟ ਸਪਾਟ ਪਿੰਡਾਂ ਦੇ 100 ਸੀਮਾਂਤ ਕਿਸਾਨਾਂ ਨੂੰ ਸਰਕਾਰ ਦੁਆਰਾ, ਦਿੱਤੀ ਗਈ ਡੈਮੋ ਪਲਾਟ ਨੀਤੀ ਸਬਸਿਡੀ ਦੇਣ ਆਦੇਸ਼ ਵੀ ਦਿੱਤੇ। ਡਿਪਟੀ ਕਮਿਸ਼ਨਰ ਨੇ ਸਪਸ਼ਟ ਕੀਤਾ ਕਿ ਏਅਰ ਕੁਆਲਟੀ ਮੈਨੈਜਮੈਂਟ ਕਮਿਸ਼ਨ ਪਰਾਲੀ ਨੂੰ ਅੱਗ ਲੱਗਣ ਵਾਲੀਆਂ ਘਟਨਾਵਾਂ ਨੂੰ ਬਹੁਤ ਗੰਭੀਰਤਾ ਨਾਲ ਲੈਂਦਾ ਹੈ ਅਤੇ ਇਸ ਵਿੱਚ ਕਿਸੇ ਵੀ ਪੱਧਰ ਤੇ ਰਤੀ ਭਰ ਵੀ ਕੁਤਾਹੀ ਦੀ ਗੁੰਜਾਇਸ਼ ਨਹੀਂ ਹੈ। ਉਨ੍ਹਾਂ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਅਗਲੇ ਦੋ ਮਹੀਨੇ ਖੇਤਾਂ ਵਿੱਚ ਸਰਗਰਮ ਰਹਿਣ। ਉਨ੍ਹਾਂ ਸਮੂਹ ਐਸ:ਡੀ:ਐਮਜ਼ ਨੂੰ ਕਿਹਾ ਕਿ ਉਹ ਪਿਛਲੇ ਸਾਲ ਦਾ ਡਾਟਾ ਵੇਖ ਕੇ ਜਿੰਨਾਂ ਪਿੰਡਾਂ ਵਿੱਚ ਅੱਗ ਲੱਗਣ ਦੀਆਂ ਵੱਧ ਘਟਨਾਵਾਂ ਹੋਈਆਂ ਹਨ, ਉਥੇ ਪਹੁੰਚ ਕਰਕੇ ਕਿਸਾਨਾਂ ਨੂੰ ਜਾਗਰੂਕ ਕਰਨ। ਉਨ੍ਹਾਂ ਸਪਸ਼ਟ ਹਦਾਇਤ ਕਰਦਿਆਂ ਕਿਹਾ ਕਿ ਐਸ:ਡੀ:ਐਮਜ਼ ਦੇ ਨਾਲ ਤਹਿਸੀਲਦਾਰ ਕਲੱਸਟਰ ਅਧਿਕਾਰੀ ਲਗਾਏ ਗਏ ਹਨ ਅਤੇ ਫਿਰ ਹਰੇਕ ਪਿੰਡ ਤੇ ਪਟਵਾਰੀ ਜਾਂ ਹੋਰ ਵਿਭਾਗਾਂ ਦੇ ਅਧਿਕਾਰੀ ਬਤੌਰ ਨੋਡਲ ਅਫਸਰ ਪਰਾਲੀ ਨੂੰ ਅੱਗ ਲੱਗਣ ਤੋਂ ਰੋਕਣ ਲਈ ਕੰਮ ਕਰਨਗੇ। ਇਸ ਮੀਟਿੰਗ ਵਿੱਚ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ, ਐਸ:ਡੀ:ਐਮ ਸ੍ਰ ਮਨਕੰਵਲ ਸਿੰਘ ਚਾਹਲ, ਰੀਜਨਲ ਟਰਾਂਸਪੋਰਟ ਸਕੱਤਰ ਸ੍ਰ ਅਰਸ਼ਦੀਪ ਸਿੰਘ, ਐਕਸੀਅਨ ਪ੍ਰਦੂਸ਼ਣ ਬੋਰਡ ਸ੍ਰ ਸੁਖਦੇਵ ਸਿੰਘ, ਮੁੱਖ ਖੇਤੀਬਾੜੀ ਅਫਸਰ ਸ੍ਰ ਤਜਿੰਦਰ ਸਿੰਘ ਹੁੰਦਲ, ਜਿਲ੍ਹਾ ਮੰਡੀ ਅਫਸਰ ਸ੍ਰ ਅਮਨਦੀਪ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਹਾਜਰ ਸਨ।

# ਵਿਕਾਸ ਕਾਰਜਾਂ ਸਬੰਧੀ ਬਲਾਕ ਬੀ ਡੀ ਪੀ ਓ ਸ੍ਰ ਭੱਟੀ ਨਾਲ ਕੀਤੀ ਮੀਟਿੰਗ : ਸ੍ਰ ਮਲਕੀਤ ਸਿੰਘ ਬਾਠ



**ਜੰਡਿਆਲਾ ਗੁਰੂ, 16 ਸਤੰਬਰ (ਕੁਲਵੰਤ ਸਿੰਘ ਵਿਰਦੀ)**-ਲੋਕ ਸਭਾ ਹਲਕਾ ਖਡੂਰ ਸਾਹਿਬ ਅਤੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਬੰਡਾਲਾ ਵਿਚ ਯੋਜਨਾਬੱਧ ਤਰੀਕੇ ਨਾਲ ਵਿਕਾਸ ਕਾਰਜ ਕਰਨ ਲਈ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਨਾਲ ਬੀ ਡੀ ਪੀ ਓ ਸ੍ਰ ਮਲਕੀਤ ਸਿੰਘ ਭੱਟੀ ਅਤੇ ਬਲਾਕ ਅਧਿਕਾਰੀਆਂ ਵਲੋਂ ਮੀਟਿੰਗ ਦੌਰਾਨ ਸਲਾਹ ਮਸ਼ਵਰਾ ਕੀਤਾ ਗਿਆ ਇਹ ਮੀਟਿੰਗ ਬਲਾਕ ਅਧਿਕਾਰੀਆਂ ਨਾਲ ਆਪ ਆਗੂ ਅਮਰੀਕ ਸਿੰਘ ਬਾਠ ਅਤੇ ਹੋਰ ਆਗੂਆਂ ਨੇ ਕੀਤੀ ਇਸ ਮੀਟਿੰਗ ਦੌਰਾਨ ਬਾਬਾ ਜੱਸ ਹਵੇਲੀਆ ਪੰਚਾਇਤ ਵਿਚ ਬਣਨ ਵਾਲੀ ਸੜਕ, ਪ੍ਰਚੀਨ ਯੋਗੀ ਆਸਨ ਨੂੰ ਜਾਂਦੀ ਸੜਕ ਤੇ ਗੇਟ ਬਣਾਉਣ ਸਬੰਧੀ ਚਰਚਾ ਕੀਤੀ ਗਈ ਇਸ ਤੋਂ ਇਲਾਵਾ ਜਿਹੜੇ ਕੁਝ ਰਸਤੇ ਪੁਰਾਣੇ ਸਮੇਂ ਦੇ ਬਣੇ ਹਨ ਉਨ੍ਹਾਂ ਤੇ ਇੰਟਰਲਾਕ ਟਾਈਲਾਂ ਲਗਾਉਣ ਦੀ ਯੋਜਨਾ ਉਲੀਕੀ ਗਈ ਇਸ ਮੌਕੇ ਤੇ ਬਾਠ ਨੇ ਦੱਸਿਆ ਕਿ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਵਲੋਂ ਵਿਕਾਸ ਕਾਰਜਾਂ ਲਈ ਗ੍ਰਾਂਟਾ ਖੁੱਲੀਆਂ ਵੰਡੀਆ ਜਾ ਰਹੀਆ ਹਨ ਅਤੇ ਵਿਕਾਸ ਵੀ ਸਮਾਂਬੱਧ ਢੰਗ ਨਾਲ ਨੇਪਰੇ ਚੜ ਰਹੇ ਹਨ ਉਨ੍ਹਾਂ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਪੁਰਾਣੀਆਂ ਰਵਾਇਤਾਂ ਨਾਲੋਂ ਹੱਟ ਕੇ ਵਿਕਾਸ ਕੀਤਾ ਜਾ ਰਿਹਾ ਹੈ ਅਤੇ ਇਸ ਕਰਕੇ ਵਿਰੋਧੀ ਉਲਟੇ ਸਿੱਧੇ ਬਿਆਨ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਬਾਰੇ ਦਿੰਦੇ ਰਹਿੰਦੇ ਹਨ ਉਨ੍ਹਾਂ ਦੱਸਿਆ ਕਿ ਨਸ਼ੇ ਨੂੰ ਠੱਲ ਪਾਈ ਜਾ ਰਹੀ ਅਤੇ ਰਿਸ਼ਵਤਖੋਰੀ ਬੰਦ ਕੀਤੀ ਜਾ ਰਹੀ ਹੈ ਜੋ ਪੁਰਾਣੀਆਂ ਸਰਕਾਰਾਂ ਦੇ ਸਮੇਂ ਦੌਰਾਨ ਚਲਦੀ ਸੀ ਉਨ੍ਹਾਂ ਕਿਹਾ ਕਿ ਵਿਕਾਸ ਦੇ ਮੁੱਦੇ ਤੇ ਪੰਚਾਇਤੀ ਅਤੇ ਜ਼ਿਮਨੀ ਚੋਣਾਂ ਲੜੀਆਂ ਜਾਣਗੀਆਂ ਜਿਸ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਜਿੱਤ ਵੱਡੇ ਪੱਧਰ ਤੇ ਹੋਵੇਗੀ ਉਨ੍ਹਾਂ ਕਿਹਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵਲੋਂ ਹਲਕੇ ਵਿਚ ਵਿਕਾਸ ਦੀ ਹਨੇਰੀ ਲਿਆ ਦਿੱਤੀ ਹੈ ਇਸ ਮੌਕੇ ਤੇ ਅਮਰੀਕ ਸਿੰਘ ਬਾਠ ਤੋਂ ਇਲਾਵਾ ਲਖਬੀਰ ਸਿੰਘ, ਸਮਸ਼ੇਰ ਸਿੰਘ ਮੋਨੂੰ, ਸੁਖਵਿੰਦਰ ਸਿੰਘ ਛਿੰਦਾ, ਡਾਕਟਰ ਸਰੂਪ ਸਿੰਘ, ਸੁੱਚਾ ਸਿੰਘ ਅਤੇ ਹੋਰ ਵੀ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ ਸਨ।

# ਸਰਕਾਰੀ ਸੀ: ਸੈਕੰ: ਸਕੂਲ ਗਹਿਰੀ ਮੰਡੀ ਦੇ ਪ੍ਰਿੰਸੀਪਲ ਤੇ ਮਿਡ ਡੇ ਮੀਲ 'ਚ ਹੋਈ ਗੜਬੜੀ ਨੂੰ ਲੈ ਕੇ ਦਿੱਤਾ ਧਰਨਾ

## ਪ੍ਰਿੰਸੀਪਲ ਵੱਲੋਂ ਆਪਣੇ ਤੇ ਲੱਗੇ ਆਰੋਪਾਂ ਨੂੰ ਨਕਾਰਿਆ




**ਜੰਡਿਆਲਾ ਗੁਰੂ, 16 ਸਤੰਬਰ( ਕੁਲਵੰਤ ਸਿੰਘ ਵਿਰਦੀ)**-ਜੰਡਿਆਲਾ ਗੁਰੂ ਦੇ ਬਲਾਕ ਅੰਦਰ ਆਉਣ ਵਾਲੇ ਪਿੰਡ ਗਹਿਰੀ ਮੰਡੀ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੇ ਗੇਟ ਅੱਗੇ ਅਕਾਲੀ ਨੇਤਾ ਮਨਜਿੰਦਰ ਸਿੰਘ ਮੀਰੀ ਅਤੇ ਸਾਬਕਾ ਸਰਪੰਚ ਗਹਿਰੀ ਮੰਡੀ ਦੁਆਰਾ ਧਰਨਾ ਲਗਾਇਆ ਗਿਆ ਭੀਰੀ ਨੇ ਸਕੂਲ ਦੇ ਪ੍ਰਿੰਸੀਪਲ ਜਸਪ੍ਰੀਤ ਸਿੰਘ ਉੱਪਰ ਆਰੋਪ ਲਗਾਉਂਦਿਆਂ ਕਿਹਾ ਕਿ ਸਰਕਾਰ ਦੁਆਰਾ ਜੋ ਮਿਡ ਡੇ ਮੀਲ ਦੇ ਲਈ ਚਾਵਲ ਭੇਜੇ ਜਾਂਦੇ ਹਨ ਉਹਨਾਂ ਚਾਵਲਾ ਦੇ 6 ਬੈਗ ਪ੍ਰਿੰਸੀਪਲ ਦੁਆਰਾ ਇੱਕ ਆਟਾ ਚੱਕੀ ਤੇ ਵੇਚਣ ਦੇ ਲਈ ਭੇਜ ਦਿੱਤਾ ਗਿਆ ਜਿਸ ਦੀ ਉਸ ਕੋਲ ਵੀਡੀਓ ਅਤੇ ਆਡੀਓ ਦੋਵੇਂ ਹਨ ਜੋ ਮੀਡੀਆ ਨਾਲ ਸਬੰਧਤ ਪੱਤਰਕਾਰਾਂ ਨੂੰ ਵੀ ਦੋਵੇਂ ਆਡੀਓ ਤੇ ਵੀਡੀਓ ਦਿਤੀਆਂ ਗਈਆਂ ਹਨ ਇਸ ਤੋਂ ਇਲਾਵਾ ਉਹਨਾਂ ਨੇ ਇਹ ਵੀ ਕਿਹਾ ਕਿ ਪਿਛਲੇ ਇਕ ਸਾਲ ਦੌਰਾਨ ਸਰਕਾਰ ਦੁਆਰਾ ਕਰੀਬ 10 ਲੱਖ ਰੁਪਏ ਦੀ ਸਕੂਲ ਦੇ ਵੱਖ ਵੱਖ ਕੰਮਾਂ ਲਈ ਗਰਾਂਟ ਜਾਰੀ ਹੋਈ ਸੀ ਅਕਾਲੀ ਨੇਤਾ ਮਨਜਿੰਦਰ ਸਿੰਘ ਭੀਰੀ ਤੇ ਸਾਬਕਾ ਸਰਪੰਚ ਗਹਿਰੀ ਮੰਡੀ ਨੇ ਕਿਹਾ ਕਿ ਇਸ ਗ੍ਰਾਂਟ ਦੀ ਜਾਂਚ ਫੀਜੀਕਲ ਵੈਰੀਫਿਕੇਸ਼ਨ ਕਰਵਾਈ ਜਾਵੇ ਤਾਂ ਵੱਡਾ ਘੋਟਾਲਾ ਸਾਹਮਣੇ ਆ ਸਕਦਾ ਹੈ ਇਸ ਸਬੰਧੀ ਪ੍ਰਿੰਸੀਪਲ ਜਸਪ੍ਰੀਤ ਸਿੰਘ ਨਾਲ ਫੋਨ ਤੇ ਗੱਲਬਾਤ ਕੀਤੀ ਗਈ ਜਿਸ ਵਿੱਚ ਉਨ੍ਹਾਂ ਨੇ ਕਿਹਾ ਕਿ ਇਹ ਧਰਨਾ ਲਾ ਕੇ ਸਿਰਫ਼ ਸਰਕਾਰ ਅਤੇ ਪ੍ਰਸ਼ਾਸਨ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ ਇਸ ਪਿੱਛੇ ਕੋਈ ਸੱਚਾਈ ਨਹੀਂ ਹੈ ਲੇਕਿਨ ਫਿਰ ਵੀ ਅਸੀਂ ਆਪਣੀ ਤਰਫੋਂ ਅਤੇ ਸਕੂਲ ਦੇ ਸਮੂਹ ਸਟਾਫ ਵੱਲੋਂ ਇਸ ਮਾਮਲੇ ਨਾਲ ਸਬੰਧਿਤ ਐਪਲੀਕੇਸ਼ਨ ਭੇਜ ਦਿੱਤੀ ਗਈ ਹੈ।

### ਸ੍ਰੀ ਗੋਇੰਦਵਾਲ ਸਾਹਿਬ ਸ਼ਤਾਬਦੀ ਸਮਾਗਮਾਂ ਮੌਕੇ ਦਮਦਮੀ ਟਕਸਾਲ ਵੱਲੋਂ ਗੁਰੂ ਕੇ ਲੰਗਰਾਂ ਦੀ ਹੋਈ ਆਰੰਭਤਾ

# ਸ਼ਤਾਬਦੀ ਸਮਾਗਮਾਂ ਵਿੱਚ ਸੰਗਤਾਂ ਹੁੰਮ-ਹੁੰਮਾ ਕੇ ਪਹੁੰਚਣ- ਗਿਆਨੀ ਹਰਨਾਮ ਸਿੰਘ ਖ਼ਾਲਸਾ



**ਚੌਕ ਮਹਿਤਾ 16 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )** ਸਾਹਿਬ ਸ਼੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤ ਗੁਰਪੁਰਬ ਅਤੇ ਸਾਹਿਬ ਸ਼੍ਰੀ ਗੁਰੂ ਰਾਮਦਾਸ ਜੀ ਦੇ ਗੁਰਤਾਗੱਦੀ ਗੁਰਪੁਰਬ ਦੀ 450 ਸਾਲਾਂ ਸ਼ਤਾਬਦੀ ਸਮਾਗਮਾਂ ਮੌਕੇ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ ਵੱਲੋਂ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਦੇ ਮੁੱਖ ਲੰਗਰ ਹਾਲ ਦੇ ਗਰਾਊਂਡ ਫਲੋਰ ਤੇ ਵੱਖ ਵੱਖ ਪਕਵਾਨਾਂ ਅਤੇ ਵੱਖ ਵੱਖ ਵੰਨਗੀਆਂ ਦੀਆਂ ਮਠਿਆਈਆਂ ਦੇ ਗੁਰੂ ਕੇ ਲੰਗਰਾਂ ਦੀ ਆਰੰਭਤਾ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਦੀ ਅਗਵਾਈ ਵਿੱਚ ਕੀਤੀ ਗਈ ।ਗੁਰੂ ਕੇ ਲੰਗਰ ਦੀ ਆਰੰਭਤਾ ਮੌਕੇ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਹੈੱਡ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜਥੇਦਾਰ ਤਖ਼ਤ ਸ੍ਰੀ ਕੇਸਗੜ ਸਾਹਿਬ ਸ੍ਰੀ ਅਨੰਦਪੁਰ ਸਾਹਿਬ ,ਸੰਤ ਬਾਬਾ ਬੰਤਾ ਸਿੰਘ ਮੁੰਡਾ ਪਿੰਡ ,ਸੰਤ ਗੁਰਦੇਵ ਸਿੰਘ ਤਰਸਿੱਕਾ ਵਿਸ਼ੇਸ਼ ਤੌਰ ਤੇ ਪੁੱਜੇ ।ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਨੇ ਉਹਨਾਂ ਦਾ ਸਿਰੋਪਾਓ ਭੇਟ ਕਰਕੇ ਸਤਿਕਾਰ ਕੀਤਾ ਅਤੇ ਦੱਸਿਆ ਕਿ ਦਮਦਮੀ ਟਕਸਾਲ ਵੱਲੋਂ ਇਹ ਗੁਰੂ ਕੇ ਲੰਗਰ 18 ਸਤੰਬਰ ਤੱਕ ਨਿਰੰਤਰ ਚੱਲਣਗੇ ਅਤੇ ਨਾਲ ਨਾਲ ਹੀ ਠੰਢੇ ਮਿੱਠੇ ਜਲ ਦੀ ਛਬੀਲ ਦੀਆਂ ਸੇਵਾਵਾਂ ਵੀ ਚੱਲਣਗੀਆਂ ।ਉਹਨਾਂ ਸਮੂਹ ਸੰਗਤਾਂ ਨੂੰ ਸ਼ਤਾਬਦੀ ਸਮਾਗਮਾਂ ਵਿੱਚ ਵੱਧ ਚੜ ਕੇ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਕਾਹਲਵਾਂ ,ਸਕੱਤਰ ਧਰਮ ਪ੍ਰਚਾਰ ਕਮੇਟੀ,ਅਜਾਇਬ ਸਿੰਘ ਅਭਿਆਸੀ ਮੈਂਬਰ ਧਰਮ ਪ੍ਰਚਾਰ ,ਮੈਨੇਜਰ ਗੁਰਾ ਸਿੰਘ ,ਮੈਨੇਜਰ ਸਤਨਾਮ ਸਿੰਘ ਰਿਆੜ,ਭਗਵੰਤ ਸਿੰਘ ਸਿਆਲਕਾ ਮੈਂਬਰ ਸ਼੍ਰੋਮਣੀ ਕਮੇਟੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਪ੍ਰਧਾਨ ਸੁਦਾਗਰ ਸਿੰਘ ਚਕਰ ਦੀ ਅਗਵਾਈ ਹੇਠ ਪਿੰਡ ਚਕਰ ਵਿੱਚ ਕਿਸਾਨਾਂ ਦੀ 31 ਮੈਂਬਰੀ ਕਮੇਟੀ ਦਾ ਗਠਨ

# ਕਿਸਾਨਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਕਿਸਾਨਾਂ ਦਾ ਏਕਾ ਬਹੁਤ ਜ਼ਰੂਰੀ : ਪ੍ਰਧਾਨ ਸੁਦਾਗਰ ਸਿੰਘ ਚਕਰ




**ਜਗਰਾਉਂ,(ਵਰਿਆਮ ਹਠੂਰ)**-ਜ਼ਿਲ੍ਹਾ ਲੁਧਿਆਣਾ ਦੇ ਇਤਿਹਾਸਕ ਤੇ ਸਿਰਕੱਢ ਪਿੰਡ ਚਕਰ ਵਿਖੇ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੁਦਾਗਰ ਸਿੰਘ ਚਕਰ ਦੀ ਅਗਵਾਈ ਹੇਠ ਕਿਸਾਨਾਂ ਦੀ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ, ਜਿਸ ਵਿੱਚ ਨਗਰ ਚਕਰ ਦੇ ਵੱਖ ਵੱਖ ਕਿਸਾਨਾਂ ਨੇ ਮੀਟਿੰਗ ਵਿੱਚ ਹਾਜ਼ਰੀ ਭਰੀ, ਤੇ ਪ੍ਰਧਾਨ ਸੁਦਾਗਰ ਸਿੰਘ ਚਕਰ ਨੇ ਸਮੂਹ ਇਕੱਤਰ ਹੋਏ ਕਿਸਾਨਾਂ ਦਾ ਧੰਨਵਾਦ ਕੀਤਾ, ਮੀਟਿੰਗ ਵਿੱਚ ਕਿਸਾਨਾਂ ਨੂੰ ਆ ਰਹੀਆਂ ਸਮੱਸਿਆਵਾਂ ਅਤੇ ਹੋਰ ਕਿਸਾਨਾਂ ਦੀਆਂ ਮੰਗਾਂ ਸਬੰਧੀ ਵਿਚਾਰ ਚਰਚਾ ਕੀਤੀ ਗਈ, ਪ੍ਰੈੱਸ ਨਾਲ ਗੱਲਬਾਤ ਕਰਦਿਆਂ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ) ਦੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਸੁਦਾਗਰ ਸਿੰਘ ਚਕਰ ਨੇ ਕਿਹਾ ਕਿ ਕਿਸਾਨਾਂ ਨੂੰ ਆ ਰਹੀਆਂ ਸਮੱਸਿਆਵਾਂ, ਤੇ ਕਿਸੇ ਵੀ ਮਸਲੇ ਨੂੰ ਹੱਲ ਕਰਵਾਉਣ ਲਈ ਕਿਸਾਨਾਂ ਦੇ ਏਕੇ ਦੀ ਬਹੁਤ ਲੋੜ ਹੈ। ਇਸ ਲਈ ਅੱਜ ਪਿੰਡ ਚਕਰ ਦੀ ਕਿਲ੍ਹਾ ਪੱਤੀ ਦੀ ਧਰਮਸ਼ਾਲਾ ਵਿੱਚ ਮੀਟਿੰਗ ਕੀਤੀ ਗਈ ਹੈ। ਤੇ ਵੱਖ ਵੱਖ ਤਰ੍ਹਾਂ ਦਾ ਵਿਚਾਰ ਵਟਾਂਦਰਾ ਕਰਨ ਤੋਂ ਬਾਅਦ 31 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ। ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਜੇਕਰ ਸਮੱਸਿਆ ਆਉਂਦੀ ਹੈ। ਤਾਂ ਸਮੂਹ ਕਮੇਟੀ ਅੱਗੇ ਹੋ ਕੇ ਕਿਸਾਨਾਂ ਦੇ ਮੋਢੇ ਨਾਲ ਮੋਢਾ ਲਾ ਕੇ ਹੱਲ ਕਰਵਾਉਣ ਲਈ ਆਪਣਾ ਬਣਦਾ ਯੋਗਦਾਨ ਪਾਵੇਗੀ। ਪ੍ਰਧਾਨ ਸੁਦਾਗਰ ਸਿੰਘ ਚਕਰ ਨੇ ਅੱਗੇ ਕਿਹਾ ਕਿ ਮੇਰੇ ਵੱਲੋਂ ਅਤੇ ਕਿਰਤੀ ਕਿਸਾਨ ਯੂਨੀਅਨ ਲੱਖੋਵਾਲ ਵੱਲੋਂ ਸਮੂਹ ਗਠਨ ਕੀਤੀ ਗਈ ਕਮੇਟੀ ਮੈਂਬਰਾਂ ਨੂੰ ਮੁਬਾਰਕਾਂ, ਅੰਤ ਵਿੱਚ ਉਨ੍ਹਾਂ ਕਿਹਾ ਕਿ ਸਮੂਹ ਗਠਨ ਕੀਤੀ ਗਈ ਕਮੇਟੀ ਨੂੰ ਆਉਣ ਵਾਲੇ ਦਿਨਾਂ ਵਿੱਚ ਮੁੱਖ ਦਫ਼ਤਰ ਵਿਖੇ ਲਿਜਾਇਆ ਜਾਵੇਗਾ, ਤੇ ਸੀਨੀਅਰ ਆਗੂਆਂ ਨਾਲ ਜਾਣ ਪਹਿਚਾਣ ਕਰਵਾਈ ਜਾਵੇਗੀ। ਇਸ ਮੌਕੇ ਗੱਲਬਾਤ ਕਰਦਿਆਂ ਗੁਰਪ੍ਰੀਤ ਸਿੰਘ ਚਕਰ ਨੇ ਕਿਹਾ ਕਿ ਕੋਈ ਵੀ ਮੋਰਚਾ ਜਿੱਤਣ ਲਈ ਕਿਸਾਨਾਂ ਦੀ ਏਕਤਾ ਦੀ ਬੜੀ ਲੋੜ ਹੈ। ਸਾਨੂੰ ਅੱਜ ਸੀਨੀਅਰ ਮੀਤ ਪ੍ਰਧਾਨ ਸੁਦਾਗਰ ਸਿੰਘ ਚਕਰ ਦੀ ਅਗਵਾਈ ਹੇਠ ਕਿਸਾਨਾਂ ਦੀ 31 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਹੈ। ਤਾਂ ਜੋ ਕਿਸਾਨਾਂ ਨੂੰ ਕਿਸੇ ਵੀ ਕਿਸਮ ਦੀ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ, ਇਸ ਮੌਕੇ ਸੁਖਦੇਵ ਸਿੰਘ, ਗੁਰਮੇਲ ਸਿੰਘ, ਗੁਰਦੀਪ ਸਿੰਘ, ਕਰਮਜੀਤ ਸਿੰਘ, ਜਸਵਿੰਦਰ ਸਿੰਘ, ਗੁਰਦੀਪ ਸਿੰਘ, ਬਲਜਿੰਦਰ ਸਿੰਘ, ਰਵਿੰਦਰ ਸਿੰਘ, ਮੱਖਣ ਸਿੰਘ, ਲਾਭ ਸਿੰਘ, ਗੁਰਦੀਪ ਸਿੰਘ, ਮਨਜੀਤ ਸਿੰਘ, ਗੁਰਪ੍ਰੀਤ ਸਿੰਘ, ਬਲਵੀਰ ਸਿੰਘ, ਸਨਦੀਪ ਸਿੰਘ, ਦਲਬਾਰਾ ਸਿੰਘ, ਅਕਾਸ਼ਦੀਪ ਸਿੰਘ, ਜਗਦੇਵ ਸਿੰਘ, ਹਰਜਿੰਦਰ ਸਿੰਘ, ਗੁਰਪ੍ਰੀਤ ਸਿੰਘ, ਨਛੱਤਰ ਸਿੰਘ, ਲਖਵੀਰ ਸਿੰਘ, ਸੁਖਜੀਵਨ ਸਿੰਘ, ਗੁਰਦੀਪ ਸਿੰਘ, ਬਲਦੇਵ ਸਿੰਘ, ਸਮੇਤ ਹੋਰ ਕਿਸਾਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਵਧੀਕ ਡਿਪਟੀ ਕਮਿਸ਼ਨਰ ਨੇ ਜਿਲ੍ਹੇ ਦੇ

# ਕਲੱਸਟਰ ਅਫਸਰਾਂ ਨੂੰ ਮਿਸ਼ਨ ਉਨਤ ਐਪ ਦੀ ਦਿੱਤੀ ਟ੍ਰੇਨਿੰਗ




**ਜੰਡਿਆਲਾ ਗੁਰੂ, 16 ਸਤੰਬਰ ( ਕੁਲਵੰਤ ਸਿੰਘ ਵਿਰਦੀ)**-ਜਿਲੇ ਦੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਦੀ ਰਹਿੰਦ ਖੂੰਹਦ ਨੂੰ ਸਾਂਭਣ ਸੰਬਧੀ ਸੰਦਾਂ ਬਾਰੇ ਮਿਸ਼ਨ ਉਨਤ ਐਪ ਦੀ ਟ੍ਰੇਨਿੰਗ ਦਿੰਦੇ ਹੋਏ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ ਨੇ ਕਿਹਾ ਇਹ ਟ੍ਰੇਨਿੰਗ ਸਮੂਹ ਨੋਡਲ ਅਫਸਰਾਂ ਨੂੰ ਦਿੱਤੀ ਜਾਵੇਗੀ ਤਾਂ ਜੋ ਉਹ ਅੱਗੇ ਜਾ ਸਕੇ ਇਸ ਸਬੰਧੀ ਕਿਸਾਨਾਂ ਨੂੰ ਜਾਗਰੂਕ ਕਰ ਸਕਣ। ਵਧੀਕ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਐਪ ਰਾਹੀਂ ਕਿਸਾਨ ਝੋਨੇ ਦੀ ਪਰਾਲੀ ਨੂੰ ਸਾਭਣ ਲਈ ਸੰਦਾਂ ਦੀ ਬੁਕਿੰਗ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਐਪ ਨਾਲ ਹੁਣ ਕਿਸਾਨਾਂ ਨੂੰ ਦਫਤਰਾਂ ਵਿੱਚ ਜਾਣ ਦੀ ਲੋੜ ਨਹੀਂ ਹੋਵੇਗੀ ਅਤੇ ਘਰ ਬੈਠੇ ਹੀ ਇਸ ਐਪ ਦੀ ਵਰਤੋਂ ਕਰਕੇ ਮੰਗ ਅਨੁਸਾਰ ਆਪਣੇ ਸੰਦ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਹ ਐਪ ਕਿਸਾਨਾਂ ਲਈ ਬਹੁਤ ਵੱਡੀ ਸਹੂਲਤ ਹੋਵੇਗੀ। ਵਧੀਕ ਡਿਪਟੀ ਕਮਿਸ਼ਨਰ ਨੇ ਕਲੱਸਟਰ ਅਫਸਰਾਂ ਨੂੰ ਟ੍ਰੇਨਿੰਗ ਦਿੰਦੇ ਹੋਇ ਕਿਹਾ ਕਿ ਉਹ ਆਪਣੇ ਅਧੀਨ ਆਉਦੇ ਨੋਡਲ ਅਫਸਰਾਂ ਨੂੰ ਟ੍ਰੇਨਿੰਗ ਦੇਣ ਅਤੇ ਨੋਡਲ ਅਫਸਰ ਆਪਣੇ ਅਧੀਨ ਪਿੰਡਾਂ ਵਿੱਚ ਕਿਸਾਨਾਂ ਨੂੰ ਇਸ ਐਪ ਸਬੰਧੀ ਜਾਗਰੂਕ ਕਰਨਗੇ। ਇਸ ਮੀਟਿੰਗ ਵਿੱਚ ਸ੍ਰ ਸੁਖਚੈਨ ਸਿੰਘ ਖੇਤੀਬਾੜੀ ਅਫਸਰ, ਸ੍ਰੀ ਅਜਮੇਰ ਸਿੰਘ ਖੇਤੀਬਾੜੀ ਵਿਕਾਸ ਅਫਸਰ ਅਜਨਾਲਾ, ਸ੍ਰੀ ਸਤਵਿੰਦਰ ਬੀਰ ਸਿੰਘ ਖੇਤੀਬਾੜੀ ਵਿਕਾਸ ਅਫਸਰ ਤਰਸਿੱਕਾ, ਸ੍ਰੀ ਸਿਮਰਜੀਤ ਸਿੰਘ ਖੇਤੀਬਾੜੀ ਵਿਸਤਾਰ ਅਫਸਰ, ਸ੍ਰੀ ਗੁਰਜੀਤ ਸਿੰਘ ਖੇਤੀਬਾੜੀ ਅਫਸਰ ਵੇਰਕਾ ਅਤੇ ਹੋਰ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਸੂਰੋ ਪੱਡਾ ਵਿਖ਼ੇ ਪੰਚੀ ਸਾਲ ਪੁਰਾਣੀ ਗਲੀ ਅਤੇ ਨਾਲਾ ਪੱਕਾ ਬਣਾਇਆ



**ਚੌਕ ਮਹਿਤਾ, 16 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਅਤੇ ਚੇਅਰਮੈਨ ਡਾ, ਗੁਰਿੰਦਰ ਸਿੰਘ ਦੇ ਨਿਰਦੇਸ਼ਾਂ ਤੇ ਪਿੰਡ ਸੂਰੋ ਪੱਡਾ ਵਿਚ ਵਿਕਾਸ ਦੇ ਕੰਮ ਜੰਗੀ ਪੱਧਰ ਤੇ ਸ਼ੁਰੂ ਕੀਤੇ ਗਏ ਹਨ। ਬੀਤੇ ਦਿਨੀ ਸਾਬਕਾ ਮੈਂਬਰ ਮੋਹਨ ਸਿੰਘ ਦੇ ਘਰ ਤੋਂ ਪੰਚੀ ਸਾਲ ਪੁਰਾਣੀ ਗਲੀ ਬਣਾਈ, ਅਤੇ ਇਕ ਨਾਲਾ ਸਕੂਲ ਤੱਕ ਬਣਾਇਆ ਆਮ ਆਦਮੀ ਪਾਰਟੀ ਦੇ ਸੀਨੀਅਰ ਲੀਡਰ ਗੁਰਜਿੰਦਰ ਸਿੰਘ ਲਾਡੀ ਸੂਰੋ ਪੱਡਾ ਨੇ ਕਿਹਾ ਕਿ ਇਹ ਰਸਤੇ ਅਤੇ ਨਾਲੇ ਤਕਰੀਬਨ ਪੰਚੀ ਸਾਲ ਤੋ ਕੱਚੇ ਸਨ। ਸਕੂਲ ਜਾਣ ਵਾਲੇ ਬੱਚਿਆਂ ਨੂੰ ਬਹੁਤ ਔਖਾ ਸੀ, ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ ਟੀ ਉ ਨੇ ਕਿਹਾ ਕਿ ਸ, ਭਗਵੰਤ ਸਿੰਘ ਜੀ ਮਾਨ ਦੀ ਅਗਵਾਈ ਹੇਠ ਹਲਕਾ ਜੰਡਿਆਲਾ ਗੁਰੂ ਦੇ ਪਿੰਡਾਂ,ਸਹਿਰਾ,ਕਸਬਿਆ ਦਾ ਵਿਕਾਸ ਦਿਨ ਰਾਤ ਇਕ ਕਰਕੇ ਕੀਤਾ ਜਾਵੇਗਾ ।ਇਸ ਮੌਕੇ ਬਲਾਕ ਪ੍ਰਧਾਨ ਜਰਮਨ ਸਿੰਘ ਉਦੋਂ ਨੰਗਲ,ਬਲਜੀਤ ਸਿੰਘ,ਬਲਵਿੰਦਰ ਸਿੰਘ,ਸੁਖਵਿੰਦਰ ਸਿੰਘ,ਤਰਸੇਮ ਸਿੰਘ,ਚਮਕੌਰ ਸਿੰਘ,ਰਸਮੀਰ ਸਿੰਘ ਆਦਿ ਆਗੂ ਹਾਜਰ ਸਨ। ਜਿਸ ਦਾ ਉਦਘਾਟਨ ਅਤੇ ਬਲਾਕ ਪ੍ਰਧਾਨ ਜਰਮਨ ਉਦੋਨੰਗਲ ਗੁਰਜਿੰਦਰ ਸਿੰਘ ਲਾਡੀ ਸੂਰੋ ਪੱਡਾ ਨੇ ਸਾਂਝੇ ਤੌਰ ਤੇ ਕੀਤਾ। ਇਸ ਦੌਰਾਨ ਗੱਲਬਾਤ ਕਰਦਿਆਂ ਜਰਮਨ ਉਦੋਨੰਗਲ ਨੇ ਆਖਿਆ ਕਿ ਇਹ ਪਿੰਡ ਦਾ ਮੇਨ ਬਜਾਰ ਹੈ, ਜੋ ਦਹਾਕਿਆਂ ਤੋਂ ਕੱਚਾ ਚਲਦਾ ਆ ਰਿਹਾ ਸੀ, ਪੁਰਾਣੀਆਂ ਸਰਕਾਰਾਂ ਨੇ ਇਸ ਦੇ ਵੱਲ ਕੋਈ ਧਿਆਨ ਨਹੀਂ ਦਿੱਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਭਗਵੰਤ ਮਾਨ ਸਰਕਾਰੀ ਨੌਕਰੀਆਂ ਦੇਣ ਵਾਲੇ ਪਹਿਲੇ ਮੁੱਖ ਮੰਤਰੀ: ਆਪ ਆਗੂ



ਧੂਰੀ ( ਰਣਜੀਤ ਸਿੰਘ ਪੇਧਨੀ ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਨੌਜਵਾਨਾਂ ਨੂੰ ਵੱਧ ਤੋਂ ਵੱਧ ਰੁਜ਼ਗਾਰ ਦੇ ਮੌਕੇ ਦੇਣ ਲਈ ਵਚਨਬੱਧ ਹੈ। ਮਾਨ ਸਰਕਾਰ ਨੇ ਆਪਣੇ ਢਾਈ ਸਾਲ ਦੇ ਕਾਰਜਕਾਲ ਵਿੱਚ ਸੂਬੇ ਦੇ 44,250 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਕੇ ਨਵੇਂ ਮਾਪਦੰਡ ਸਿਰਜੇ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਰਮਜੀਤ ਸਿੰਘ ਕਾਂਝਲਾ ਅਤੇ ਰਣਜੋਧ ਸਿੰਘ ਕਾਂਝਲਾ ਨੇ ਕੀਤਾ ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਇਹ ਸਾਰੀਆਂ ਨਿਯੁਕਤੀਆਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ ਉੱਤੇ ਕੀਤੀਆਂ ਗਈਆਂ ਹਨ ।ਆਮ ਆਦਮੀ ਪਾਰਟੀ ਦੀ ਸਰਕਾਰ ਦਾ ਸ਼ੁਰੂ ਤੋਂ ਹੀ ਇੱਕੋ-ਇਕ ਏਜੰਡਾ ਰਿਹਾ ਹੈ ਕਿ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮੁਹੱਈਆ ਕਰਵਾਉਣ ਦੇ ਨਾਲ ਰੁਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਦੇਣਾ ਹੈ ਅਤੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਮਿਲਣ ਨਾਲ ਹਰ ਵਰਗ ਵਿੱਚ ਖ਼ੁਸ਼ੀ ਦੀ ਲਹਿਰ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਕਲੇਰਾਂ ਵਾਲਿਆਂ ਵੱਲੋਂ ਸਮਾਗਮ ਦੇ ਸੱਦਾ ਪੱਤਰ ਪੈਦਲ ਚੱਲ ਕੇ ਦਿੱਤੇ ਜਾ ਰਹੇ ਹਨ



ਸੇਰਪੁਰ ( ਰਣਜੀਤ ਸਿੰਘ ਪੇਧਨੀ ) ਪਿੰਡ ਕਲੇਰਾਂ ਭੋਰਾ ਸਾਹਿਬ ਵਿਖੇ ਮਿਤੀ 30 ਸਤੰਬਰ ਨੂੰ ਸਲਾਨਾ ਗੁਰਮਤਿ ਸਮਾਗਮ ਲਈ ਸੰਤ ਬਾਬਾ ਜਗਜੀਤ ਸਿੰਘ ਕਲੇਰਾਂ ਵਾਲੇ ਪਿੰਡ ਪਿੰਡ ਜਾ ਕੇ ਸੱਦਾ ਪੱਤਰ ਦਿੱਤੇ ਜਾ ਰਹੇ ਹਨ ।ਜਿਸ ਦੇ ਚੱਲਦਿਆ ਸਤਿਕਾਰਯੋਗ ਸਖਸ਼ੀਅਤ ਬਾਬਾ ਗੋਪਾਲ ਦਾਸ ਜੀ ਹਥਨ ਨੂੰ ਬਾਬਾ ਜੀ ਵੱਲੋਂ ਗੁਰਮਤਿ ਸਮਾਗਮ ਦਾ ਸੱਦਾ ਪੱਤਰ ਦਿੱਤਾ ਗਿਆ । ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਇਲਾਕੇ ਦੀ ਧਾਰਮਿਕ ਸ਼ਖਸੀਅਤ ਸੰਤ ਬਾਬਾ ਜਗਜੀਤ ਸਿੰਘ ਕਲੇਰਾਂ ਵਾਲਿਆਂ ਨੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਮਹਾਰਾਜ ਜੀ ਦੇ ਸਪੁੱਤਰ ਬਾਬਾ ਸ੍ਰੀ ਚੰਦ ਮਹਾਰਾਜ ਜੀ ਦੇ ਅਵਤਾਰ ਦਿਵਸ ਨੂੰ ਮੁੱਖ ਰੱਖਦਿਆ ਸਾਲਾਨਾ ਸਮਾਗਮ ਕਰਵਾਇਆ ਜਾ ਰਿਹਾ ਹੈ। ਮਹਾਨ ਗੁਰਮਤਿ ਸਮਾਗਮ ਵਿੱਚ ਜਿੱਥੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਸਮਾਗਮ ਵਿੱਚ ਹਾਜ਼ਰੀ ਭਰਨਗੀਆਂ ਉੱਥੇ ਪੰਜਾਬ ਦੇ ਉੱਘੇ ਰਾਗੀ, ਢਾਡੀ , ਸੰਤ ਮਹਾਂਪੁਰਸ਼, ਕਵੀਸਰ ਆਪਣੀਆਂ ਕਥਾ ਵਿਚਾਰਾਂ ਦੇ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਿੱਖ ਫੈਡਰੇਸ਼ਨ ਯੂ. ਕੇ. ਦੀ

# 40ਵੀਂ ਵਰ੍ਹੇਗੰਢ ਤੇ ਲਏ ਗਏ ਅਹਿਮ ਫੈਸਲੇ

### ਸਿੱਖ ਕੌਮ ਦੇ ਮਹਾਨ ਸ਼ਹੀਦਾਂ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਅਤੇ ਉਨ੍ਹਾਂ ਦੇ ਸਾਥੀ ਸ਼ਹੀਦ ਭਾਈ ਅਮਰੀਕ ਸਿੰਘ ਜੀ,ਸ਼ਹੀਦ ਜਰਨਲ ਸੁਬੇਗ ਸਿੰਘ ਜੀ,ਬਾਬਾ ਠਾਰਾ ਸਿੰਘ ਜੀ ਸਮੇਤ ਗੁਰਧਾਮਾਂ ਦੀ ਰਾਖੀ ਕਰਨ ਲਈ ਜੂਝ ਕੇ ਸ਼ਹੀਦ ਹੋਏ ਸਮੂਹ ਮਾਈ ਭਾਈ ਨੂੰ ਸ਼ਰਧਾਪੂਰਵਕ ਸ਼ਰਧਾਂਜਲੀ ਭੇਂਟ ਕੀਤੀ ਗਈ
















(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਵਲਵਰਹੈਂਪਟਨ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)-** ਸਿੱਖ ਫੈਡਰੇਸ਼ਨ ਯੂ. ਕੇ. ਦੀ 40ਵੀਂ ਸਲਾਨਾ ਵਰ੍ਹੇਗੰਢ 15 ਸਤੰਬਰ ਐਤਵਾਰ ਨੂੰ ਗੁਰੂ ਨਾਨਕ ਗੁਰੂਦੁਆਰਾ ਸਾਹਿਬ ਸੈਜਲੀ ਸਟਰੀਟ ਵਲਵਰਹੈਂਪਟਨ ਵਿਖੇ ਮਨਾਈ ਗਈ । ਜਿਸ ਵਿੱਚ ਦੁਨੀਆਂ ਭਰ ਦੇ ਸਿੱਖ ਵਿਦਵਾਨਾਂ ਅਤੇ ਸਿੱਖ ਚਿੰਤਕਾਂ ਨੇ ਸ਼ਮੂਲੀਅਤ ਕੀਤੀ ।ਇਸ ਅੰਤਰ-ਰਾਸ਼ਟਰੀ ਕਾਨਫਰੰਸ ਵਿੱਚ ਸਭ ਤੋਂ ਪਹਿਲਾਂ ਸਿੱਖ ਕੌਮ ਦੇ ਮਹਾਨ ਸ਼ਹੀਦਾਂ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਅਤੇ ਉਨ੍ਹਾਂ ਦੇ ਸਾਥੀ ਸ਼ਹੀਦ ਭਾਈ ਅਮਰੀਕ ਸਿੰਘ ਜੀ,ਸ਼ਹੀਦ ਜਰਨਲ ਸੁਬੇਗ ਸਿੰਘ ਜੀ,ਬਾਬਾ ਠਾਰਾ ਸਿੰਘ ਜੀ ਸਮੇਤ ਗੁਰਧਾਮਾਂ ਦੀ ਰਾਖੀ ਕਰਨ ਲਈ ਜੂਝ ਕੇ ਸ਼ਹੀਦ ਹੋਏ ਸਮੂਹ ਮਾਈ ਭਾਈ ਨੂੰ ਸ਼ਰਧਾਪੂਰਵਕ ਸ਼ਰਧਾਂਜਲੀ ਭੇਂਟ ਕੀਤੀ ਗਈ। ਉਪਰੰਤ ਦੇਸ਼ਾਂ ਵਿਦੇਸ਼ਾਂ ਤੋਂ ਪਹੁੰਚੇ ਬੁਲਾਰਿਆਂ ਵਲੋਂ ਸਿੱਖ ਕੌਮ ਨੂੰ ਦਰਪੇਸ਼ ਸਮੱਸਿਆਵਾਂ ਤੇ ਵਿਚਾਰਾਂ ਕੀਤੀਆਂ ਗਈਆਂ। ਭਾਈ ਅਮਰੀਕ ਸਿੰਘ ਜੀ ,ਭਾਈ ਦਵਿੰਦਰਜੀਤ ਸਿੰਘ ਜੀ ਸਿੱਖ ਫੈਡਰੇਸ਼ਨ ਦੇ ਪਿਛਲੇ 40 ਸਾਲਾਂ ਦੇ ਕੰਮ ਕਾਰ ਦੀ ਜਾਣਕਾਰੀ ਦਿੱਤੀ ਅਤੇ ਸਮੇਂ ਦੀ ਜ਼ਰੂਰਤ ਨੂੰ ਮੁੱਖ

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਿੱਖ ਫੈਡਰੇਸ਼ਨ ਯੂ. ਕੇ. ਦੀ
# 40ਵੀਂ ਵਰ੍ਹੇਗੰਢ ਤੇ ਲਏ ਗਏ ਅਹਿਮ ਫੈਸਲੇ

## ਸਿੱਖ ਕੌਮ ਦੇ ਮਹਾਨ ਸ਼ਹੀਦਾਂ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਅਤੇ ਉਨ੍ਹਾਂ ਦੇ ਸਾਥੀ ਸ਼ਹੀਦ ਭਾਈ ਅਮਰੀਕ ਸਿੰਘ ਜੀ,ਸ਼ਹੀਦ ਜਰਨਲ ਸੁਬੇਗ ਸਿੰਘ ਜੀ,ਬਾਬਾ ਠਾਰਾ ਸਿੰਘ ਜੀ ਸਮੇਤ ਗੁਰਧਾਮਾਂ ਦੀ ਰਾਖੀ ਕਰਨ ਲਈ ਜੂਝ ਕੇ ਸ਼ਹੀਦ ਹੋਏ ਸਮੂਹ ਮਾਈ ਭਾਈ ਨੂੰ ਸ਼ਰਧਾਪੂਰਵਕ ਸ਼ਰਧਾਂਜਲੀ ਭੇਂਟ ਕੀਤੀ ਗਈ




(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

ਰੱਖਦਿਆਂ ਹੋਇਆਂ ਦੱਸਿਆ ਕਿ ਜਥੇਬੰਦੀ ਨੂੰ ਨਵਾਂ ਢਾਂਚਾ ਲੋੜੀਂਦਾ ਸੀ।ਇਸ ਕਰਕੇ ਪੁਰਾਤਨ ਸਿੱਖੀ ਰਵਾਇਤਾਂ ਅਨੁਸਾਰ ਪੰਜ ਪ੍ਰਧਾਨੀ ਪ੍ਰਣਾਲੀ ਅਤੇ ਗੁਰਮਤੇ ਦੇ ਸਿਧਾਂਤ ਨੂੰ ਮੁੱਖ ਰੱਖਦਿਆਂ ਹੋਇਆਂ ਜਥੇਬੰਦੀ ਦਾ ਨਵਾਂ ਢਾਂਚਾ ਤਿਆਰ ਕੀਤਾ ਗਿਆ ਹੈ ।ਜਥੇਬੰਦੀ ਦੇ ਇਸ ਪੁਨਰਗਠਨ ਵਿੱਚ ”™ ਦੇ ਪੜ੍ਹੇ ਲਿਖੇ ਨੌਜਵਾਨਾਂ ਨੂੰ ਸ਼ਾਮਲ ਕੀਤਾ ਗਿਆ ਹੈ ਤਾਂ ਕਿ ਇਸ ਮੁਲਕ ਦੀ ਸਰਕਾਰ ਦੀਆਂ ਸਿੱਖਾਂ ਪ੍ਰਤੀ ਨੀਤੀਆਂ ਦਾ ਖ਼ਾਸ ਖਿਆਲ ਰੱਖਿਆ ਜਾਵੇ ਅਤੇ ਸਿੱਖ ਵਿਰੋਧੀ ਨੀਤੀਆਂ ਦਾ ਡੱਟ ਕੇ ਵਿਰੋਧ ਵੀ ਕੀਤਾ ਜਾਵੇ।

ਜਥੇਬੰਦੀ ਦੇ ਆਗੂਆਂ ਨੇ ਨਵੇਂ ਨਿਯੁਕਤ ਕੀਤੇ ਮੈਂਬਰਾਂ ਦੇ ਨਾਮ ਪੜ੍ਹ ਕੇ ਸੁਣਾਏ ਤੇ ਸੰਗਤਾਂ ਨੇ ਜੈਕਾਰੇ ਲਗਾ ਕੇ ਸਹਿਮਤੀ ਦਿੱਤੀ। ਭਾਈ ਮਨਧੀਰ ਸਿੰਘ ਜੀ ਪੰਥ ਸੇਵਕ ਜੱਥਾ ਦੋਆਬਾ ਤੋਂ ਖ਼ਾਸ ਕਰਕੇ ਪੰਹੁਚੇ ਸਨ ਜਿਨ੍ਹਾਂ ਨੇ ਬਹੁਤ ਹੀ ਵਧੀਆ ਤਰੀਕੇ ਨਾਲ ਪੰਜਾਬ ਅਤੇ ਵਿਦੇਸ਼ੀ ਸਿੱਖਾਂ ਨੂੰ ਆਪਣੀ ਮੰਜ਼ਿਲ ਖਾਲਿਸਤਾਨ ਦੀ ਪ੍ਰਾਪਤੀ ਲਈ ਸੰਘਰਸ਼ ਕਰ ਰਹੇ ਸਿੱਖਾਂ ਨੂੰ ਆ ਰਹੀਆਂ ਮੁਸ਼ਿਕਲਾਂ ਅਤੇ ਉਨ੍ਹਾਂ ਦੇ ਹੱਲ ਬਾਰੇ ਜਾਣਕਾਰੀ ਦਿੱਤੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਿੱਖ ਫੈਡਰੇਸ਼ਨ ਯੂ. ਕੇ. ਦੀ
# 40ਵੀਂ ਵਰ੍ਹੇਗੰਢ ਤੇ ਲਏ ਗਏ ਅਹਿਮ ਫੈਸਲੇ

## ਸਿੱਖ ਕੌਮ ਦੇ ਮਹਾਨ ਸ਼ਹੀਦਾਂ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਅਤੇ ਉਨ੍ਹਾਂ ਦੇ ਸਾਥੀ ਸ਼ਹੀਦ ਭਾਈ ਅਮਰੀਕ ਸਿੰਘ ਜੀ,ਸ਼ਹੀਦ ਜਰਨਲ ਸੁਬੇਗ ਸਿੰਘ ਜੀ,ਬਾਬਾ ਠਾਰਾ ਸਿੰਘ ਜੀ ਸਮੇਤ ਗੁਰਧਾਮਾਂ ਦੀ ਰਾਖੀ ਕਰਨ ਲਈ ਜੂਝ ਕੇ ਸ਼ਹੀਦ ਹੋਏ ਸਮੂਹ ਮਾਈ ਭਾਈ ਨੂੰ ਸ਼ਰਧਾਪੂਰਵਕ ਸ਼ਰਧਾਂਜਲੀ ਭੇਂਟ ਕੀਤੀ ਗਈ




ਸਿੱਖ ਫੈਡਰੇਸ਼ਨ ਜਰਮਨੀ ਤੋਂ ਭਾਈ ਗੁਰਮੀਤ ਸਿੰਘ ਖਨਿਆਣ ਅਤੇ ਭਾਈ ਅਵਤਾਰ ਸਿੰਘ ਜੀ ਇੰਟਰਨੈਸ਼ਨਲ ਸਿੱਖ ਫੈਡਰੇਸ਼ਨ ਜਰਮਨੀ, ਡਾਕਟਰ ਅਮਰਜੀਤ ਸਿੰਘ ਜੀ ਖਾਲਿਸਤਾਨ ਅਫੇਅਰ ਸੈਂਟਰ ਵਾਸ਼ਿੰਗਟਨ ਡੀ ਸੀ ਤੋਂ ਅਤੇ ਭਾਈ ਮਨਿੰਦਰ ਸਿੰਘ ਜੀ 23 ਸਿੱਖ ਗੁਰਦੁਆਰਾ ਕੌਂਸਲ ਕੈਨੇਡਾ ਤੋਂ ਪਹੁੰਚੇ ਹੋਏ ਬੁਲਾਰਿਆਂ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਵਿਦੇਸ਼ਾਂ ਵਿੱਚ ਵਸਦੇ ਸਿੱਖਾਂ ਨੂੰ ਪੇਸ਼ ਆ ਰਹੀਆਂ ਮੁਸ਼ਿਕਲਾਂ ਬਾਰੇ ਅਤੇ ਉਨ੍ਹਾਂ ਦੇ ਹੱਲ ਬਾਰੇ ਜਾਣਕਾਰੀ ਦਿੱਤੀ। ਸਿੱਖਾਂ ਦੇ ਮਸਲਿਆਂ ਨੂੰ ਅੰਤਰ ਰਾਸ਼ਟਰੀ ਪੱਧਰ ਤੇ ਪੇਸ਼ ਕਰਨ ਅਤੇ ਉਨ੍ਹਾਂ ਦੇ ਹੱਲ ਬਾਰੇ ਵੀ ਵਿਚਾਰਾਂ ਕੀਤੀਆਂ ਗਈਆਂ ਜਿਸ ਸਿੱਖਾਂ ਦਾ ਅੰਤਰ ਰਾਸ਼ਟਰੀ ਤੌਰ ਤੇ ਸਿੱਖ ਫੈਡਰੇਸ਼ਨ ਦਾ ਗਠਨ ਕੀਤਾ ਜਾ ਰਿਹਾ ਹੈ ਤਾਂ ਕਿ ਪੰਜਾਬ ਅਤੇ ਵਿਦੇਸ਼ੀ ਸਿੱਖਾਂ ਦਾ ਆਪਸੀ ਤਾਲਮੇਲ ਬਣਿਆ ਰਹੇ। ਅੱਜ ਸਮੇਂ ਦੀ ਲੋੜ ਹੈ ਸਿੱਖਾਂ ਨੂੰ ਗਲੋਬਲ ਤੌਰ ਤੇ ਅਪਣਾ ਪੱਖ ਦੁਨੀਆਂ ਦੇ ਸਾਹਮਣੇ ਰੱਖਣ ਦੀ ਲੋੜ ਹੈ। ਜੇ ਇਹ ਕੰਮ ਸਿੱਖ ਨਹੀਂ ਕਰਨਗੇ ਤਾਂ ਕੋਈ ਹੋਰ ਸੰਸਥਾਵਾਂ ਹਮੇਸ਼ਾਂ ਦੀ ਤਰ੍ਹਾਂ ਸਿੱਖਾਂ ਨੂੰ ਗ਼ਲਤ ਢੰਗ ਨਾਲ ਪੇਸ਼ ਕਰਦੇ ਰਹਿਣਗੇ। ••

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਇੰਦਰਾ ਗਾਂਧੀ ਦੇ ਚਹੇਤੇ ਸਿੱਖ ਰਾਹੁਲ ਗਾਂਧੀ ਦੇ ਵੀ ਭਗਤ

ਸਿੱਖ ਫੈਡਰੇਸ਼ਨ ਯੂ ਕੇ ਦੇ ਇਕ ਧੜੇ ਦੇ ਆਗੂ ਭਾਈ ਅਮਰੀਕ ਸਿੰਘ ਨੇ ਰਾਹੁਲ ਗਾਂਧੀ ਦੇ ਝੂਠੇ ਮਨਘੜਤ ਬਿਆਨ ਦੀ ਸਲ਼ਾਹੁਤ ਕੀਤੀ ਹੈ ।ਰਾਹਲ ਗਾਂਧੀ ਦੇ ਮਨਘੜਤ ਅਮਰੀਕਾ ਵਿਚ ਦਿੱਤੇ ਬਿਆਨ ਦੀ ਕੋਈ ਤੁਕ ਨਹੀਂ ਬਣਦੀ ਕਿ ਕੀ ਸਿੱਖ ਭਾਰਤ ਵਿੱਚ ਪਗੜੀ ਤੇ ਕੜਾ ਪਹਿਨ ਕੇ ਗੁਰਦੁਆਰੇ ਜਾ ਸਕਣਗੇ।

ਇੰਦਰਾ ਖ਼ਾਨਦਾਨ ਦੇ ਰਾਜ ਖ਼ਾਤਮੇ ਤੋਂ ਬਾਅਦ ਕੀ ਪਿਛਲੇ 12 ਸਾਲ ਦੇ ਰਾਜ ਵਿੱਚ ਕੀ ਸਿੱਖ ਭਾਰਤ ਵਿੱਚ ਪਗੜੀ ਤੇ ਕੜਾ ਪਹਿਨਣ ਤੋਂ ਬਿਨਾਂ (ਭਾਵ ਨੰਗੇ ਸਿਰ ) ਗੁਰਦੁਆਰੇ ਜਾਂ

**ਵਿਚਾਰ ਆਪੋ-ਆਪਣਾ**

ਰਹੇ ਹਨ ? ਜਿਹੜੇ ਕਾਂਗਰਸੀ ਰਾਜ ਨੇ ਪੂਰੇ ਛੇ ਦਹਾਕੇ , ਸਿੱਖਾਂ ਨੂੰ ਤਬਾਹ ਕਰਨ ਦੀ ਕੋਈ ਕਸਰ ਨਹੀਂ ਛੱਡੀ , ਉਹਨਾਂ ਨਾਲ ਹਮਦਰਦੀ ਕਿਓ ? ਕੀ ਸਿੱਖਾਂ ਨੂੰ ਰਹਿਤ ਤੇ ਦਸਤਾਰ ਪਹਿਨਣ ਲਈ ਇਹਨਾਂ ਕਾਤਲਾਂ ਤੋਂ ਸਲਾਹ ਲੈਣੀ ਪਵੇਗੀ ? ਰਾਹੁਲ ਗਾਂਧੀ ਨੇ ਸਿੱਖਾਂ ਦੇ ਪਗੜੀ ਤੇ ਕੜੇ ਦਾ ਇਸ ਤਰਾਂ ਨਾਟਕੀ ਤੌਰ ਤੇ ਹਵਾਲਾ ਦੇ ਕੇ , ਸਿੱਖ ਕਕਾਰਾਂ ਤੇ ਦਸਤਾਰ ਤੇ ਬੜਾ ਭੱਧਾ ਮਜ਼ਾਕ ਕੀਤਾ ਹੈ ।ਅਫ਼ਸੋਸ ਕਿ ਬਹਿਰੂਪੀਏ ਕਾਂਗਰਸੀ ਸਿੱਖ ਤੇ ਕੁਝ ਅਖੌਤੀ ਖਾਲਿਸਤਾਨੀ ਆਗੂ ਵੀ ਰਾਹੁਲ ਦੇ ਬੇੜੇ ਦੇ ਸਵਾਰ ਹੋ ਤੁਰੇ ।ਮੌਜੂਦਾ ਮੋਦੀ ਸਰਕਾਰ ਦੇ 12 ਸਾਲ ਕਿਸੇ ਨੂੰ ਪਸੰਦ ਹੋਣ ਜਾਂ ਨਾ ਹੋਣ , ਆਪੋ ਆਪਣੀ ਸੋਚ ਹੈ । ਪਰ ਜਿਸ ਇੰਦਰਾ , ਰਾਜੀਵ ਖ਼ਾਨਦਾਨ ਨੇ ਰਾਜ ਸਮੇਂ ਸਿੱਖਾਂ ਦੀ ਨਸਲ ਕੁਸ਼ੀ ਕੀਤੀ ,ਅੰਮਿਰਤਸਰ ਘੱਲੂਘਾਰਾ ਦਾ ਵਰਤਾਰਾ ਕੀਤਾ। ਇਸ ਗੱਲ ਦੇ ਕੀ ਅਰਥ ਹਨ ? ਕਿ ਭਾਈ ਅਮਰੀਕ ਸਿੰਘ ਰਾਹੁਲ ਗਾਂਧੀ ਦੇ ਭੱਦੇ ਮਜ਼ਾਕ ਨੂੰ ਸਿੱਖ ਹੋਮਲੈਂਡ ਦੀ ਮੰਜ਼ਲ ਦਾ ਰਾਹ ਦੱਸ ਰਹੇ ਹਨ ? ਕੀ ਭਾਈ ਸਾਹਿਬ ਭੁੱਲ ਗਏ ਕਿ ਦਿੱਲੀ ਸਿੱਖ ਨਸਲ ਕੁਸ਼ੀ ਸਮੇ ਰਾਜ਼ੀਵ ਗਾਂਧੀ(ਰਾਹੁਲ ਗਾਂਧੀ ਦਾ ਬਾਪ) ਨੇ ਕਿਹਾ ਸੀ ਕਿ ਜਦ ਵੱਡਾ ਦਰਖ਼ਤ ਡਿਗਦਾ ਹੈ ਤਾਂ ਕੀੜੇ ਮਕੌੜੇ ਮਰਦੇ ਹਨ ? ਸਿੱਖਾਂ ਨੂੰ ਜੀਓਦੇ ਸਾੜ ਕੇ ਰਾਹੁਲ ਦਾ ਬਾਪ ਕੀੜੇ ਮਕੌੜੇ ਦੱਸਦਾ ਰਿਹਾ ।ਇੰਦਰਾ,ਰਾਜੀਵ ਦੇ ਜਾਲਮ ਰਾਜ ਦੇ ਖਾਨਦਾਨ ਨਾਲ ਭਾਈ ਅਮਰੀਕ ਸਿੰਘ ਹੋਰੀ ਕਿਹੋ ਜਿਹਾ ਗੈਰ-ਸਿੱਖ ਨਾਤਾ ਜੋੜ ਰਹੇ ਹਨ ? ਅਬਦਾਲੀ ਦੇ ਪੂਰਨਿਆਂ ਤੇ ਚੱਲ ਕੇ ਸਿੱਖਾਂ ਦਾ ਘਾਣ ਕਰਨ ਵਾਲੇ ਖ਼ਾਨਦਾਨ ਨਾਲ ਹਮਦਰਦੀ ਕੈਸੀ ? ਤੇ ਕਿਓ ? ਜਾਂ ਅਖੌਤੀ ਆਗੂਆਂ ਦੇ ਅਸਲ ਰੂਪ ਦੇ ਦਿਖ ਦੀ ਬਿੱਲੀ ਹੀ ਥੈਲਿਓ ਬਾਹਰ ਆ ਰਹੀ ਹੈ ! ਰਾਹੁਲ ਦੀ ਮਾਤਾ ਸ੍ਰੀਮਤੀ ਸੋਨੀਆਂ ਗਾਂਧੀ ਅਕਤੂਬਰ 1984 ਸਮੇਂ ਸਿੱਖ ਨਸਲ ਕੁਸ਼ੀ ਸਮੇਂ ਵੀ ਰਾਜਮਾਤਾ ਸੀ ।ਉਸੇ ਸਮੇਂ ਜਦ ਟਾਈਟਲਰ ਜਿਹੇ ਦਰਿੰਦੇ ਦਿੱਲੀ ਵਿਚ ਸਿੱਖਾਂ ਦਾ ਸ਼ਿਕਾਰ ਕਰਕੇ ਕਤਲ ਕਰ ਰਹੇ ਸਨ ।ਅੱਜ ਵੀ ਇਹੀ ਆਗੂ ਸੋਨੀਆ ਕੈਬਨਿਟ ਵਿਚ ਸੀਨੀਅਰ ਮੈਂਬਰ ਹਨ । ਭਾਈ ਅਮਰੀਕ ਸਿੰਘ , ਕਾਤਲ ਗਾਂਧੀ ਖ਼ਾਨਦਾਨ ਨਾਲ ਕਿਵੇਂ ਤੇ ਕਿਵੇਂ ਜਿਹੀਆਂ ਮੰਜ਼ਲਾਂ ਦੀ ਸਾਂਝ ਨੂੰ ਸਿੱਖ ਹੋਮਲੈਂਡ ਦਾ ਰਾਹ ਦੱਸ ਰਹੇ ਹਨ ।ਭਾਈ ਸਾਹਿਬ ਦੇ ਬਿਆਨ ਵਿਚ ਕਾਂਗਰਸੀਆਂ ਦੀ ਦਰਿੰਦਗੀ ਦੀ ਕੋਈ ਜ਼ਿਕਰ ਨਾ ਹੋਣਾ ਅੱਤ ਨਿੰਦਣ ਯੋਗ ਹੈ । ਇੰਦਰਾ ਗਾਂਧੀ ,ਰਾਜੀਵ ਦੇ ਜ਼ੁਲਮਾਂ ਬਾਰੇ ਅਮਰੀਕ ਸਿੰਘ ਵੱਲੋਂ ਗੁਮਰਾਹ ਕਰਨਾ ਵੀ ਬੇਲੋੜਾ ਤੇ ਵਿਸ਼ਵਾਸ਼ ਘਾਤ ਹੈ।



ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

ਆਵਾਜ਼ਿ ਕੌਮ AWAZE QAUM International Newspaper & WEB TV

**ਖੇਡਾਂ ਵਤਨ ਪੰਜਾਬ ਦੀਆਂ 2024 ਸੀਜਨ- 3**

# ਡਾਇਰੈਕਟਰ ਰਾਜਨ ਅਮਰਦੀਪ ਸਿੰਘ ਨੇ ਕੀਤਾ ਜ਼ਿਲ੍ਹਾ ਪੱਧਰੀ ਖੇਡਾਂ ਦਾ ਆਗਾਜ਼





**ਬਠਿੰਡਾ, 16 ਸਤੰਬਰ (ਗੁਰਜੰਟ ਸਿੰਘ ਨਥੇਹਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਪੰਜਾਬ ਸਰਕਾਰ ਅਤੇ ਖੇਡ ਵਿਭਾਗ ਪੰਜਾਬ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਡਿਪਟੀ ਕਮਿਸ਼ਨਰ ਬਠਿੰਡਾ ਸ੍ਰੀ ਸ਼ੌਕਤ ਅਹਿਮਦ ਪਰੇ ਦੀ ਰਹਿਣਮਈ ਹੇਠ ਅਤੇ ਜ਼ਿਲ੍ਹਾ ਸਪੋਰਟਸ ਅਫਸਰ ਪਰਮਿੰਦਰ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਖੇਡਾਂ ਵਤਨ ਪੰਜਾਬ ਸੀਜ਼ਨ- 3 ਦੀਆਂ ਤਹਿਤ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਦਾ ਸ਼ਾਨਦਾਰ ਆਗਾਜ਼ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਬਠਿੰਡਾ ਵਿਖੇ ਹੋਇਆ। ਇਨ੍ਹਾਂ ਖੇਡਾਂ ਦਾ ਰਸਮੀ ਉਦਘਾਟਨ ਰਾਜਨ ਅਮਰਦੀਪ ਸਿੰਘ ਡਾਇਰੈਕਟਰ ਜਲ ਸਪਲਾਈ ਅਤੇ ਸ੍ਰੋਤ ਵਿਭਾਗ ਪੰਜਾਬ ਨੇ ਗੁਬਾਰੇ ਹਵਾ ਵਿੱਚ ਛੱਡ ਕੇ ਕੀਤਾ। ਉਨ੍ਹਾਂ ਖਿਡਾਰੀਆਂ ਨੂੰ ਸਬੋਧਨ ਕਰਦਿਆਂ ਕਿਹਾ ਕਿ ਜਿੱਤ ਹਾਰ ਤਾਂ ਸਿਰਫ ਤੁਹਾਡੇ ਅਤੀਤ ਦੇ ਨਤੀਜੇ ਦਾ ਐਲਾਨ ਕਰਦੀ ਹੈ ਪਰ ਜਿੱਤ ਹਾਰ ਦੇ ਮਿਲੇ ਸਬਕ ਤੋਂ ਤੁਸੀਂ ਕਿਸ ਤਰ੍ਹਾਂ ਦਾ ਵਿਵਹਾਰ ਕਰਦੇ ਹੋ ਇਹ ਤੁਹਾਡੇ ਭਵਿੱਖ ਨੂੰ ਤੈਅ ਕਰਦਾ ਹੈ। ਉਨ੍ਹਾਂ ਖਿਡਾਰੀਆਂ ਨੂੰ ਖੇਡ ਭਾਵਨਾ ਨਾਲ ਖੇਡਣ ਲਈ ਪ੍ਰੇਰਿਤ ਕੀਤਾ ਗਿਆ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਖਿਡਾਰੀਆ ਦੀਆਂ ਖੇਡਾਂ ਨੂੰ ਪ੍ਰਫੁੱਲਿਤ ਕਰਨ ਲਈ ਉਚਿਤ ਪ੍ਰਬੰਧ ਕੀਤੇ ਜਾ ਰਹੇ ਤਾਂ ਕਿ ਆਉਣ ਵਾਲੀਆਂ ਨੌਜਵਾਨ ਪੀੜ੍ਹੀ ਨਸ਼ਿਆਂ ਤੋਂ ਦੂਰ ਰਹਿਣ। ਇਸ ਮੌਕੇ ਉਨ੍ਹਾ ਨਾਲ ਜ਼ਿਲ੍ਹਾ ਸਪੋਰਟਸ ਅਫ਼ਸਰ ਪਰਮਿੰਦਰ ਸਿੰਘ ਬਠਿੰਡਾ, ਹਰਦੀਪ ਸਿੰਘ ਬਾਕਸਿੰਗ ਕੋਚ, ਮਨਜਿੰਦਰ ਸਿੰਘ ਫੁੱਟਬਾਲ ਕੋਚ, ਸੁਖਮੰਦਰ ਸਿੰਘ ਰੈਸਲਿੰਗ, ਸੁਖਜੀਤ ਕੌਰ ਅਥਲੈਟਿਕਸ ਕੋਚ, ਸੁਖਪਾਲ ਕੌਰ ਸਾਈਕਲਿੰਗ ਕੋਚ, ਹਰਪ੍ਰੀਤ ਸਿੰਘ ਵਾਲੀਬਾਲ ਕੋਚ, ਜਸਪ੍ਰੀਤ ਸਿੰਘ ਬਾਸਕਟਬਾਲ ਕੋਚ ਜਗਜੀਤ ਸਿੰਘ, ਹੁਕਮਜੀਤ ਕੌਰ ਵਾਲੀਬਾਲ ਕੋਚ, ਰਾਜਵੰਤ ਸਿੰਘ ਅਤੇ ਅਮਨਦੀਪ ਸਿੰਘ ਹਾਕੀ ਕੋਚ, ਅਰੁਣਜੀਤ ਸਿੰਘ ਜੂਡੋ ਕੋਚ, ਸਾਹਿਲ ਕੁਮਾਰ ਲੇਖਾਕਾਰ ਖੇਡ ਵਿਭਾਗ, ਪਰਮਜੀਤ ਸਿੰਘ, ਨਰਿੰਦਰ ਸਿੰਘ ਆਦਿ ਹਾਜਰ ਸਨ। ਪਰਮਿੰਦਰ ਸਿੰਘ ਜਿਲਾ ਖੇਡ ਅਫਸਰ ਬਠਿੰਡਾ ਵੱਖ-ਵੱਖ ਵਰਗਾਂ ਅੰਡਰ ਸਾਰੇ ਵਰਗਾਂ ਵਿੱਚ ਜ਼ਿਲ੍ਹਾ ਪੱਧਰੀ ਖੇਡਾਂ ਦਾ ਆਰੰਭ ਹੋ ਗਿਆ ਹੈ। ਇਸ ਉਦਘਾਟਨੀ ਸਮਾਰੋਹ ਦੌਰਾਨ 10000 ਤੋਂ ਜ਼ਿਆਦਾ ਵੱਖ ਵੱਖ ਬਲਾਕਾਂ ਤੋਂ ਹਰ ਵਰਗ ਦੇ ਖਿਡਾਰੀ ਅਤੇ ਖਿਡਾਰਨਾਂ ਜ਼ਿਲ੍ਹਾ ਬਠਿੰਡਾ ਦੇ ਵੱਖ-ਵੱਖ ਬਲਾਕਾਂ ਵਿੱਚੋ ਭਾਗ ਲੈ ਰਹੇ ਹਨ ਹੈ। ਖੇਡਾਂ ਵਤਨ ਪੰਜਾਬ ਦੀਆਂ ਸੀਜ਼ਨ- 3 ਦੇ ਮੀਡੀਆ ਟੀਮ ਤੋਂ ਬਲਵੀਰ ਸਿੰਘ ਕਮਾਡੋਂ ਨੇ ਦੱਸਿਆ ਕਿ ਇਨ੍ਹਾਂ ਜ਼ਿਲ੍ਹਾ ਪੱਧਰੀ ਖੇਡਾਂ ਵਿੱਚ 24 ਤਰ੍ਹਾਂ ਦੀਆਂ ਖੇਡਾਂ ਜਿਵੇਂ ਕਿ, ਅਥਲੈਟਿਕਸ, ਕੱਬਡੀ ਨੈਸ਼ਨਲ ਸਟਾਈਲ, ਸਰਕਲ ਕਬੱਡੀ ਫੁੱਟਬਾਲ, ਹੈਂਡਬਾਲ, ਬਾਸਕਟਬਾਲ, ਚੈਸ, ਸਾਫਟ ਬਾਲ ਵਾਲੀਬਾਲ, ਖੋ-ਖੋ, ਜੂਡੋ ਗੁਤਕਾ, ਕਿੱਕ ਬਾਕਸਿੰਗ ਤੈਰਾਕੀ, ਨੈਟਬਾਲ, ਬੈਡਮਿੰਟਨ ਬਾਕਸਿੰਗ,ਪਾਵਰ ਲਿਫਟਿੰਗ, ਵੇਟ ਲਿਫਟਿੰਗ, ਹਾਕੀ, ਲਾਅਨ ਟੈਨਿਸ, ਕੁਸ਼ਤੀਆਂ, ਟੇਬਲ ਟੈਨਿਸ ਆਦਿ ਖੇਡਾਂ ਬਠਿੰਡਾ ਦੇ ਵੱਖ-ਵੱਖ ਖੇਡ ਮੈਦਾਨਾ ਵਿੱਚ ਕਰਵਾਈਆਂ ਜਾ ਰਹੀਆਂ ਹਨ। ਇਨਾਂ ਖੇਡਾਂ ਦੇ ਉਦਘਾਟਨੀ ਸਮਾਗਮ ਦੌਰਾਨ ਸਟੇਜ ਦੀ ਭੂਮਿਕਾ ਜਸਵਿੰਦਰ ਸਿੰਘ ਚਹਿਲ ਨੇ ਬਾਖੂਬੀ ਨਾਲ ਨਿਭਾਈ।

ਆਵਾਜ਼ਿ ਕੌਮ AWAZE QAUM International Newspaper & WEB TV

**ਸ੍ਰੀ ਗੁਰੂ ਗੋਬਿੰਦ ਸਿੰਘ ਜੀ ਸੀਨੀਅਰ ਸੈਕੰਡਰੀ ਸਕੂਲ ਚੂੰਗ ਦੀਆਂ**

# ਪੰਜ ਵਿਦਿਆਰਥਣ ਡੀ ਸੀ ਨੇ ਸਨਮਾਨ ਕੀਤਾ

**ਚੌਕ ਮਹਿਤਾ, 16 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਇਲਾਕੇ ਦੀ ਨਾਮਵਰ ਸੰਸਥਾ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਦੀਆਂ 5 ਵਿਦਿਆਰਥਣਾਂ ਦੇ ਪੰਜਾਬ ਮੈਰਿਟ ਆਉਣ ਤੇ ਅੰਮ੍ਰਿਤਸਰ ਸਾਹਿਬ ਦੇ ਮਾਣਯੋਗ ਡੀ ਸੀ ਘਣਸ਼ਿਆਮ ਥੋਰੀ ਵੱਲੋ ਸਨਮਾਨ ਕੀਤਾ ਗਿਆ। ਇਥੇ ਦੱਸਣਯੋਗ ਹੈ ਕਿ ਸਕੂਲ ਦੀਆਂ ਵਿਦਿਆਰਥਣਾਂ ਮਨਰੀਤ ਕੌਰ 98.31% ਨੰਬਰ ਲੈ ਕੇ ਜ਼ਿਲੇ ਵਿਚ 5ਵਾਂ ਅਤੇ ਪੰਜਾਬ ਵਿਚ 7ਵਾਂ ਸਥਾਨ ਹਾਸਿਲ ਕੀਤਾ ਸੀ ਅਤੇ ਉਸਦੇ ਨਾਲ ਬਲਪ੍ਰੀਤ ਕੌਰ 98%, ਮਾਨਟੇਕਪ੍ਰੀਤ ਕੌਰ 97.54%, ਧੰਨਗੁਰਲੀਨ ਕੌਰ 97.23% ਅਤੇ ਅਰਸ਼ਪ੍ਰੀਤ ਕੌਰ 97.08% ਨੰਬਰ ਪ੍ਰਾਪਤ ਕਰਕੇ ਪੰਜਾਬ ਮੈਰਿਟ ਵਿਚ ਜਗਾਹ ਬਣਾਈ ਸੀ। ਇਥੇ ਇਹ ਵੀ ਦੱਸਣਯੋਗ ਹੈ ਕਿ ਕੁੱਜ ਸਿਹਤ ਸੰਬੰਧੀ ਮੁਸ਼ਿਕਲਾਂ ਦੇ ਚਲਦਿਆਂ ਮਾਨਟੇਕਪ੍ਰੀਤ ਕੌਰ ਪਿੰਡ ਚੁੰਘ ਦੀ ਰਿਜ਼ਲਟ ਆਉਣ ਤੋਂ ਕੁਜ ਸਮੇ ਬਾਅਦ ਹੀ ਮੌਤ ਹੋ ਗਈ ਸੀ। ਓਸਦੀ ਜਗਾਹ ਓਸਦੇ ਮਾਤਾ ਜੀ ਨੂੰ ਡੀ ਸੀ ਸਾਹਿਬ ਵੱਲੋ ਸਨਮਾਨ ਦਿੱਤਾ ਗਿਆ। ਪ੍ਰਿੰਸੀਪਲ ਮਾਂਤੇਸ਼ ਕੁਮਾਰ ਮੌਕੇ ਤੇ ਮੌਜੂਦ ਸਨ। ਸਕੂਲ ਮੈਨੇਜਮੈਂਟ ਦੇ ਚੇਅਰਮੈਨ ਰਘਬੀਰ ਸਿੰਘ ਸੋਹਲ ਨੇ ਵਿਦਿਆਰਥਣਾਂ ਨੂੰ ਫਿਰ ਤੋਂ ਵਧਾਈ ਦਿਤੀ ਅਤੇ ਡੀ ਸੀ ਸਾਹਿਬ ਦੇ ਇਸ ਉਪਰਾਲੇ ਤੇ ਓਹਨਾ ਦਾ ਧੰਨਵਾਦ ਕੀਤਾ।



# ਫਿਰੋਜਪੁਰ ਦੇ ਡਿਪਟੀ ਕਮਿਸ਼ਨਰ ਮੈਡਮ ਦੀਪ ਸ਼ਿਖਾ ਸ਼ਰਮਾ ਨੂੰ ਸਨਮਾਨਿਤ ਕਰਦੇ ਹੋਏ ਫੈਡਰੇਸ਼ਨ ਦੇ ਆਗੂ

**☛ ਫੈਡਰੇਸ਼ਨ ਮਹਿਤਾ ਦੀ ਚੋਣ ਸਬੰਧੀ ਡਿਪਟੀ ਕਮਿਸ਼ਨਰ ਨਾਲ ਹੋਈ ਮੀਟਿੰਗ ☛ ਵੱਧ ਤੋ ਵੱਧ ਵੋਟਾ ਬਣਾਉਣ ਦੀ ਕੀਤੀ ਅਪੀਲ**



ਫਿਰੋਜਪੁਰ 16 ਸਤੰਬਰ (ਸੁਖਮੰਦਰ ਸਿੰਘ ਸ਼ਾਤ) ਫਿਰੋਜਪੁਰ ਦੇ ਨਵੇ ਆਏ ਡਿਪਟੀ ਕਮਿਸ਼ਨਰ ਮੈਡਮ ਦੀਪ ਸ਼ਿਖਾ ਸ਼ਰਮਾ ਅੱਜ ਧਾਰਮਿਕ ਜਥੇਬੰਦੀ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਸੀਨੀਅਰ ਆਗੂਆਂ ਨਾਲ ਇੱਕ ਮੀਟਿੰਗ ਕੀਤੀ ਅਤੇ ਆ ਰਹੀਆ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਮ ਚੋਣਾ ਲਈ ਵੱਧ ਤੋ ਵੱਧ ਵੋਟਾ ਬਣਾਉਣ ਲਈ ਸਿਵਲ ਪਰਸਾਸਣ ਦੀ ਮਦਦ ਕਰਨ ਦੀ ਸਹਾਇਤਾ ਕਰਨ ਦੀ ਮੰਗ ਕੀਤੀ ਫੈਡਰੇਸ਼ਨ ਆਗੂਆ ਨੇ ਡਿਪਟੀ ਕਮਿਸ਼ਨਰ ਨੂੰ ਵਿਸ਼ਵਾਸ ਦਵਾਇਆ ਕੇ ਉਹ ਹਰ ਕੰਮ ਵਿੱਚ ਪ੍ਰਸਾਸਣ ਦਾ ਸਾਥ ਦੇਣਗੇ ਉਹਨਾ ਨੇ ਪਿਛਲੇ ਸਮੇ ਦੋਰਾਨ ਸਿਵਲ ਪ੍ਰਸਾਸਣ ਤੇ ਪੁਲਿਸ ਨੂੰ ਦਿੱਤੇ ਸਹਿਯੋਗ ਬਾਰੇ ਸਾਰੀ ਜਾਣਕਾਰੀ ਦਿੱਤੀ ਜਿਸ ਤੇ ਮੈਡਮ ਦੀਪ ਸ਼ਿਖਾ ਸ਼ਰਮਾ ਜੀ ਅਤੇ ਅਡੀਸ਼ਨਲ ਡਿਪਟੀ ਕਮਿਸ਼ਨਰ ਮੈਡਮ ਨਿੱਧੀ ਜੀ ਨੇ ਵੀ ਫੈਡਰੇਸ਼ਨ ਆਗੂਆ ਨੂੰ ਵਿਸ਼ਵਾਸ ਦਵਾਇਆ ਕਿ ਉਹਨਾ ਦਾ ਸਰਕਾਰੇ ਦਰਬਾਰੇ ਬਣਦਾ ਮਾਣ ਸਣਮਾਣ ਉਹਨਾ ਨੂੰ ਜਰੂਰ ਮਿਲੇਗਾ ਅਤੇ ਉਹਨਾ ਨੇ ਵਰਕਰਸ ਨੂੰ ਹਰ ਪਿੰਡ ਤੇ ਮੁਹੱਲੇ ਵਿੱਚ ਜਾ ਕੇ ਸਿੱਖ ਵੋਟਰਾ ਨੂੰ ਖਾਸ ਕਰ ਸਿੱਖ ਔਰਤਾ ਨੂੰ ਜਾਗਰੂਕ ਕਰ ਕੇ ਵੱਧ ਤੋ ਵੱਧ ਵੋਟਾ ਦੇ ਫਾਰਮ ਭਰੇ ਜਾਣ ਇਸ ਮੀਟਿੰਗ ਵਿੱਚ ਫੈਡਰੇਸ਼ਨ ਆਗੂਆ ਡਿਪਟੀ ਕਮਿਸ਼ਨਰ ਮੈਡਮ ਦੀਪ ਸ਼ਿਖਾ ਨੂੰ ਸਿਰੋਪਾਉ ਦੇ ਕੇ ਸਵਾਗਤ ਕੀਤਾ ਜਿਸਤੇ ਉਹਨਾ ਨੇ ਆਗੂਆਂ ਦਾ ਧੰਨਵਾਦ ਕੀਤਾ ।ਇਸ ਸਮੇ ਫੈਡਰੇਸ਼ਨ ਦੀ ਮੀਟਿੰਗ ਵਿੱਚ ਫੈਡਰੇਸ਼ਨ ਦੇ ਸੀਨੀਅਰ ਮੀਤ ਪ੍ਰਧਾਨ ਭਾਈ ਜਸਪਾਲ ਸਿੰਘ ਜ਼ਿਲਾ ਪ੍ਰਧਾਨ ਡਾਂ ਗੁਰਮੀਤ ਸਿੰਘ ਆਈ ਟੀ ਸੈੱਲ ਦੇ ਜ਼ਿਲਾ ਪ੍ਰਧਾਨ ਡਾਂ ਮਨਜੀਤ ਸਿੰਘ ਮਹਾਲਮ ਜਰਨੈਲ ਸਿੰਘ ਗਾਬੜੀਆ ਸ਼ਹਿਰੀ ਪ੍ਰਧਾਨ ਭਾਈ ਕੁਲਦੀਪ ਸਿੰਘ ਨੱਢਾ ਭਾਈ ਗੁਰਮੇਲ ਸਿੰਘ ਲੱਖਾ ਭੇਡੀਆ ਬਲਾਕ ਛਾਉਣੀ ਪ੍ਰਧਾਨ ਗੁਰਮਿੰਦਰ ਸਿੰਘ ਖਜਾਂਨਚੀ ਕੁਲਦੀਪ ਸਿੰਘ ਲੋਕੋ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਾਨ ਸਰਕਾਰ ਨੇ ਖੇਡਾਂ ’ਚ ਚੰਗਾ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਦਾ ਕੀਤਾ ਸਨਮਾਨ: ਬੁਰਜ ਗਹੌਰਾ

ਧੂਰੀ ( ਰਣਜੀਤ ਸਿੰਘ ਪੇਧਨੀ ) ਖੇਡ ਖੇਤਰ ਨੂੰ ਪ੍ਰਫੁੱਲਿਤ ਕਰਨ ਲਈ ਮੁੱਖ ਮੰਤਰੀ ਪੰਜਾਬ ਸ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਖੇਡਾਂ ਚ ਕ੍ਰਾਂਤੀ ਲਿਆ ਕੇ ਸੂਬੇ ਨੂੰ ਨੰਬਰ 1 ਬਣਾਉਣ ਲਈ ਉਪਰਾਲੇ ਕਰ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਪੰਜਾਬ ਦੇ ਸੀਨੀਅਰ ਆਗੂ ਗੁਰਮੇਲ ਸਿੰਘ ਬੁਰਜ ਗਹੌਰਾ ਨੇ ਕੀਤਾ । ਉਨ੍ਹਾਂ ਕਿਹਾ ਕਿ ‘ਖੇਡਾਂ ਵਤਨ ਪੰਜਾਬ ਦੀਆਂ’ ਪਿਛਲੇ 2 ਸਾਲ ਦੀ ਸਫਲਤਾਂ ਤੋਂ ਬਾਅਦ ਇਸ ਸਾਲ ਸੀਜ਼ਨ-3 ਦੀ ਸ਼ੁਰੂਆਤ ਤੋਂ ਪਹਿਲਾਂ ਖੇਡਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਕੱਢੇ ਜਾ ਰਹੇ ਮਾਰਚ ਰਾਹੀਂ ਨੌਜਵਾਨਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਜਿਸ ਵਿੱਚ ਹਰ ਵਰਗ ਅਤੇ ਉਮਰ ਖਿਡਾਰੀ ਇਸ ਵਿਚ ਹਿੱਸਾ ਲੈ ਸਕਣਗੇ। ਉਨ੍ਹਾਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਵਰਗੀ ਭੈੜੀ ਅਲਾਮਤਾਂ ਤੋਂ ਦੂਰ ਰੱਖਣ ਵਿੱਚ ਕਾਰਗਰ ਸਾਬਤ ਹੋਣਗੀਆਂ ਪਿਛਲੇ ਸਾਲ ਵੀ ਖਿਡਾਰੀਆਂ ਨੇ ਇਸ ਵਿਚ ਹਿੱਸਾ ਲਿਆ ਸੀ ਅਤੇ ਪੰਜਾਬ ਸਰਕਾਰ ਵੱਲੋਂ ਕਰੋੜ ਰੁਪਏ ਦੇ ਇਨਾਮ ਨਕਦ ਵੰਡੇ ਗਏ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਸਕੂਲ ਦੀਆਂ ਵਿਦਿਆਰਥਣਾਂ ਨੇ ਵਤਨ ਪੰਜਾਬ ਦੀਆਂ ਖੇਡਾਂ ਵਿਚ ਚੰਗੀਆਂ ਪੁਜੀਸ਼ਨਾਂ ਕੀਤੀਆਂ ਹਾਸਲ



ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :— ਸ਼੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁਖੀ ਦਮਦਮੀ ਟਕਸਾਲ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੇ ਬੱਚਿਆਂ ਨੇ ਖੇਡਾਂ ਵਤਨ ਪੰਜਾਬ ਦੀਆਂ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ। ਬਲਾਕ ਪੱਧਰ ਦੇ ਮੁਕਾਬਲਿਆਂ ਵਿਚ ਗੁਰੂਹਰਸਹਾਏ ਵਿਖੇ ਕਰਵਾਏ ਗਏ, ਉਨ੍ਹਾਂ ਵਿਚ ਅੰਡਰ 21 ਦੇ 100 ਮੀਟਰ ਰੇਸ ਵਿਚ ਨਵਨੀਤ ਕੌਰ ਨੇ ਦੂਜਾ ਸਥਾਨ ਅਤੇ ਕਰਮਜੀਤ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਅੰਡਰ 21 ਦੇ 200 ਮੀਟਰ ਰੇਸ ਵਿਚ ਕਰਮਜੀਤ ਕੌਰ ਨੇ ਪਹਿਲਾ ਸਥਾਨ, ਜ਼ਸ਼ਨਦੀਪ ਕੌਰ ਨੇ ਦੂਜਾ ਸਥਾਨ ਅਤੇ ਚੇਸ਼ਟਾ ਬੱਤਾ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਤੋਂ ਇਲਾਵਾ ਅੰਡਰ 21 ਦੇ 400 ਮੀਟਰ ਰੇਸ ਵਿਚ ਕਰਮਜੀਤ ਕੌਰ ਨੇ ਪਹਿਲਾ ਸਥਾਨ, ਸਿਮਰਜੀਤ ਕੌਰ ਨੇ ਦੂਜਾ ਸਥਾਨ ਅਤੇ ਚੇਸ਼ਟਾ ਬੱਤਾ ਨੇ ਤੀਜਾ ਸਥਾਨ ਹਾਸਲ ਕੀਤਾ। ਸਕੂਲ ਪ੍ਰਿੰਸੀਪਲ ਮੈਡਮ ਜ਼ਸਪ੍ਰੀਤ ਕੌਰ ਨੇ ਜੇਤੂ ਬੱਚਿਆਂ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ, ਜਦੋਂ ਕਿ ਇਸ ਸਮੇਂ ਹਾਜ਼ਰ ਸਮੂਹ ਸਟਾਫ ਵੱਲੋਂ ਬੱਚਿਆਂ ਦੀ ਹੌਂਸਲਾ ਅਫਜਾਈ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

# ਅੱਸੂ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ





**ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :—** ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਅੱਸੂ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਰਾਗੀ—ਢਾਡੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਸੁਖਦੇਵ ਸਿੰਘ ਸੁੱਖਾ, ਭਾਈ ਸਰਬਜੀਤ ਸਿੰਘ ਰਾਗੀ ਜਥਾ ਬਜੀਦਪੁਰ ਸਾਹਿਬ, ਢਾਡੀ ਜਥਾ ਭਾਈ ਬੋਹੜ ਸਿੰਘ ਬਾਰੇਕੇ ਨੇ ਗੁਰ ਇਤਿਹਾਸ ਸੁਣਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਸਭ ਤੋਂ ਪਹਿਲਾਂ ਗੁਰੂ ਮਹਾਰਾਜ ਜੀ ਦੇ ਚਰਨਾਂ ਵਿਚ ਅਰਦਾਸ ਬੇਨਤੀ ਕੀਤੀ, ਉਪਰੰਤ ਹੁਕਮਨਾਮੇ ਦੀ ਕਥਾ ਕਰਦਿਆਂ ਆਖਿਆ ਕਿ ਸਾਨੂੰ ਸਤਿਗੁਰੂ ਦੇ ਭਾਣੇ ਵਿਚ ਰਹਿ ਕੇ ਆਪਣਾ ਜੀਵਨ ਬਸਰ ਕਰਨਾ ਚਾਹੀਦਾ ਹੈ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਹਰ ਮਨੁੱਖ ਨੂੰ ਸੰਗਤ ਵਿਚ ਜ਼ਰੂਰ ਜਾਣਾ ਚਾਹੀਦਾ ਹੈ, ਸੰਗਤ ਵਿਚ ਜਾਣ ਨਾਲ ਕੇਵਲ ਮਨੁੱਖ ਹੀ ਨਹੀਂ ਸਗੋਂ ਜੀਵ ਜੰਤੂ, ਪੰਛੀ ਵੀ ਤਰ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਮਨੁੱਖ ਤੋਤਾ ਪਾਲ ਲੈਂਦਾ ਹੈ, ਹਾਥੀ ਪਾਲ ਲੈਂਦਾ ਹੈ, ਉਸ ਨੂੰ ਮਨੁੱਖ ਜਿਵੇਂ ਸਿਖਾਉਂਦਾ ਹੈ, ਉਹ ਪੰਛੀ ਜਾਂ ਜਾਨਵਰ ਉਸੇ ਤਰ੍ਹਾਂ ਸਿੱਖ ਜਾਂਦਾ ਹੈ। ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਨੇ ਅੱਗੇ ਕਿਹਾ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਧੰਨ—ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਜ਼ੋਤੀ ਜ਼ੋਤ ਦਿਵਸ ਧੰਨ—ਧੰਨ ਸ੍ਰੀ ਗੁਰੂ ਅਮਰ ਦਾਸ ਜੀ ਅਤੇ ਧੰਨ—ਧੰਨ ਬਾਬਾ ਨੰਦ ਸਿੰਘ ਜੀ ਦੀ ਬਰਸੀ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ 20 ਸਤੰਬਰ 2024 (5 ਅੱਸੂ) ਦਿਨ ਸ਼ੁਕਰਵਾਰ ਨੂੰ ਕਰਵਾਏ ਜਾ ਰਹੇ ਹਨ। ਇਹ ਸਲਾਨਾ ਮਹਾਨ ਗੁਰਮਤਿ ਜਪ ਤਪ ਸਮਾਗਮ ਸਰਬੱਤ ਦੇ ਭਲੇ ਲਈ 31 ਜੁਲਾਈ ਤੋਂ ਮਹਾਂ ਸੰਪਟ ਚੱਲ ਰਹੇ ਹਨ, ਜਿਨ੍ਹਾਂ ਦਾ ਭੋਗ 20 ਸਤੰਬਰ ਨੂੰ ਪਾਏ ਜਾਣਗੇ। ਸੰਗਤਾਂ ਨੂੰ ਬੇਨਤੀ ਹੈ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਉ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

### ਫੈਡਰੇਸ਼ਨ ਮਹਿਤਾ ਦੀ ਚੋਣਾਂ ਸਬੰਧੀ ਡਿਪਟੀ ਕਮਿਸ਼ਨਰ ਨਾਲ ਹੋਈ ਮੀਟਿੰਗ

# ਵੱਧ ਤੋਂ ਵੱਧ ਵੋਟਾਂ ਬਨਾਉਣ ਦੀ ਕੀਤੀ ਅਪੀਲ



**ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :—** ਫ਼ਿਰੋਜ਼ਪੁਰ ਦੇ ਨਵੇਂ ਆਏ ਡਿਪਟੀ ਕਮਿਸ਼ਨਰ ਮੈਡਮ ਦੀਪਸ਼ਿਖਾ ਸ਼ਰਮਾ ਨੇ ਅੱਜ ਧਾਰਮਿਕ ਜਥੇਬੰਦੀਆਂ ਸਿੱਖ ਸਟੂਡੈਂਟਸ ਫੈਡਰੇਸ਼ਨ ਮਹਿਤਾ ਦੇ ਸੀਨੀਅਰ ਆਗੂਆਂ ਨਾਲ ਇਕ ਮੀਟਿੰਗ ਕੀਤੀ ਅਤੇ ਆ ਰਹੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਮ ਚੋਣਾਂ ਲਈ ਵੱਧ ਤੋਂ ਵੱਧ ਵੋਟਾਂ ਬਨਾਉਣ ਲਈ ਸਿਵਲ ਪ੍ਰਸ਼ਾਸਨ ਦੀ ਸਹਾਇਤ ਕਰਨ ਦੀ ਮੰਗ ਕੀਤੀ। ਫੈਡਰੇਸ਼ਨ ਆਗੂਆਂ ਨੇ ਡਿਪਟੀ ਕਮਿਸ਼ਨਰ ਨੂੰ ਵਿਸਵਾਸ਼ ਦਿਵਾਇਆ ਕਿ ਉਹ ਹਰ ਕੰਮ ਲਈ ਪ੍ਰਸ਼ਾਸਨ ਨੂੰ ਸਹਿਯੋਗ ਦਿੰਦੇ ਅਤੇ ਲੈਂਦੇ ਹਨ। ਉਨ੍ਹਾਂ ਪਿਛਲੇ ਸਮੇਂ ਦੌਰਾਨ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਨੂੰ ਦਿੱਤੇ ਸਹਿਯੋਗ ਬਾਰੇ ਸਾਰੀ ਜਾਣਕਾਰੀ ਦਿੱਤੀ, ਜਿਸ ਤੇ ਮੈਡਮ ਦੀਪਸ਼ਿਖਾ ਸ਼ਰਮਾ ਅਤੇ ਐਡੀਸ਼ਨਲ ਡਿਪਟੀ ਕਮਿਸ਼ਨਰ ਮੈਡਮ ਨਿਜੀ ਨੇ ਵੀ ਫੈਡਰੇਸ਼ਨ ਮਹਿਤਾ ਆਗੂਆਂ ਨੂੰ ਵਿਸਵਾਸ਼ ਦਿਵਾਇਆ ਕਿ ਉਨ੍ਹਾਂ ਦਾ ਸਾਰਕਾਰੇ ਦਰਬਾਰੇ ਬਣਦਾ ਮਾਨ ਸਨਮਾਨ ਉਨ੍ਹਾਂ ਨੂੰ ਜ਼ਰੂਰ ਮਿਲੇਗਾ। ਉਨ੍ਹਾਂ ਵਰਕਰਾਂ ਨੂੰ ਇਹ ਵੀ ਅਪੀਲ ਕੀਤੀ ਕਿ ਹਰ ਪਿੰਡ, ਮੁਹੱਲੇ ਵਿਚ ਪਹੁੰਚ ਕਰਕੇ ਸਿੱਖ ਵੋਟਰਾਂ ਨੂੰ ਜਾਗਰੂਕ ਕਰਕੇ ਅਤੇ ਖਾਸ ਕਰ ਸਿੱਖ ਔਰਤਾਂ ਦੀਆਂ ਵੱਧ ਤੋਂ ਵੱਧ ਵੋਟਾਂ ਦੇ ਫਾਰਮ ਭਰੇ ਜਾਣ। ਮੀਟਿੰਗ ਉਪਰੰਤ ਫੈਡਰੇਸ਼ਨ ਵਰਕਰਾਂ ਨੇ ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਮੈਡਮ ਦੀਪਸ਼ਿਪ ਸ਼ਰਮਾ ਨੂੰ ਸਿਰੋਪਾਓ ਦੇ ਕੇ ਉਨ੍ਹਾਂ ਦਾ ਸਵਾਗਤ ਕੀਤਾ ਗਿਆ, ਜਿਸ ਤੇ ਉਨ੍ਹਾਂ ਨੇ ਫੈਡਰੇਸ਼ਨ ਵਰਕਰਾਂ ਦਾ ਧੰਨਵਾਦ ਕੀਤਾ। ਫੈਡਰੇਸ਼ਨ ਦੀ ਟੀਮ ਵਿਚ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜ਼ਸਪਾਲ ਸਿੰਘ, ਕੌਮੀ ਸਕੱਤਰ ਜਰਨੈਲ ਸਿੰਘ ਗਾਬੜੀਆ, ਜ਼ਿਲ੍ਹਾ ਪ੍ਰਧਾਨ ਸ਼ਹਿਰੀ ਡਾ: ਗੁਰਮੀਤ ਸਿੰਘ ਸਿੱਧੂ, ਸ਼ਹਿਰੀ ਪ੍ਰਧਾਨ ਕੁਲਦੀਪ ਸਿੰਘ ਨੰਢਾ, ਬਲਾਕ ਛਾਉਣੀ ਦੇ ਪ੍ਰਧਾਨ ਗੁਰਮਿੰਦਰ ਸਿੰਘ, ਖਜਾਨਚੀ ਕੁਲਦੀਪ ਸਿੰਘ ਲੋਕੋ, ਆਈ.ਟੀ ਸੈਲ ਦੇ ਇੰਚਾਰਜ ਡਾ: ਮਨਜੀਤ ਸਿੰਘ ਮਹਾਲਮ, ਗੁਰਮੇਲ ਸਿੰਘ ਭੇਡੀਆ ਆਦਿ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰੂ ਨਾਨਕ ਕਾਲਜ ਫ਼ਿਰੋਜ਼ਪੁਰ ਵਿਖੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪ੍ਰਧਾਨ ਦੀ ਹੋਈ ਚੋਣ—ਹਰਕੋਮਲਪ੍ਰੀਤ ਸਿੰਘ ਨੂੰ ਬਣਾਇਆ ਕਾਲਜ ਪ੍ਰਧਾਨ



**ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :—** ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੀ ਮੀਟਿੰਗ ਗੁਰੂ ਨਾਨਕ ਕਾਲਜ ਫਿਰੋਜ਼ਪੁਰ ਵਿਖੇ ਹੋਈ ਜਿੱਥੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੀ ਇਕਾਈ ਦਾ ਗਠਨ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਕੌਮੀ ਪ੍ਰਧਾਨ ਦਲੇਰ ਸਿੰਘ ਡੋਡ ਪਹੁੰਚੇ ਉਨ੍ਹਾਂ ਨੌਜਵਾਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਫੈਡਰੇਸ਼ਨ ਦੀ ਸਥਾਪਨਾ 1944 ਵਿਚ ਲਾਹੌਰ ਕਾਲਜ ਹੋਈ ਸੀ ਜਿੱਥੇ ਸਭ ਤੋਂ ਪਹਿਲਾਂ ਇਸ ਦਾ ਪ੍ਰਧਾਨ ਸਰੂਪ ਸਿੰਘ ਨੂੰ ਬਣਾਇਆ ਗਿਆ ਸੀ, ਫੈਡਰੇਸ਼ਨ ਨੇ ਵਿਦਿਆਰਥੀਆਂ ਦੀਆਂ ਹੱਕੀ ਮੰਗਾਂ ਲਈ ਵੱਡਾ ਸੰਘਰਸ਼ ਲੜਿਆ ਉਥੇ ਗੁਰਮਿਤ ਦੇ ਕੈਂਪ ਵੀ ਕਾਲਜਾਂ ਵਿੱਚ ਲਾਏ, ਨੌਜਵਾਨਾਂ ਨੂੰ ਸਿੱਖੀ ਤੇ ਸਿੱਖੀ ਸਿਧਾਂਤਾਂ ਨਾਲ ਜੋੜਿਆ ਅਤੇ ਸਿੱਖ ਲੀਡਰਸ਼ਿਪ ਪੈਦਾ ਕੀਤੇ। ਉਨ੍ਹਾਂ ਕਿਹਾ ਕਿ ਅੱਜ ਸਮਾਂ ਮੰਗ ਕਰਦਾ ਸਾਨੂੰ ਕਾਲਜਾਂ ਵਿੱਚ ਗੁਰਮਤ ਦੇ ਕੈਂਪ ਲਾਉਣੇ ਚਾਹੀਦੇ ਹਨ, ਸਿੱਖ ਨੌਜਵਾਨੀ ਨੂੰ ਸਿੱਖ ਸਿਧਾਂਤਾਂ ਤੋਂ ਜਾਣੂ ਕਰਵਾਉਣਾ ਚਾਹੀਦਾ ਹੈ, ਇਸ ਲਈ ਅਸੀਂ ਫੈਡਰੇਸ਼ਨ ਦੀਆਂ ਇਕਾਈਆਂ ਵੱਖ—ਵੱਖ ਕਾਲਜਾਂ ਵਿਚ ਗਠਨ ਕਰਨ ਜਾ ਰਹੇ ਹਾਂ। ਉਨ੍ਹਾਂ ਕਿਹਾ ਕਿ ਅੱਜ ਸਭ ਤੋਂ ਵੱਡੀ ਖੁਸ਼ੀ ਵਾਲੀ ਗੱਲ ਇਹ ਦੇਖੀ ਗਈ ਕਿ ਕਾਲਜਾਂ ਵਿੱਚ ਦੁਬਾਰਾ ਪੰਜ ਸਾਲ ਬਾਅਦ ਰੌਣਕ ਪਰਤੀ ਹੈ, ਜਿਹੜੀ ਸਾਡੀ ਨੌਜਵਾਨੀ ਵਿਦੇਸ਼ਾਂ ਨੂੰ ਜਾ ਰਹੀ ਸੀ ਉਹ ਰੁਕ ਗਈ ਹੈ ਕਿਉਂਕਿ ਹਰੇਕ ਸਾਲ ਲੱਖਾਂ ਦੀ ਗਿਣਤੀ ਵਿੱਚ ਨੌਜਵਾਨੀ ਵਿਦੇਸ਼ਾਂ ਨੂੰ ਜਾ ਰਹੀ ਸੀ। ਇਸ ਮੌਕੇ ਜਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਗੋਲਡੀ ਨੇ ਕਿਹਾ ਕਿ ਜਲਦ ਹੀ ਜਿਵੇਂ ਗੁਰੂ ਨਾਨਕ ਕਾਲਜ ਵਿੱਚ ਇਕਾਈ ਦਾ ਗਠਨ ਕੀਤਾ, ਇਸੇ ਤਰਾਂ ਫਿਰੋਜ਼ਪੁਰ ਦੇ ਕਾਲਜਾ ਵਿੱਚ ਜਾ ਕੇ ਹੋਰ ਨੌਜਵਾਨਾਂ ਨੂੰ ਪ੍ਰੇਰਿਤ ਕਰਕੇ ਫੈਡਰੇਸ਼ਨ ਨਾਲ ਜੋੜਿਆ ਜਾਵੇਗਾ। ਇਸ ਸਮੇ ਕਾਲਜ ਦੇ ਚੈਅਰਮੈਨ ਰਤਿੰਦਰ ਸਿੰਘ ਸਾਈਆਂਵਾਲਾ ਨੇ ਨੌਜਵਾਨਾ ਨੂੰ ਆਪਣੇ ਵਿਰਸੇ ਨਾਲ ਜੁੜਨ ਤੇ ਚੰਗੇ ਅਫਸਰ ਬਣ ਕੇ ਕਾਲਜ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ ਅਤੇ ਨੌਜਵਾਨਾ ਨੂੰ ਸਰੋਪਾ ਪਾ ਕੇ ਕਾਲਜ ਇਕਾਈ ਦਾ ਗਠਨ ਕੀਤਾ। ਇਸ ਚੁਣੀ ਗਈ ਟੀਮ ਵਿਚ ਹਰਕੋਮਲਪਰੀਤ ਸਿੰਘ ਨੂੰ ਪ੍ਰਧਾਨ ਥਾਪਿਆ ਗਿਆ, ਜਦੋਂ ਕਿ ਜਗਰੂਪ ਸਿੰਘ, ਦਲਜੀਤ ਸਿੰਘ, ਮਨਜੋਬਨਪਰੀਤ ਸਿੰਘ, ਅਨਮੋਲਪਰੀਤ ਸਿੰਘ, ਸੁਖਮਨਪਰੀਤ ਸਿੰਘ, ਮਨਵੀਰ ਸਿੰਘ, ਅਨਮੋਲ ਸੰਧੂ, ਜਸ਼ਨ ਸਿੱਧੂ, ਖੁਸ਼ਦੀਪ ਸਿੰਘ, ਸੁਰਿੰਦਰ ਸਿੰਘ, ਜੁਗਰਾਜ ਸਿੰਘ, ਦਮਨਜੋਤ ਸਿੰਘ, ਰਣਜੀਤ ਸਿੰਘ ਤੇ ਹੋਰ ਨੌਜਵਾਨਾਂ ਨੂੰ ਮੈਂਬਰਸ਼ਿਪ ਦਿੱਤੀ ਗਈ। ਇਸ ਮੌਕੇ ਆਲ ਕਾਲਜ ਪ੍ਰਧਾਨ ਸੁਖਪਾਲ ਸਿੰਘ, ਪ੍ਰੀਤ ਹਾਮਦ, ਹਰਜਿੰਦਰ ਸਿੰਘ ਰਾਈਆਂਵਾਲਾ, ਗੁਰਵਿੰਦਰ ਸਿੰਘ, ਮਨਵਿੰਦਰ ਸਿੰਘ ਬੀਲੇਵਾਲ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਟਰਮ—1 ਦੀਆਂ ਪ੍ਰੀਖਿਆਵਾਂ ਹੋਈਆਂ ਸ਼ੁਰੂ





**ਫ਼ਿਰੋਜ਼ਪੁਰ, 16 ਸਤੰਬਰ (ਮਨੋਹਰ ਲਾਲ) :—** ਬੱਚਿਆਂ ਨੂੰ ਫਾਈਨਲ ਪੇਪਰਾਂ ਵਿਚ ਪਰਪੱਕ ਕਰਨ ਦੇ ਮਨੋਰਥ ਨਾਲ ਟਰਮ—1 ਦੀਆਂ ਸ਼ੁਰੂ ਹੋਈਆਂ ਪ੍ਰੀਖਿਆਵਾਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ ਫ਼ਿਰੋਜ਼ਪੁਰ ਮੋਗਾ ਰੋਡ ’ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ, ਵਿੱਚ ਟਰਮ—1 ਦੀਆਂ ਪ੍ਰੀਖਿਆਵਾਂ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀ ਪੂਰੀ ਮਿਹਨਤ, ਲਗਨ ਅਤੇ ਤਿਆਰੀ ਨਾਲ ਪ੍ਰੀਖਿਆ ਦੇ ਰਹੇ ਹਨ ਅਤੇ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਇਮਤਿਹਾਨਾਂ ਦੀ ਤਿਆਰੀ ਲਈ ਪੂਰੀ ਮਦਦ ਦਿੱਤੀ ਜਾ ਰਹੀ ਹੈ ਅਤੇ ਸਿਲੇਬਸ ਸਬੰਧੀ ਉਨ੍ਹਾਂ ਦੀ ਸ਼ੰਕਾ ਨੂੰ ਵੀ ਸਮੇਂ—ਸਮੇਂ ਤੇ ਦੂਰ ਕੀਤਾ ਜਾ ਰਹੀ ਹੈ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਦੱਸਿਆ ਕਿ ਇਮਤਿਹਾਨ ਉਹ ਸਮਾਂ ਹੁੰਦਾ ਹੈ ਜਦੋਂ ਵਿਦਿਆਰਥੀ ਨੂੰ ਉਸ ਦੇ ਅਧਿਆਪਕ ਦੁਆਰਾ ਸਿਖਾਏ ਅਤੇ ਸਮਝਾਏ ਗਏ ਅਨੁਸਾਰ ਚੱਲਣਾ ਹੁੰਦਾ ਹੈ। ਉਨ੍ਹਾਂ ਕਿਹਾ ਕਿ ਸਾਨੂੰ ਪੂਰੀ ਉਮੀਦ ਹੈ ਕਿ ਸਾਡੇ ਸਕੂਲ ਦੇ ਵਿਦਿਆਰਥੀ ਇਮਤਿਹਾਨਾਂ ਵਿੱਚ ਚੰਗੇ ਅੰਕ ਪ੍ਰਾਪਤ ਕਰਕੇ ਅਤੇ ਚੰਗੇ ਨਤੀਜੇ ਲੈ ਕੇ ਆਪਣੇ ਅਧਿਆਪਕਾਂ, ਮਾਪਿਆਂ ਅਤੇ ਸਕੂਲ ਦਾ ਨਾਮ ਰੌਸ਼ਨ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV

# ‘ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਜਨਮ ਸ਼ਤਾਬਦੀ ਮਨਾਉਣ ਲਈ ਸ਼੍ਰੋਮਣੀ ਕਮੇਟੀ ਨੇ ਨਹੀਂ ਦਿੱਤਾ ਆਡੀਟੋਰੀਅਮ, ਪ੍ਰਧਾਨ ਧਾਮੀ ਨੇ ਕੋਰਾ ਦਿੱਤਾ ਜਵਾਬ’



**ਅੰਮ੍ਰਿਤਸਰ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜਥੇ: ਹਰਿੰਦਰਪਾਲ ਸਿੰਘ ਟੌਹੜਾ ਨੇ ਦੱਸਿਆ ਕਿ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਸਾਹਿਬ ਦੀ ਜਨਮ ਸ਼ਤਾਬਦੀ ਮਨਾਉਣ ਦੇ ਸਬੰਧ ਦੇ ਵਿੱਚ ਸੈਮੀਨਾਰ ਕਰਵਾਇਆ ਜਾਣਾ ਸੀ। ਉਸ ਸੈਮੀਨਾਰ ਦੇ ਲਈ ਆਡੀਟੋਰੀਅਮ ਲੈਣ ਲਈ ਜਥੇਦਾਰ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਬੇਨਤੀ ਕੀਤੀ ਗਈ ਕਿ ਸਾਨੂੰ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਸ੍ਰੀ ਫਤਿਹਗੜ ਸਾਹਿਬ ਜਾਂ ਐਸਜੀਪੀਸੀ ਦੇ ਬਹਾਦਰਗੜ੍ਹ ਦਫ਼ਤਰ ਵਿਖੇ ਆਡੀਟੋਰੀਅਮ ਦਿੱਤਾ ਜਾਵੇ। ਉਹਨਾਂ ਨੇ ਆਡੀਟੋਰੀਅਮ ਦੇਣ ਤੋਂ ਸਾਫ ਮਨਾ ਕਰ ਦਿੱਤਾ ਸੀ। ਹਾਲਾਂਕਿ ਜਥੇਦਾਰ ਧਾਮੀ ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੇ ਨਜ਼ਦੀਕੀਆਂ ਚੋਂ ਗਿਣੇ ਜਾਂਦੇ ਹਨ ਤੇ ਅੱਜ ਤੱਕ ਵੀ ਕਲੇਮ ਕਰਦੇ ਹਨ ਕਿ ਮੈ ਜਥੇ ਟੌਹੜਾ ਦਾ ਉਪਾਸ਼ਕ ਹਾਂ ਪਰ ਉਹਨਾਂ ਨੇ ਇਹ ਸੈਮੀਨਾਰ ਕਰਵਾਉਣ ਤੋਂ ਮਨਾ ਕਰਕੇ ਆਪਣੇ ਉਸ ਸਿਆਸੀ ਗੁਰੂ ਨੂੰ ਪਿੱਠ ਦਿਖਾਉਣ ਦੇ ਨਾਲ-ਨਾਲ ਪੰਥਕ ਸਖਸੀਅਤ ਨਾਲ ਧ੍ਰੋਹ ਕਮਾਉਣ ਵਾਲੀ ਗੱਲ ਕੀਤੀ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪੰਥ ਦੀ ਸਾਂਝੀ ਸੰਸ਼ਥਾ ਹੈ ਅਤੇ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਤੋਂ ਲੈ ਕੇ ਸਾਰੇ ਇੰਸਟੀਚਿਊਟ ਜਥੇਦਾਰ ਗੁਰਚਰਨ ਸਿੰਘ ਟੌਹੜਾ ਨੇ ਹੀ ਬਣਾਵਾਂਏ ਹਨ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਜਥੇਦਾਰ ਗੁਰਚਰਨ ਸਿੰਘ ਟੌਹੜਾ ਲਗਾਤਾਰ ਲਗਭਗ 27 ਸਾਲ ਪ੍ਰਧਾਨ ਰਹੇ ਜੇਕਰ ਅਜਿਹੀ ਪੰਥਕ ਸਖਸੀਅਤ ਲਈ ਵੀ ਐਸਜੀਪੀਸੀ ਪ੍ਰਧਾਨ ਦੀ ਅਜਿਹੀ ਸੋਚ ਹੈ ਤਾਂ ਇਹ ਪੰਥ ਦੇ ਵਿੱਚ ਬੜੀ ਗਿਰਾਵਟ ਵਾਲੀ ਸਥਿਤੀ ਸਾਹਮਣੇ ਆ ਰਹੀ ਹੈ ਇਸ ਦੀ ਕਰੜੇ ਸ਼ਬਦਾਂ ਚ ਨਿੰਦਾ ਕਰਦੇ ਹਾਂ।

# ਪੰਜਾਬ ਪੁਲਸ ਵੱਲੋਂ ਵੱਡੇ ਡਰੱਗ ਨੈੱਟਵਰਕ ਦਾ ਪਰਦਾ.ਫਾਸ਼, 10 ਕਿੱਲੋ ਹੈਰੋਇਨ ਸਣੇ 4 ਸਮੱਗਲਰ ਗ੍ਰਿ.ਫਤਾਰ

**ਜਲੰਧਰ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਦੇ ਪਾਸ਼ ਏਰੀਆ ਗ੍ਰੀਨ ਪਾਰਕ ਵਿਚ ਬੀਤੇ ਦਿਨੀਂ ਜਲੰਧਰ ਸਿਟੀ ਪੁਲਸ ਦੀ ਸੀ. ਆਈ. ਏ. ਸਟਾਫ਼ ਦੀ ਟੀਮ ਨੇ ਇਕ ਕਿੱਲੋ ਹੈਰੋਇਨ ਅਤੇ 4 ਲੱਖ ਦੀ ਡਰੱਗ ਮਨੀ ਸਮੇਤ ਇਕ ਵੱਡੇ ਨਸ਼ਾ ਤਸਕਰ ਨੂੰ ਗ੍ਰਿਫ਼ਤਾਰ ਕੀਤਾ ਸੀ। ਇਸੇ ਤਹਿਤ ਅੱਜ ਸਿਟੀ ਪੁਲਸ ਨੂੰ ਵੱਡੀ ਸਫ਼ਲਤਾ ਮਿਲੀ ਹੈ। ਪੁਲਸ ਨੇ ਫਿਰੋਜ਼ਪੁਰ ਦੇ ਚਾਰ ਹੋਰ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਸ ਵੱਲੋਂ ਕਰੀਬ 10 ਕਿੱਲੋ ਹੈਰੋਇਨ ਬਰਾਮਦ ਕੀਤੀ ਗਈ ਹੈ। ਪੰਜਾਬ ਪੁਲਸ ਦੇ ਡੀ. ਜੀ. ਪੀ. ਗੌਰਵ ਯਾਦਵ ਨੇ ਇਸ ਨੂੰ ਲੈ ਕੇ ਖ਼ੁਲਾਸਾ ਕੀਤਾ ਹੈ। ਫਿਲਹਾਲ ਦੋਸ਼ੀਆਂ ਕੋਲੋਂ ਜਲੰਧਰ ਸਿਟੀ ਦੀ ਸੀ. ਆਈ. ਏ. ਸਟਾਫ਼ ਵੱਲੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਸੂਤਰਾਂ ਮੁਤਾਬਕ ਦੋਸ਼ੀਆਂ ਵੱਲੋਂ ਸਾਰੀ ਡਰੱਗ ਸਰਹੱਦ ਪਾਰ ਤੋਂ ਮੰਗਵਾਈ ਜਾ ਰਹੀ ਸੀ। ਸਰਹੱਦ ’ਤੇ ਦੋਸ਼ੀ ਕਿਹੜੇ ਨਸ਼ਾ ਤਸਕਰ ਦੇ ਲਿੰਕ ਵਿਚ ਸਨ, ਇਸ ਨੂੰ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਹੈ। ਬਰਾਮਦ ਕੀਤੀ ਗਈ ਹੈਰੋਇਨ ਦੀ ਕੌਮਾਂਤਰੀ ਕੀਮਤ ਕਰੀਬ 50 ਕਰੋੜ ਰੁਪਏ ਦੱਸੀ ਜਾ ਰਹੀ ਹੈ। ਦੱਸ ਦੇਈਏ ਕਿ ਪੁਲਸ ਨੇ 9 ਸਤੰਬਰ ਨੂੰ ਫ਼ਿਰੋਜ਼ਪੁਰ ਦੇ ਪਿੰਡ ਭੰਗੋਵਾਲਾ ਦੇ ਰਹਿਣ ਵਾਲੇ ਬਦਨਾਮ ਨਸ਼ਾ ਤਸਕਰ ਛਿੰਦਾ ਸਿੰਘ ਪੁੱਤਰ ਬੋਹੜ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਸੀ। ਪੁਲਸ ਨੇ ਮੁਲਜ਼ਮ ਤੋਂ ਪੁੱਛਗਿੱਛ ਕਰਨ ਮਗਰੋਂ ਫ਼ਿਰੋਜ਼ਪੁਰ ਵਾਸੀ ਹਰਜਿੰਦਰ ਪਾਲ ਸਿੰਘ ਪੁੱਤਰ ਬਲਵੰਤ ਸਿੰਘ, ਵੀਰ ਸਿੰਘ ਪੁੱਤਰ ਕਾਲਾ ਸਿੰਘ, ਸੁਰਮੁੱਖ ਸਿੰਘ ਪੁੱਤਰ ਮੰਗਲ ਸਿੰਘ ਅਤੇ ਮਲੂਕ ਸਿੰਘ ਪੁੱਤਰ ਸੋਹਣ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ।

ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਗੁਰਬਾਣੀ ਲੜੀਵਾਰ ਕਥਾ ਵਿਆਖਿਆ ਦੀ ਹਾਜ਼ਰੀ ਭਰੀ








ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ ਗੁਰਬਾਣੀ ਲੜੀਵਾਰ ਕਥਾ ਵਿਆਖਿਆ ਦੀ ਹਾਜ਼ਰੀ ਭਰਦੇ ਹੋਏ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਅਤੇ ਲੀਗਲ ਵਿੰਗ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵਿੰਗ ਦੀ ਵਿਸੇਸ਼ ਇਕੱਤਰਤਾ

# ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਦੀ ਪ੍ਰਧਾਨਗੀ ਹੇਠ ਹੋਈ

## ਪ੍ਰਚਾਰਕ,ਪੰਜਾਬੀ ਅਧਿਆਪਕ,ਢਾਡੀ ਅਤੇ ਕਵੀਸ਼ਰ ਜੱਥਿਆਂ ਨੂੰ ਧਰਮ ਪ੍ਰਚਾਰ ਦੌਰਾਨ ਆਉਂਦੀਆ ਮੁਸ਼ਿਕਲਾਂ ਨੂੰ ਸੁਣਿਆ









ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਵਿੰਗ ਦੀ ਵਿਸੇਸ਼ ਇਕੱਤਰਤਾ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਪ੍ਰਚਾਰਕ,ਪੰਜਾਬੀ ਅਧਿਆਪਕ,ਢਾਡੀ ਅਤੇ ਕਵੀਸ਼ਰ ਜੱਥਿਆਂ ਨੂੰ ਧਰਮ ਪ੍ਰਚਾਰ ਦੌਰਾਨ ਆਉਂਦੀਆ ਮੁਸ਼ਿਕਲਾਂ ਨੂੰ ਸੁਣਿਆ ਅਤੇ ਧਰਮ ਪ੍ਰਚਾਰ ਹੋਰ ਪ੍ਰਚੰਡ ਕਰਨ ਦੇ ਸੁਝਾਅ ਲਏ ਗਏ,ਜਥੇਦਾਰ ਦਾਦੂਵਾਲ ਜੀ ਨੇ ਧਰਮ ਪ੍ਰਚਾਰ ਲਈ ਵਿਸੇਸ਼ ਦਿਸ਼ਾ ਨਿਰਦੇਸ਼ ਦਿੱਤੇ,ਇਸ ਸਮੇਂ ਭਾਈ ਸਰਬਜੀਤ ਸਿੰਘ ਜੰਮੂ ਸਕੱਤਰ ਧਰਮ ਪ੍ਰਚਾਰ,ਭਾਈ ਕੁਲਦੀਪ ਸਿੰਘ ਭਾਣੋਖੇੜੀ ਮੀਤ ਸਕੱਤਰ,ਭਾਈ ਸਿਕੰਦਰ ਸਿੰਘ ਵਾਰਾਣਾ ਇੰਚਾਰਜ ਸਬ ਦਫ਼ਤਰ ਧਰਮ ਪ੍ਰਚਾਰ ਨਾਢਾ ਸਾਹਿਬ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

## ਜੱਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਜਨਮ ਸ਼ਤਾਬਦੀ ਸਮਾਗਮ ਲਈ ਪੰਜ ਸਿੰਘ ਸਾਹਿਬਾਨਾਂ ਨੂੰ ਭੇਜਾਂਗੇ ਸੱਦਾ - ਜੱਥੇਦਾਰ ਵਡਾਲਾ

# ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਅਤੇ ਪੰਥਕ ਹਿੱਤਾਂ ਲਈ ਮੁੜ ਵਚਨਬੱਧਤਾ ਦਿਖਾਈ

## ਰਾਹੁਲ ਗਾਂਧੀ ਸਿੱਖਾਂ ਪ੍ਰਤੀ ਹਮਦਰਦੀ ਜ਼ਾਹਿਰ ਕਰਨ ਤੋਂ ਪਹਿਲਾਂ ਸਿੱਖ ਨਸਲਕੁਸ਼ੀ ਲਈ ਜਿੰਮੇਵਾਰ ਲੋਕਾਂ ਲਈ ਨਿੰਦਾ ਪ੍ਰਸਤਾਵ ਲੈ ਕੇ ਆਉਣ

**ਚੰਡੀਗੜ੍ਹ, 16 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਵੱਲੋ ਅੱਜ ਪਿਛਲੇ ਦਿਨਾਂ ਦੌਰਾਨ ਕਰਵਾਏ ਗਏ ਸਮਾਗਮਾਂ ਦੀ ਪੜਚੋਲ ਅਤੇ ਭਵਿੱਖ ਵਿਚ ਕਰਵਾਏ ਜਾਣ ਵਾਲੇ ਸਮਾਗਮਾਂ ਦੀ ਅਗਲੀ ਰਣਨੀਤੀ ਬਣਾਉਣ ਲਈ ਪ੍ਰਜੀਡੀਅਮ ਦੀ ਅਹਿਮ ਮੀਟਿੰਗ ਕਨਵੀਨਰ ਗੁਰਪ੍ਰਤਾਪ ਵਡਾਲਾ ਦੀ ਅਗਵਾਈ ਹੇਠ ਚੰਡੀਗੜ ਵਿਖੇ ਹੋਈ। ਇਸ ਸਮੀਖਿਆ ਮੀਟਿੰਗ ਵਿੱਚ ਹਾਜ਼ਰ ਮੈਂਬਰ ਸਾਹਿਬਾਨਾਂ ਨੇ ਇਸ ਗੱਲ ਤੇ ਸੰਤੁਸ਼ਟੀ ਜਾਹਿਰ ਕੀਤੀ ਕਿ ਸ਼੍ਰੋਮਣੀ ਅਕਾਲੀ ਦਲ ਦੀ ਚੜਦੀ ਕਲ੍ਹਾ ਲਈ ਜਿਹੜਾ ਓਹ ਭਵਿੱਖ ਲਈ ਸੰਕਲਪ ਲੈਕੇ ਚੱਲੇ ਹਨ,ਉਸ ਵਿੱਚ ਓਹਨਾ ਨੂੰ ਵਰਕਰਾਂ ਦਾ ਭਰਪੂਰ ਸਾਥ ਮਿਲ ਰਿਹਾ ਹੈ। ਇਸ ਤੋਂ ਇਲਾਵਾ ਪਿਛਲੇ ਦਿਨਾਂ ਵਿੱਚ ਹੋਏ ਸਮਾਗਮਾਂ ਦੀ ਪੜਚੋਲ ਕੀਤੀ ਗਈ ਅਤੇ ਸਮਾਗਮਾਂ ਦੀ ਕਾਮਯਾਬੀ ਲਈ ਜਿੰਮੇਵਾਰੀ ਨਿਭਾਉਣ ਵਾਲੇ ਆਗੂਆਂ ਲਈ ਧਨਵਾਦ ਮਤਾ ਪਾਸ ਕੀਤਾ ਗਿਆ।



ਰਾਹੁਲ ਗਾਂਧੀ ਵਲੋਂ ਅਮਰੀਕਾ ਵਿੱਚ ਦਿੱਤੇ ਬਿਆਨ ਤੇ ਜੱਥੇਦਾਰ ਵਡਾਲਾ ਨੇ ਕਿਹਾ ਕਿ ਰਾਹੁਲ ਗਾਂਧੀ ਨੂੰ ਸਿੱਖਾਂ ਨਾਲ ਹਮਦਰਦੀ ਦਿਖਾਉਣ ਲਈ ਸ਼ੁਰੂਆਤ ਆਪਣੇ ਘਰ ਤੋਂ ਕਰਨੀ ਪਵੇਗੀ।ਜੱਥੇਦਾਰ ਵਡਾਲਾ ਨੇ ਕਿਹਾ ਕਿ ਜੇਕਰ ਰਾਹੁਲ ਗਾਂਧੀ ਵਾਕਿਆ ਹੀ ਸਿੱਖਾਂ ਪ੍ਰਤੀ ਹਮਦਰਦੀ ਰੱਖਦੇ ਹਨ ਤਾਂ ਉਹਨਾਂ ਨੂੰ ਵਿਰੋਧੀ ਧਿਰ ਦੇ ਨੇਤਾ ਹੋਣ ਦੇ ਨਾਤੇ ਸੰਸਦ ਵਿੱਚ ਇੱਕ ਨਿੰਦਾ ਪ੍ਰਸਤਾਵ ਲੈਕੇ ਆਉਣਾ ਚਾਹੀਦਾ ਹੈ। ਜਿਸ ਨਿੰਦਾ ਪ੍ਰਸਤਾਵ ਵਿੱਚ ਸਭ ਤੋਂ ਪਹਿਲਾਂ ਕਾਂਗਰਸ ਪਾਰਟੀ ਦੇ ਨਾਲ ਨਾਲ ਆਪਣੀ ਦਾਦੀ ਇੰਦਰਾ ਗਾਂਧੀ ਦਾ ਨਾਮ ਲਿਖਣਾ ਚਾਹੀਦਾ ਅਤੇ ਫਿਰ ਉਸ ਤੋਂ ਬਾਅਦ ਆਪਣੇ ਪਿਤਾ ਰਾਜੀਵ ਗਾਂਧੀ ਦਾ ਨਾਮ ਲਿਖਣਾ ਚਾਹੀਦਾ ਅਤੇ ਉਸ ਤੋਂ ਬਾਅਦ ਆਪਣੀ ਮਾਤਾ ਸੋਨੀਆ ਗਾਂਧੀ ਦਾ ਵੀ ਨਾਮ ਲਿਖਣਾ ਚਾਹੀਦਾ, ਕਿਉਂਕਿ ਉਸ ਵੇਲੇ ਦੀ ਪ੍ਰਧਾਨ ਮੰਤਰੀ ਦੇ ਰੂਪ ਵਿੱਚ ਇੰਦਰਾ ਗਾਂਧੀ ਨੇ ਦਰਬਾਰ ਸਾਹਿਬ ਤੇ ਹਮਲਾ ਕੀਤਾ। ਇਸ ਤੋਂ ਬਾਅਦ ਰਾਜੀਵ ਗਾਂਧੀ ਨੇ ਦਿੱਲੀ ਦੇ ਵਿੱਚ ਸਿੱਖਾਂ ਦੀ ਨਸਲਕੁਸ਼ੀ ਕਰਵਾਈ। ਇਸ ਤੋਂ ਬਿਨਾਂ ਓਹਨਾ ਦੀ ਮਾਤਾ ਸੋਨੀਆ ਗਾਂਧੀ ਵੱਲੋਂ ਅੱਜ ਤੱਕ ਕਮਲਨਾਥ, ਸੱਜਣ ਕੁਮਾਰ ਤੇ ਜਗਦੀਸ਼ ਟਾਈਟਲਰ ਵਰਗਿਆਂ ਨੂੰ ਵੱਡੇ ਅਹੁਦੇ ਦੇ ਕੇ ਨਿਵਾਜਿਆ।ਇਸ ਨਿੰਦਾ ਪ੍ਰਸਤਾਵ ਤੋਂ ਬਾਅਦ ਸਿੱਖ ਸਮਝਣਗੇ ਕਿ ਗਾਂਧੀ ਪਰਿਵਾਰ ਨੂੰ ਆਪਣੇ ਕੀਤੇ ਦੁਸ਼ਕਰਮ ਦਾ ਅਹਿਸਾਸ ਹੋਇਆ ਹੈ। ਕਿਉਂਕਿ ਕਾਂਗਰਸ ਪਾਰਟੀ ਹੀ ਇੱਕ ਅਜਿਹੀ ਸਿੱਖ ਵਿਰੋਧੀ ਪਾਰਟੀ ਹੈ ਜਿਸ ਨੇ ਸਿੱਖਾਂ ਦੇ ਗੁਰਧਾਮਾ ਨੂੰ। ਢਾਹੁੱਣ ਤੋ ਲੈ ਕੇ ਸਿੱਖਾਂ ਦੇ ਮਾਣ ਸਨਮਾਨ ਨੂੰ ਵੱਡਾ ਨੁਕਸਾਨ ਪਹੁੰਚਾਇਆਂ ਹੈ।ਕੁਰਬਾਨੀਆਂ ਵਾਲੀ ਕੌਮ ਨੂੰ ਕਦੇ ਜਰਾਇਮ ਪੇਸ਼ਾ ਕੌਮ ਤੇ ਕਦੇ ਵੱਖਵਾਦੀ ਗਰਦਾਨਦੇ ਰਹੇ। ਸਿ ਸਭ ਤੋ ਵੱਡਾ ਨੁਕਸਾਨ ਕਾਂਗਰਸ ਪਾਰਟੀ ਤੇ ਗਾਂਧੀ ਪਰਿਵਾਰ ਨੇ ਹੀ ਕੀਤਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਤੋਂ ਇਲਾਵਾ ਅੱਜ ਦੀ ਮੀਟਿੰਗ ਵਿੱਚ ਪੰਥ ਦਾ ਰੌਸ਼ਨ ਦਿਮਾਗ ਜਥੇਦਾਰ ਗੁਰਚਰਨ ਸਿੰਘ ਟੌਹੜਾ ਦੀ ਮਨਾਈ ਜਾਣ ਵਾਲੀ ਜਨਮ ਸ਼ਤਾਬਦੀ ਨੂੰ ਲੈਕੇ ਤਿਆਰੀਆਂ ਅਤੇ ਪ੍ਰੋਗਰਾਮ ਬਾਰੇ ਵਿਸਥਾਰ ਨਾਲ ਵਿਚਾਰ ਵਟਾਂਦਰਾ ਹੋਇਆ। ਇਸ ਮਹੀਨੇ ਦੀ 24 ਤਾਰੀਖ਼ ਨੂੰ ਮਨਾਈ ਜਾ ਰਹੀ ਸ਼ਤਾਬਦੀ ਦੇ ਸੰਬੰਧ ਵਿੱਚ ਫੈਸਲਾ ਕੀਤਾ ਗਿਆ ਕਿ ਇਸ ਸ਼ਤਾਬਦੀ ਸਮਾਗਮ ਲਈ ਪੰਜ ਤਖਤ ਸਾਹਿਬਾਨਾਂ ਦੇ ਜਥੇਦਾਰ ਸਾਹਿਬਾਨਾਂ ਨੂੰ ਵਿਸ਼ੇਸ਼ ਰੂਪ ਵਿੱਚ ਸੱਦਾ ਭੇਜਿਆ ਜਾਵੇਗਾ। ਇਸ ਤੋਂ ਇਲਾਵਾ ਦੇਸ਼ ਦੁਨੀਆਂ ਵਿੱਚ ਬੈਠੀਆਂ ਸਾਰੀਆਂ ਪੰਥਕ ਸ਼ਖਸ਼ੀਅਤਾਂ ਨੂੰ ਸੱਦਾ ਪੱਤਰ ਦੇਣ ਦਾ ਫੈਸਲਾ ਕੀਤਾ ਗਿਆ ।

ਹਾਜਰ ਮੈਂਬਰ ਸਾਹਿਬਾਨ ਨੂੰ ਸੰਬੋਧਨ ਕਰਦਿਆਂ ਜੱਥੇਦਾਰ ਵਡਾਲਾ ਨੇ ਕਿਹਾ ਕਿ ਜਥੇਦਾਰ ਗੁਰਚਰਨ ਸਿੰਘ ਟੌਹੜਾ ਪੰਥ ਦੀ ਮਹਿਨਾਜ ਹਸਤੀ ਸਨ ਜਿਨਾ ਨੇ ਸਮੇਂ ਸਮੇਂ ਪੰਥ ਅਤੇ ਅਕਾਲੀ ਦਲ ਦੀ ਮਜ਼ਬੂਤ ਅਗਵਾਈ ਕੀਤੀ ਅਤੇ ਹਮੇਸ਼ਾ ਸੰਕਟ ਮੋਚਕ ਦੇ ਰੂਪ ਵਿੱਚ ਪਾਰਟੀ ਨੂੰ ਉਭਾਰਿਆ।

ਜਥੇਦਾਰ ਵਡਾਲਾ ਨੇ ਸੰਬੋਧਨ ਕਰਦਿਆਂ ਕਿਹਾ ਕਿ, ਪੰਥ ਰਤਨ ਜਥੇਦਾਰ ਗੁਰਚਰਨ ਸਿੰਘ ਟੌਹੜਾ ਸਾਹਿਬ ਦੀ ਜਨਮ ਸ਼ਤਾਬਦੀ ਤੇ ਸ਼੍ਰੋਮਣੀ ਅਕਾਲੀ ਦਲ ਸੁਧਾਰ ਲਹਿਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੀ ਬਣਤਰ, ਸ਼੍ਰੋਮਣੀ ਅਕਾਲੀ ਦਲ ਦੇ ਸੰਵਿਧਾਨ ਦੇ ਵਿੱਚ ਕੀ ਹੋਣਾ ਚਾਹੀਦਾ ਇਸ ਲਈ ਉਸ ਤੇ ਪਹਿਰਾ ਦੇਣ ਲਈ ਅਤੇ ਪੰਜਾਬ ਦਾ ਕੀ ਏਜੰਡਾ ਹੋਣਾ ਚਾਹੀਦਾ, ਇਸ ਲਈ ਪੰਥਕ ਸਖਸ਼ੀਅਤਾਂ ਦੀ ਅਗਵਾਈ ਹੇਠ ਇਸ ਬਾਰੇ ਜਿੱਥੇ ਸਾਰਥਕ ਸੁਝਾਅ ਦੀ ਆਸ ਕਰਾਂਗੇ ਉੱਥੇ ਹੀ ਇਹਨ ਸੁਝਾਵਾਂ ਅਤੇ ਪੇਸ਼ ਹੋਣ ਵਾਲੇ ਏਜੰਡੇ ਨੂੰ ਲਾਗੂ ਕਿਵੇਂ ਕੀਤਾ ਜਾ ਸਕੇ ਇਸ ਲਈ ਪੰਥ ਦੀ ਕਚਹਿਰੀ ਤੋਂ ਆਗਿਆ ਲੈਕੇ ਅੱਗੇ ਵਧਾਂਗੇ। ਇਸ ਸਮੇਂ ਪ੍ਰਜੀਡੀਅਮ ਦੇ ਮੈਂਬਰ ਸਕੱਤਰ ਤੇ ਮੁੱਖ ਬੁਲਾਰੇ ਚਰਨਜੀਤ ਸਿੰਘ ਬਰਾੜ, ਜਥੇਦਾਰ ਸੁੱਚਾ ਸਿੰਘ ਛੋਟੇਪੁੱਰ, ਜਥੇਦਾਰ ਸੰਤਾ ਸਿੰਘ ਉਮੈਦਪੁੱਰੀ, ਜਥੇਦਾਰ ਸੁਰਿੰਦਰ ਸਿੰਘ ਭੁਲੇਵਾਲਰਾਠਾ, ਬੀਬੀ ਪਰਮਜੀਤ ਕੌਰ ਗੁਲਸ਼ਨ, ਸ:ਗਗਨਜੀਤ ਸਿੰਘ ਬਰਨਾਲਾ, ਸ:ਹਰਿੰਦਰਪਾਲ ਸਿੰਘ ਚੰਦੂਮਾਜਰਾ, ਭਾਈ ਮਨਜੀਤ ਸਿੰਘ, ਬੀਬੀ ਪਰਮਜੀਤ ਕੌਰ ਲਾਡਰਾਂ ਉਤੇ ਸ:ਹਰਿੰਦਰਪਾਲ ਸਿੰਘ ਟੌਹੜਾ ਹਾਜ਼ਰ ਸਨ।

## ਬੁੱਢੇ ਦਰਿਆ ਅਤੇ ਸਤਲੁੱਜ ਦੇ ਪ੍ਰਦੂਸ਼ਣ ਬਾਰੇ ਸੈਮੀਨਾਰ ਵਿੱਚ ਵਿਰੋਧੀ ਧਿਰਾਂ ਵੱਲੋਂ

# ਮੁਖ ਮੰਤਰੀ ਨੂੰ ਮਿਲਣ ਬਾਰੇ ਬਨਾਮ ਸਿੱਧਾ ਲੋਕਾਂ ਵੱਲੋਂ ਪ੍ਰਦੂਸ਼ਿਤ ਪਾਣੀ ਰੋਕੇ ਜਾਣ ਬਾਰੇ ਵਿਚਾਰਾਂ

**ਮੋਗਾ, 15 ਸਤੰਬਰ (ਆਵਾਜਿ ਕੌਮ ਬਿਉਰੋ)**-ਕਾਲੇ ਪਾਣੀ ਦਾ ਮੋਰਚਾ ਵੱਲੋਂ ਕੱਲ੍ਹ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਵਿਖੇ ਪੰਜਾਬ ਵਿੱਚ ਦਰਿਆਵਾਂ ਅਤੇ ਧਰਤੀ ਹੇਠਲੇ ਪਾਣੀ ਦੇ ਪ੍ਰਦੂਸ਼ਣ ਦੇ ਅਤੀਤ, ਵਰਤਮਾਨ ਅਤੇ ਭਵਿੱਖ ਬਾਰੇ ਇੱਕ ਸਰਬ ਪਾਰਟੀ ਮੀਟਿੰਗ ਅਤੇ ਸੈਮੀਨਾਰ ਕਰਵਾਇਆ ਗਿਆ। ਇਸ ਵਿੱਚ 'ਆਪ' ਨੂੰ ਛੱਡ ਕੇ ਪੰਜਾਬ ਦੀਆਂ ਸਾਰੀਆਂ ਪ੍ਰਮੁੱਖ ਸਿਆਸੀ ਪਾਰਟੀਆਂ ਨੇ ਸ਼ਮੂਲੀਅਤ ਕੀਤੀ।ਇਸ ਸਮਾਗਮ ਪਿੱਛੇ ਤਰਕ ਦਿੰਦਿਆਂ ਪ੍ਰਬੰਧਕਾਂ ਵੱਲੋਂ ਜਸਕੀਰਤ ਸਿੰਘ ਨੇ ਦੱਸਿਆ, "ਵਿਧਾਨ ਸਭਾ ਦੇ ਮਾਨਸੂਨ ਇਜਲਾਸ ਵਿਚ ਪੰਜਾਬ ਦੇ ਇਸ ਅਤਿ ਮਹੱਤਵਪੂਰਨ ਮੁੱਦੇ 'ਤੇ ਚਰਚਾ ਦੀ ਤਜਵੀਜ਼

ਆਵਾਜ਼ਿ ਕੌਮ AWAZE QAUM International Newspaper & WEB TV

ਨੂੰ ਸਰਕਾਰ ਵੱਲੋਂ ਰੱਦ ਕਰ ਦਿੱਤਾ ਗਿਆ ਸੀ। ਸਾਰੀਆਂ ਵਿਰੋਧੀ ਧਿਰਾਂ ਨੇ ਆਪਣੇ ਸਿਰਮੌਰ ਆਗੂਆਂ ਨੂੰ ਭੇਜਣਾ ਜ਼ਰੂਰੀ ਸਮਝਿਆ ਪਰ ਵਾਰ-ਵਾਰ ਸੱਦੇ ਦੇ ਬਾਵਜੂਦ 'ਆਪ' ਵੱਲੋਂ ਕੋਈ ਸ਼ਾਮਿਲ ਨਹੀਂ ਹੋਇਆ।ਅਸੀਂ ਤਿੰਨ ਮਹੀਨੇ ਪਹਿਲਾਂ ਐਲਾਨ ਕੀਤਾ ਸੀ ਕਿ ਸਰਕਾਰ 15 ਸਤੰਬਰ ਤੱਕ ਸਤਲੁਜ ਪ੍ਰਦੂਸ਼ਣ ਦੇ ਮੁੱਦੇ 'ਤੇ ਕੁਝ ਗੰਭੀਰ ਕਾਰਵਾਈ ਕਰੇ ਅਤੇ ਜੇ ਨਹੀਂ ਕਰਦੀ ਤਾਂ ਪੰਜਾਬ ਦੇ ਲੋਕਾਂ ਨੂੰ ਪ੍ਰਦੂਸ਼ਣ ਦੀਆਂ ਜ਼ਿਹਰਾਂ ਤੋਂ ਬਚਾਉਣ ਲਈ ਇਹਨਾਂ ਕਾਲੇ ਪਾਣੀਆਂ ਨੂੰ ਬੰਨ੍ਹ ਮਾਰਨਾ ਵਾਜਿਬ ਹੋਵੇਗਾ। ਸਰਕਾਰ ਦੀ ਇਸ ਮਸਲੇ ਤੇ ਕਾਰਗੁਜ਼ਾਰੀ ਬਾਰੇ ਪੱਖ ਰੱਖਣ ਲਈ ਅਸੀਂ ਉਹਨਾਂ ਨੂੰ ਵੀ ਇਹ ਮੌਕਾ ਦਿੱਤਾ ਸੀ ਪਰ ਉਹ ਇਸ ਤੋਂ ਵੀ ਭੱਜ ਗਏ। ਇੰਜ ਲੱਗਦਾ ਹੈ ਕਿ ਸਰਕਾਰ ਪੰਜਾਬ ਦੇ ਲੋਕਾਂ ਦੇ ਇਸ ਮਸਲੇ ਤੇ ਰੋਹ ਦੀ ਪਰਖ ਕਰਨਾ ਚਾਹੁੰਦੀ ਹੈ।

ਕਾਰਵਾਈ ਦੌਰਾਨ, ਕਾਂਗਰਸ ਦੇ ਪਰਗਟ ਸਿੰਘ ਨੇ ਆਪਣੇ ਇਕ ਤਜ਼ਰਬੇ ਬਾਰੇ ਗੱਲ ਕੀਤੀ ਜਦੋਂ ਉਹਨਾਂ ਦੇ ਹਲਕੇ ਵਿੱਚ ਇੱਕ ਵਿਸ਼ਾਲ ਕੂੜਾ ਡੰਪ ਬਣਾਉਣ ਦੀ ਤਜਵੀਜ਼ ਸਰਕਾਰ ਵੱਲੋਂ ਪੇਸ਼ ਕੀਤੀ ਗਈ ਸੀ ਅਤੇ ਜਦੋਂ ਹੋਰ ਸਾਰੇ ਹੀਲੇ ਅਸਫਲ ਰਹੇ ਤਾਂ ਲੋਕਾਂ ਦੇ ਏਕੇ ਦਾ ਦਬਾਅ ਹੀ ਸੀ ਜਿਸ ਨੇ ਆਖਰਕਾਰ ਸਰਕਾਰ ਨੂੰ ਉਸਦਾ ਬਦਲ ਲੱਭਣ ਲਈ ਮਜਬੂਰ ਕੀਤਾ। ਅਕਾਲੀ ਦਲ (ਅੰਮ੍ਰਿਤਸਰ) ਦੇ ਸਿਮਰਨਜੀਤ ਸਿੰਘ ਮਾਨ ਨੇ ਪੰਜਾਬ ਦੇ ਪਾਣੀ ਦੇ ਨਮੂਨਿਆਂ ਵਿੱਚ ਯੂਰੇਨੀਅਮ ਪਾਏ ਜਾਣ ਅਤੇ ਇਸ ਦੀ ਡੂੰਘਾਈ ਨਾਲ ਜਾਂਚ ਦੀ ਲੋੜ ਬਾਰੇ ਗੱਲ ਕੀਤੀ।ਅਕਾਲੀ ਦਲ ਦੇ ਮਨਪ੍ਰੀਤ ਸਿੰਘ ਇਆਲੀ ਜੋ ਕਿ ਬੁੱਢਾ ਦਰਿਆ 'ਤੇ ਵਿਧਾਨ ਸਭਾ ਕਮੇਟੀ ਦੇ ਮੈਂਬਰ ਵੀ ਹਨ, ਨੇ ਦੱਸਿਆ ਕਿ ਕਿਵੇਂ ਕਮੇਟੀ ਸਿਰਫ ਸਿਫਾਰਿਸ਼ਾਂ ਹੀ ਕਰ ਸਕਦੀ ਹੈ ਅਤੇ ਉਸ ਕੋਲ ਉਨ੍ਹਾਂ ਨੂੰ ਲਾਗੂ ਕਰਨ ਦੀ ਕੋਈ ਸ਼ਕਤੀ ਨਹੀਂ ਹੈ। ਬਸਪਾ ਦੇ ਬਲਵਿੰਦਰ ਕੁਮਾਰ ਨੇ ਗੰਦੇ ਪਾਣੀ ਦੀ ਬੋਤਲ ਦਿਖਾਉਂਦੇ ਹੋਏ ਦੱਸਿਆ ਕਿ ਕਿਸ ਤਰ੍ਹਾਂ ਹਮੀਰਾ ਦੇ ਖੇਤਰ ਵਿੱਚ ਧਰਤੀ ਹੇਠਲਾ ਪਾਣੀ ਪ੍ਰਦੂਸ਼ਣ ਫੈਲਾਉਣ ਵਾਲੀ ਇੰਡਸਟਰੀ ਦੀ ਮੌਜੂਦਗੀ ਕਾਰਨ ਦੂਸ਼ਿਤ ਹੋ ਗਿਆ ਹੈ। ਭਾਜਪਾ ਦੇ ਐਸਐਸ ਚੰਨੀ ਅਤੇ ਅਨਿਲ ਸਰੀਨ ਨੇ ਬੁੱਢਾ ਦਰਿਆ ਦੀ ਪੁਨਰ ਸੁਰਜੀਤੀ ਲਈ ਕੇਂਦਰ ਸਰਕਾਰ ਵੱਲੋਂ ਵੱਖ-ਵੱਖ ਸਕੀਮਾਂ ਤਹਿਤ ਅਲਾਟ ਕੀਤੇ ਫੰਡਾਂ ਬਾਰੇ ਦੱਸਿਆ। ਬਲਬੀਰ ਸਿੰਘ ਢੋਲ ਨੇ ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਵੱਲੋਂ










ਰਾਜ ਸਭਾ ਦੇ ਹਾਲ ਹੀ ਵਿੱਚ ਸਮਾਪਤ ਹੋਏ ਸੈਸ਼ਨ ਵਿੱਚ ਬੁੱਢਾ ਦਰਿਆ ਅਤੇ ਸਤਲੁਜ ਦੇ ਪ੍ਰਦੂਸ਼ਣ ਦਾ ਮੁੱਦਾ ਉਠਾਉਣ ਬਾਰੇ ਦੱਸਿਆ।

ਮੋਰਚੇ ਦੇ ਇੱਕ ਹੋਰ ਮੈਂਬਰ ਡਾ: ਅਮਨਦੀਪ ਸਿੰਘ ਬੈਂਸ ਨੇ ਕਿਹਾ, "ਪੰਜਾਬ ਵਿਧਾਨ ਸਭਾ ਦੇ ਪਿਛਲੇ ਇਜਲਾਸ ਵਿੱਚ ਹੋਈ ਚਰਚਾ ਸਿਰਫ਼ ਕਲੋਨਾਈਜ਼ਰ ਮਾਫ਼ੀਆ ਨੂੰ ਰਾਹਤ ਦੇਣ ਅਤੇ ਇਸ ਤਰ੍ਹਾਂ ਦੇ ਕੁਝ ਹੋਰ ਮੁੱਦਿਆਂ ਦੇ ਆਲੇ-ਦੁਆਲੇ ਘੁੰਮਦੀ ਰਹੀ। ਸੂਬੇ ਦੇ ਲੋਕਾਂ ਦਾ ਸਭ ਤੋਂ ਜ਼ਰੂਰੀ ਮੁੱਦਾ ਦਰਿਆਈ ਪ੍ਰਦੂਸ਼ਣ ਜੋ ਪੀਣ ਵਾਲੇ ਪਾਣੀ, ਸਿਹਤ ਅਤੇ



ਜ਼ਿਹਰਾਂ ਨਾਲ ਹੁੰਦੀ ਨਸਲਕੁਸ਼ੀ ਨਾਲ ਜੁੜਿਆ ਹੈ ਬਾਰੇ ਚਰਚਾ ਵੀ ਨਹੀਂ ਕੀਤੀ ਗਈ। ਇਸ ਤੋਂ ਸਰਕਾਰ ਦੀਆਂ ਤਰਜੀਹਾਂ ਬਾਰੇ ਪਤਾ ਲੱਗਦਾ ਹੈ। ਸੈਮੀਨਾਰ ਵਿੱਚ ਵਿਰੋਧੀ ਧਿਰਾਂ ਦੇ ਇੱਕ ਸਾਂਝੇ ਵਫ਼ਦ ਵੱਲੋਂ ਮੁਖ ਮੰਤਰੀ ਨੂੰ ਇਸ ਵਿਸ਼ੇ ਤੇ ਮਿਲਣ ਦੀ ਸੰਭਾਵਨਾ ਬਾਰੇ ਵੀ ਗੱਲ ਹੋਈ। ਹੁਣ ਅਸੀਂ ਇਸ ਜ਼ਿਹਰੀਲੇ ਪ੍ਰਦੂਸ਼ਣ ਨੂੰ ਰੋਕਣ ਲਈ ਸਿੱਧੇ ਤੌਰ 'ਤੇ ਰਾਜ ਦੇ ਲੋਕਾਂ ਤੱਕ ਪਹੁੰਚ ਕਰਾਂਗੇ।

ਮੋਰਚੇ ਦੇ ਲੱਖਾ ਸਿੰਘ ਸਿਧਾਣਾ ਨੇ ਕਿਹਾ ਕਿ ਇਹ ਬਹੁਤ ਹੀ ਮੰਦਭਾਗੀ ਗੱਲ ਹੈ ਕਿ 'ਆਪ' ਨੇ ਸੈਮੀਨਾਰ ਨੂੰ ਪੂਰੀ ਤਰ੍ਹਾਂ ਨਜ਼ਰਅੰਦਾਜ਼ ਕਰਨ ਦਾ ਫੈਸਲਾ ਕੀਤਾ। ਉਨ੍ਹਾਂ ਦੀ ਪਾਰਟੀ ਦੇ ਮੈਂਬਰ ਵਿਰੋਧੀ ਧਿਰ 'ਚ ਹੋਣ ਵੇਲੇ ਇਸ ਮੁੱਦੇ 'ਤੇ ਉਸ ਵੇਲੇ ਦੀਆਂ ਸਰਕਾਰਾਂ ਦਾ ਸਭ ਤੋਂ ਵੱਧ ਵਿਰੋਧ ਕਰਦੇ ਸਨ ਪਰ ਹੁਣ ਉਹ ਆਪ ਹੀ ਇਸ ਤੋਂ ਭੱਜ ਰਹੇ ਹਨ। ਅਜਿਹੇ ਮੁੱਦਿਆਂ ਨੂੰ ਇੰਜ ਟਾਲ ਮਟੋਲ ਨਾਲ ਹੱਲ ਨਹੀਂ ਕੀਤਾ ਜਾ ਸਕਦਾ।

ਬੁੱਢਾ ਦਰੀਆ ਟਾਸਕ ਫੋਰਸ ਅਤੇ ਮੋਰਚੇ ਦੇ ਕਰਨਲ ਜੇ.ਐਸ.ਗਿੱਲ ਨੇ ਕਿਹਾ, "ਇਹ ਉਮੀਦ ਦੀ ਵੱਡੀ ਨਿਸ਼ਾਨੀ ਹੈ ਕਿ ਦੋ ਘੰਟੇ ਲਈ ਰੱਖਿਆ ਸੈਮੀਨਾਰ ਚਾਰ ਘੰਟੇ ਚੱਲਦਾ ਰਿਹਾ ਅਤੇ ਸਰੋਤੇ ਟਿੱਕ ਕੇ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਕਰਦੇ ਰਹੇ ਕਿਉਂਕਿ ਬੁਲਾਰੇ ਅਤੇ ਸਰੋਤੇ ਦੋਵੇਂ ਹੀ ਇਸ ਅਹਿਮ ਮੁੱਦੇ 'ਤੇ ਵਿਸਥਾਰ ਨਾਲ ਚਰਚਾ ਕਰਨਾ ਚਾਹੁੰਦੇ ਸਨ। ਸਰਕਾਰ ਨੂੰ ਵੀ ਇਸ ਵਿੱਚ ਸ਼ਮੂਲੀਅਤ ਕਰਨੀ ਚਾਹੀਦੀ ਸੀ।" ਇਸ ਮੌਕੇ ਮੋਰਚੇ ਦੇ ਆਗੂ ਦਲੇਰ ਸਿੰਘ ਡੋਡ ਅਤੇ ਮਹਿੰਦਰਪਾਲ ਲੂੰਬਾ ਤੋਂ ਇਲਾਵਾ ਪੰਜਾਬ ਭਰ ਤੋਂ ਵਾਤਾਵਰਣ ਕਾਰਕੁਨ ਵੀ ਹਾਜ਼ਰ ਸਨ।

ਅੱਸੂ ਮਹੀਨੇ ਦੀ ਸੰਗਰਾਂਦ ਨੂੰ ਸਮਰਪਿਤ

# ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਵਿਖੇ ਗੁਰਮਤਿ ਸਮਾਗਮ ਕਰਵਾਇਆ ਗਿਆ













ਮਿਤੀ 16 ਦਸੰਬਰ 2024 (ਆਵਾਜਿ ਕੌਮ ਬਿਉਰੋ ਰਿਪੋਰਟ) ਗੁਰਪ੍ਰੀਤ ਸਿੰਘ - ਅੱਜ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮਹਾਂਪੁਰਖਾਂ ਦੇ ਨਗਰ ਵਿਖੇ ਅੱਸੂ ਮਹੀਨੇ ਦੀ ਸੰਗਰਾਂਦ ਨੂੰ ਸਮਰਪਿਤ ਕੀਰਤਨ ਸਮਾਗਮ ਕਰਵਾਇਆ ਗਿਆ। ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਅਰਦਾਸ ਬੇਨਤੀ ਕੀਤੀ ਗਈ ਅਤੇ ਕੀਰਤਨ ਦਰਬਾਰ ਹੋਇਆ। ਗੁਰਦੁਆਰਾ ਸੰਤ ਖਾਲਸਾ ਦੇ ਹਜ਼ੂਰੀ ਰਾਗੀ ਜੱਥੇ ਨੇ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਤੋਂ ਉਪਰੰਤ ਬਾਬਾ ਸੁਖਪ੍ਰੀਤ ਸਿੰਘ ਜੀ ਨੇ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਸਮੂਹ ਜੱਥੇ ਦੇ ਸਿੰਘਾਂ ਅਤੇ ਸੇਵਾਦਾਰਾਂ ਨੇ ਸੇਵਾਵਾਂ ਵਿੱਚ ਯੋਗਦਾਨ ਪਾਇਆ। ਸਮਾਪਤੀ ਉਪਰੰਤ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243




ਧੰਨ ਸ੍ਰੀ ਗੁਰੂ ਰਾਮਦਾਸ ਪਾਤਸ਼ਾਹ ਜੀ ਦੇ ਗੁਰਤਾਗੱਦੀ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਪਾਤਸ਼ਾਹ ਜੀ ਦੇ ਜੋਤੀ ਜੋਤ 450 ਸਾਲਾਂ ਸ਼ਤਾਬਦੀ ਸਮਾਰੋਹ ਮੌਕੇ ਪਾਵਨ ਧਰਤ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਚੱਲ ਰਹੇ ਨੈਸ਼ਨਲ ਗੱਤਕਾ ਮੁਕਾਬਲਿਆਂ ਵਿਚ ਸਮਸ਼ੇਰ ਸਿੰਘ ਜੇਠੂਵਾਲ ਦੀ ਬੇਟੀ ਬਿਸਮਨਪ੍ਰੀਤ ਕੌਰ ਨੇ ਦੂਸਰਾ ਸਥਾਨ ਹਾਸਲ ਕਰਕੇ ਆਪਣੇ ਸਕੂਲ ਅਤੇ ਅੰਮ੍ਰਿਤਸਰ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ। ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਭਿੰਡਰਾਂਵਾਲੇ ਮਹਾਂਪੁਰਸ਼ਾਂ ਵਲੋਂ ਖਾਲਸਾਈ ਖੇਡ ਗੱਤਕੇ ਚੋਂ ਦੂਸਰੇ ਸਥਾਨ ਦੀ ਟ੍ਰਾਫੀ ਜਿੱਤਣ ਤੇ ਬੱਚੀ ਨੂੰ ਮੁਬਾਰਕਾਂ ਅਸੀਸਾਂ। (ਫੋਟੋਆਂ ਤੇ ਵੇਰਵਾ : ਆਵਾਜ਼ਿ ਕੌਮ ਬਿਊਰੋ)

# ਗੁਰਦੁਆਰਾ ਸ਼ਹੀਦਾਂ ਜੱਸੋਵਾਲ ਵਿਖੇ 28ਵੇਂ ਗੁਰਮਤਿ ਸਮਾਗਮ ਦੀਆਂ ਤਿਆਰੀਆਂ ਜ਼ੋਰਾਂ 'ਤੇ : ਸੰਤ ਜੱਸੋਵਾਲ

**ਜਲੰਧਰ • ਆਵਾਜ਼ਿ ਕੌਮ ਬਿਊਰੋ**

ਬੱਬਰਾਂ ਦੇ ਹਾਈਕੋਰਟ ਵਜੋਂ ਜਾਣੇ ਜਾਂਦੇ ਪਿੰਡ ਜੱਸੋਵਾਲ (ਬੀਹੜਾਂ) ਦੇ ਗੁਰਦੁਆਰਾ ਸ਼ਹੀਦਾਂ ਵਿਖੇ 22 ਅਕਤੂਬਰ ਤੋਂ 3 ਨਵੰਬਰ ਤੱਕ ਕਰਵਾਏ ਜਾ ਰਹੇ 28ਵੇਂ ਗੁਰਮਤਿ ਸਮਾਗਮ ਦੀਆਂ ਤਿਆਰੀਆਂ ਪੂਰੀ ਸ਼ਰਧਾ ਅਤੇ ਜੋਰ ਸ਼ੋਰ ਨਾਲ ਆਰੰਭ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸ਼ਹੀਦਾਂ ਦੇ ਮੁੱਖ ਪ੍ਰਬੰਧਕ ਸੰਤ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂਵਾਲੇ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ ਅਤੇ ਪ੍ਰਧਾਨ ਸੰਤ ਸਮਾਜ ਭਾਈ ਲਾਲੋ, ਨੇ ਦੱਸਿਆ ਕਿ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਨ ਨੂੰ ਸਮਰਪਿਤ ਇਸ ਸਾਲਾਨਾ ਸਮਾਗਮ ਸਬੰਧੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠਾਂ ਦੀ ਲੜੀ ਸਮੇਤ ਜਪੁਜੀ ਸਾਹਿਬ ਦੇ ਪਾਠ 22 ਅਕਤੂਬਰ ਦਿਨ ਮੰਗਲਵਾਰ ਤੋਂ ਆਰੰਭ ਹੋਵੇਗੀ। 3 ਨਵੰਬਰ ਦਿਨ ਐਤਵਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ ਉਪਰੰਤ ਸਵੇਰੇ 10 ਵਜੇ ਤੋਂ ਸ਼ਾਮ 4 ਵਜੇ ਤੱਕ ਗੁਰਮਤਿ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਮੈਂਬਰ ਸ਼੍ਰੋਮਣੀ ਕਮੇਟੀ, ਕਿਸਾਨ ਆਗੂ, ਸਿਆਸੀ ਆਗੂ, ਇੰਟਰਨੈਸ਼ਨਲ ਪੰਥਕ ਦਲ ਦੇ ਵੱਖ-ਵੱਖ ਦੇਸ਼ਾਂ ਅਤੇ ਭਾਰਤ ਦੇ ਸਮੂਹ ਅਹੁਦੇਦਾਰ, ਰਾਗੀ, ਢਾਡੀ ਅਤੇ ਪ੍ਰਚਾਰਕ ਪਹੁੰਚਣਗੇ। ਸਮਾਗਮ ਦੌਰਾਨ 13 ਦਿਨ ਲਗਾਤਾਰ ਚਾਹ-ਪਕੌੜੇ ਅਤੇ ਗੁਰੂ ਕੇ ਲੰਗਰ ਅਤੁੱਟ ਵਰਤਣਗੇ। ਉਨ੍ਹਾਂ ਇਹ ਵੀ ਦੱਸਿਆ ਕਿ 3 ਨਵੰਬਰ ਦੇ ਮੁੱਖ ਸਮਾਗਮ ਦਾ ਅੱਜ ਦੀ ਆਵਾਜ਼, ਵੈੱਬ ਟੀ.ਵੀ., ਆਵਾਜ਼ੇ ਕੌਮ ਵੈਬ ਟੀ.ਵੀ. ਅਤੇ ਹੋਰ ਵੱਖ-ਵੱਖ ਚੈਨਲਾਂ ਉੱਪਰ ਸਿੱਧਾ ਪ੍ਰਸਾਰਣ ਵੀ ਕੀਤਾ ਜਾਵੇਗਾ। ਸੰਤ ਬਾਬਾ ਚਰਨਜੀਤ ਸਿੰਘ ਜਸੋਵਾਲ ਨੇ ਇਲਾਕਾ ਨਿਵਾਸੀਆਂ ਅਤੇ ਦੇਸ਼ ਵਿਦੇਸ਼ ਦੀ ਸੰਗਤ ਨੂੰ ਵੱਧ ਤੋਂ ਵੱਧ ਇਸ ਸਮਾਗਮ ਵਿੱਚ ਪਹੁੰਚਣ ਦੀ ਅਪੀਲ ਕੀਤੀ ਹੈ। ਇਸ ਦੌਰਾਨ ਉਨ੍ਹਾਂ ਨੇ ਸੰਗਤ ਨੂੰ ਇਹ ਵੀ ਜਾਣਕਾਰੀ ਦਿੱਤੀ ਹੈ ਕਿ ਗੁਰਦੁਆਰਾ ਸ਼ਹੀਦਾਂ ਜੱਸੋਵਾਲ ਦੀ ਕਾਰ ਸੇਵਾ ਜੋ ਪਿਛਲੇ ਤਿੰਨ ਚਾਰ ਸਾਲ ਤੋਂ ਚੱਲ ਰਹੀ ਹੈ, ਹੁਣ ਮੁਕੰਮਲ ਹੋਣ ਦੇ ਨੇੜੇ ਹੈ। ਉਨ੍ਹਾਂ ਦੇਸ਼ ਵਿਦੇਸ਼ ਦੀ ਸੰਗਤ ਨੂੰ ਇਸ ਚੱਲ ਰਹੀ ਕਾਰ ਸੇਵਾ ਵਿੱਚ ਵੱਧ ਤੋਂ ਵੱਧ ਹਿੱਸਾ ਪਾਉਣ ਦੀ ਵੀ ਅਪੀਲ ਕੀਤੀ ਹੈ।



» ਬੱਬਰਾਂ ਦੇ ਹਾਈਕੋਰਟ ਵਜੋਂ ਜਾਣੇ ਜਾਂਦੇ ਗੁਰਦੁਆਰਾ ਸ਼ਹੀਦਾਂ ਦੀ ਕਾਰ ਸੇਵਾ ਜ਼ੋਰਾਂ 'ਤੇ, ਸੰਗਤਾਂ ਨੂੰ ਵੱਧ ਤੋਂ ਵੱਧ ਸਹਿਯੋਗ ਦੀ ਅਪੀਲ

## ਦਿ ਡਿਸਟ੍ਰਿਕ ਪ੍ਰੈਸ ਕਲੱਬ ਫਿਰੋਜ਼ਪੁਰ ਦੇ ਸਾਥੀਆਂ ਵਲੋ ਡੀ ਸੀ ਫਿਰੋਜ਼ਪੁਰ ਦਾ ਆਹੁਦਾ ਸੰਭਾਲਣ ਤੇ ਮੈਡਮ ਦੀਪਸ਼ਿਖਾ ਸ਼ਰਮਾਂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਜੀ ਆਇਆ ਕਿਹਾ



ਫਿਰੋਜ਼ਪੁਰ 16 ਸਤੰਬਰ ( ਸੁਖਮੰਦਰ ਸਿੰਘ ਸ਼ਾਤ) ਪਿਛਲੇ ਦਿਨੀ ਪੰਜਾਬ ਸਰਕਾਰ ਵਲੋਂ ਆਈ ਪੀ ਐਸ ਤੇ ਆਈ ਏ ਐਸ ਅਧਿਕਾਰੀਆਂ ਦੀਆਂ ਤੈਨਾਤੀਆਂ/ਬਦਲੀਆਂ ਕੀਤੀਆਂ ਗਈਆਂ ਹਨ। ਜਿਸ ਤਹਿਤ ਜਿਲਾ ਫਿਰੋਜ਼ਪੁਰ ਚ ਮੈਡਮ ਦੀਪ ਸ਼ਿਖਾ ਸ਼ਰਮਾਂ ਨੂੰ ਬਤੌਰ ਡਿਪਟੀ ਕਮਿਸ਼ਨਰ ਫਿਰੋਜ਼ਪੁਰ ਲਗਾਇਆ ਗਿਆ। ਜਿੰਨਾਂ ਨੇ ਬੀਤੇ ਸ਼ੁਕਰਵਾਰ ਨੂੰ ਆਪਣਾ ਆਹੁਦਾ ਸੰਭਾਲ ਲਿਆ ਹੈ।ਅੱਜ ਦਿ ਡਿਸਟ੍ਰਿਕ ਪ੍ਰੈਸ ਕਲੱਬ ਫਿਰੋਜ਼ਪੁਰ ਦੇ ਸਮੂਹ ਟੀਮ ਵਲੋ ਉਹਨਾਂ ਦੇ ਸਵਾਗਤ ਲਈ ਉਹਨਾਂ ਦੇ ਦਫਤਰ ਚ ਜਾ ਕੇ ਫੁੱਲਾਂ ਦਾ ਗੁਲਦਸਤਾ ਭੇਟ ਕੀਤਾ ਤੇ ਉਹਨਾਂ ਨੂੰ ਜੀ ਆਇਆ ਕਿਹਾ। ਇਸ ਮੋਕੇ ਤੇ ਸਮੂਹ ਟੀਮ ਵਲੋ ਉਹਨ ਨੂੰ ਪੂਰਾ ਵਿਸ਼ਵਾਸ ਦਿਵਾਇਆ ਕਿ ਉਹ ਸਮੇ ਸਮੇ ਤੇ ਪ੍ਰਸ਼ਾਸ਼ਨ ਨੂੰ ਸਹਿਯੋਗ ਦਿੰਦੇ ਰਹਿਣਗੇ ਤੇ ਮੈਡਮ ਡਿਪਟੀ ਕਮਿਸ਼ਨਰ ਹੁਰਾਂ ਵਲੋ ਵੀ ਸਮੂਹ ਟੀਮ ਨੂੰ ਪੂਰਾ ਵਿਸ਼ਵਾਸ ਦਿਵਾਇਆ ਗਿਆ ਕੇ ਉਹ ਸਮੇ ਸਮੇ ਤੇ ਮੀਡੀਆ ਕਰਮੀਆਂ ਦਾ ਸਹਿਯੋਗ ਲੈ ਕੇ ਸਮੇ ਸਮੇ ਤੇ ਲੋਕ ਭਲਾਈ ਦੇ ਕੰਮਾਂ ਚ ਜੁਟੇ ਰਹਿਣਗੇ। ਇਸ ਮੋਕੇ ਤੇ ਦਿ ਡਿਸਟ੍ਰਿਕ ਪ੍ਰੈਸ ਕਲੱਬ ਫਿਰੋਜ਼ਪੁਰ ਦੇ ਪ੍ਰਧਾਨ ਅਸ਼ੋਕ ਭਾਰਦਵਾਜ,ਚੇਅਰਮੈਨ ਸ਼ੁਭਾਸ ਆਨੰਦ,ਵਾਇਸ ਪ੍ਰਧਾਨ ਅਰੁਣ ਮਹਿਰਾ,ਜਰਨਲ ਸਕੱਤਰ ਪਰੇਸ਼ ਕੁਮਾਰ (ਡਿੰਪੀ),ਐਡਵਾਇਜ਼ਰ ਰਾਜ ਕੁਮਾਰ,ਖਜਾਨਚੀ ਸ਼ਿਵਮ ਸੇਠੀ,ਮੀਡੀਆ ਸਲਾਹਕਾਰ ਗੁਰਪ੍ਰੀਤ ਸਿੰਘ ਗੋਰਾ, ਪੱਤਰਕਾਰ ਅਨਮੋਲ ਰਤਨ,ਪੱਤਰਕਾਰ ਦਰਸ਼ਨ ਸਿੰਘ, ਪੱਤਰਕਾਰ ਸੁਖਮੰਦਰ ਸਿੰਘ ਸ਼ਾਂਤ,ਪੱਤਰਕਾਰ ਹਨੀ ਘਾਰੂ,ਪੱਤਰਕਾਰ ਅਜੇ ਸ਼ਰਮਾਂ,ਪੱਤਰਕਾਰ ਕੋਸ਼ਲ ਗਾਂਧੀ,ਪੱਤਰਕਾਰ ਪ੍ਰਗਟ ਸਿੰਘ ਆਦਿ ਹਾਜਿਰ ਰਹੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243